PAIGAM-E-JAGAT

# ਪੈਗ਼ਾਮ-ਏ-ਜਗਤ

ਦੋਸਤੀ ਸ਼ੁੱਧ ਪਿਆਰ ਹੈ। ਇਹ ਪਿਆਰ ਦਾ ਸਭ ਤੋਂ ਉੱਚਾ ਰੂਪ ਹੈ, ਜਿੱਥੇ ਕੁਝ ਨਹੀਂ ਮੰਗਿਆ ਜਾਂਦਾ, ਕੋਈ ਸ਼ਰਤਾਂ ਨਹੀਂ ਹੁੰਦੀਆਂ।

-ਓਸ਼ੋ ਰਜਨੀਸ਼

Title code : CHAMUL00914 | E-mail : Info@paigamejagat.com | ਬੁੱਧਵਾਰ, 28 ਅਕਤੂਬਰ 2026, ਸਾਲ-4, ਅੰਕ-12, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਪੰਜਾਬ ਵੱਲੋਂ ਪਹਿਲੀ ਵਾਰ ਏਸ਼ੀਆਈ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ

## ਪੰਜਾਬ ਦੇ ਹਾਕੀ ਖਿਡਾਰੀਆਂ ਦਾ ਆਪਣੀ ਧਰਤੀ 'ਤੇ ਖੇਡਣ ਦਾ ਵਰ੍ਹਿਆਂ ਪੁਰਾਣਾ ਸੁਪਨਾ ਸਾਕਾਰ ਹੋਇਆ: ਸੀ.ਐਮ. ਮਾਨ

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟੂਰਨਾਮੈਂਟ ਦਾ ਕੀਤਾ ਉਦਘਾਟਨ

- ਲੀਗ ਦੇ ਸਾਰੇ ਮੈਚ ਜਲੰਧਰ ਵਿਚ ਹੋਣਗੇ, ਜਦਕਿ ਸੈਮੀਫਾਈਨਲ ਅਤੇ ਫਾਈਨਲ ਮੋਹਾਲੀ ਵਿਚ ਖੇਡੇ ਜਾਣਗੇ
- ਹਾਕੀ ਵਿਸ਼ਵ ਕੱਪ-2030 ਦੀ ਮੇਜਬਾਨੀ ਲਈ ਪੰਜਾਬ ਪੂਰੀ ਤਰ੍ਹਾਂ ਤਿਆਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਜਲੰਧਰ; 27 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਨੇ ਅੱਜ ਪਹਿਲੀ ਵਾਰ 'ਏਸੀਅਨ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਦਿਆਂ ਆਪਣੀ ਮਹਾਨ ਖੇਡ ਵਿਰਾਸਤ ਵਿੱਚ ਇਕ ਹੋਰ ਇਤਿਹਾਸਕ ਅਧਿਆਇ ਜੋੜ ਦਿੱਤਾ ਹੈ। ਇਸ ਚੈਂਪੀਅਨਸ਼ਿਪ ਦਾ ਉਦਘਾਟਨ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਦੇ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿਖੇ ਕੀਤਾ। ਇਸ ਮੇਜ਼ਬਾਨੀ ਨਾਲ ਪੰਜਾਬ ਦੇ ਹਾਕੀ ਖਿਡਾਰੀਆਂ ਦਾ ਆਪਣੀ ਧਰਤੀ 'ਤੇ ਖੇਡਣ ਦਾ ਵਰਿ ਆਂ ਪੁਰਾਣਾ ਸੁਪਨਾ ਸਾਕਾਰ ਹੋ ਗਿਆ ਹੈ। ਛੇ ਦੇਸਾਂ ਦੀਆਂ ਟੀਮਾਂ ਦਾ ਸਵਾਗਤ ਅਤੇ ਉਨ੍ਹਾਂ ਦੇ ਕਪਤਾਨਾਂ ਨੂੰ ਸਨਮਾਨਿਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿਸਵ ਹਾਕੀ ਮੰਚ 'ਤੇ ਆਪਣਾ ਪੁਰਾਣਾ ਰੁਤਬਾ ਮੁੜ ਹਾਸਲ ਕਰਨ ਲਈ ਪੂਰੀ ਤਰ ਾਂ ਤਿਆਰ ਹੈ। ਇਸ ਟੂਰਨਾਮੈਂਟ ਦੌਰਾਨ ਸਾਰੇ ਲੀਗ ਮੈਚ ਜਲੰਧਰ ਵਿੱਚ ਖੇਡੇ ਜਾਣਗੇ, ਜਦਕਿ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਮੋਹਾਲੀ ਵਿੱਚ ਹੋਣਗੇ। ਇਸ ਦੇ ਨਾਲ ਹੀ, ਪੰਜਾਬ ਸਾਲ 2030 ਦੇ ਹਾਕੀ ਵਿਸਵ ਕੱਪ ਦੀ ਮੇਜਬਾਨੀ ਕਰਨ ਲਈ ਵੀ ਤਿਆਰੀਆਂ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਬੰਗਲਾਦੇਸ, ਚੀਨ, ਜਾਪਾਨ, ਕੋਰੀਆ ਅਤੇ ਮਲੇਸੀਆ ਤੋਂ ਆਈਆਂ ਟੀਮਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੇ ਓਲੰਪੀਅਨਾਂ, ਸਾਬਕਾ ਖਿਡਾਰੀਆਂ, 'ਹਾਕੀ ਇੰਡੀਆ' ਅਤੇ 'ਅੰਤਰਰਾਸਟਰੀ ਹਾਕੀ ਫੈਡਰੇਸਨ' ਦੇ ਨੁਮਾਇੰਦਿਆਂ, ਖੇਡ ਪ੍ਰੇਮੀਆਂ ਅਤੇ ਹੋਰ ਪਤਵੰਤਿਆਂ ਦਾ ਵੀ ਸਵਾਗਤ ਕੀਤਾ

ਜਲੰਧਰ ਦੇ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿਖੇ 'ਹੀਰੋ ਏਸੀਅਨ ਚੈਂਪੀਅਨਜ ਟਰਾਫੀ ਪੰਜਾਬ/2026' ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਵੱਕਾਰੀ ਟੂਰਨਾਮੈਂਟ ਦੀ ਪਹਿਲੀ ਵਾਰ ਮੇਜਬਾਨੀ ਕਰਨਾ ਪੰਜਾਬ ਲਈ ਇਤਿਹਾਸਕ ਪਲ ਹੈ ਅਤੇ ਭਾਰਤੀ ਹਾਕੀ ਵਿੱਚ ਪੰਜਾਬ ਦੇ ਬੇਮਿਸਾਲ ਯੋਗਦਾਨ ਪ੍ਰਤੀ ਮਾਣਮੱਤੀ ਪ੍ਰਾਪਤੀ ਹੈ। ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਖੇਡਾਂ ਦੀ ਸਾਨ ਨੂੰ ਮੁੜ ਬਹਾਲ ਕਰਨ ਅਤੇ ਚੈਂਪੀਅਨਾਂ ਦੀ ਨਵੀਂ ਪੀੜ੍ਹੀ ਤਿਆਰ ਕਰਨ ਲਈ ਸੂਬੇ ਦੇ ਖੇਡ ਢਾਂਚੇ ਨੂੰ ਮਜਬੂਤ ਕੀਤਾ ਜਾ ਰਿਹਾ ਹੈ, ਜਮੀਨੀ ਪੱਧਰ 'ਤੇ ਖੇਡਾਂ ਵਿੱਚ ਹਿੱਸਾ ਲੈਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਵਿਸੇਸ ਸਿਖਲਾਈ ਪ੍ਰਦਾਨ ਕੀਤੀ ਜਾ ਰਹੀ ਹੈ।" ਮੁੱਖ ਮੰਤਰੀ ਨੇ ਕਿਹਾ, "ਪੰਜਾਬ ਅਤੇ ਹਾਕੀ ਦਾ ਇੱਕ ਅਟੁੱਟ ਰਿਸਤਾ ਹੈ। ਭਾਰਤੀ ਹਾਕੀ ਵਿੱਚ ਸੂਬੇ ਦਾ ਯੋਗਦਾਨ ਸਿਰਫ ਖੇਡਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਇੱਕ ਅਜਿਹੀ ਵਿਰਾਸਤ ਹੈ ਜੋ ਜਜ਼ਬੇ, ਕੁਰਬਾਨੀ, ਅਨੁਸਾਸਨ ਅਤੇ ਦ੍ਰਿੜ ਖੇਡ ਭਾਵਨਾ 'ਤੇ ਉਸਾਰੀ ਗਈ ਹੈ।" ਉਨ੍ਹਾਂ ਕਿਹਾ, "ਪੰਜਾਬੀ ਖਿਡਾਰੀਆਂ ਦੇ ਵੱਡਮੁੱਲੇ ਯੋਗਦਾਨ ਤੋਂ ਬਿਨਾਂ ਭਾਰਤੀ ਹਾਕੀ ਦੇ ਇਤਿਹਾਸ ਦੀ ਕਲਪਨਾ ਕਰਨਾ ਵੀ ਮੁਸਕਲ ਹੈ। ਪੰਜਾਬ ਨੂੰ ਆਪਣੀ ਉਪਜਾਊ ਧਰਤੀ, ਮਿਹਨਤਕਸ਼ ਕਿਸਾਨਾਂ ਅਤੇ ਦੇਸ ਦੀ ਖੁਰਾਕ ਸੁਰੱਖਿਆ ਵਿੱਚ ਪਾਏ ਯੋਗਦਾਨ ਲਈ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਹੈ। ਇਸ ਯੋਗਦਾਨ ਦੇ ਨਾਲ-ਨਾਲ ਪੰਜਾਬ ਦੀ ਧਰਤੀ ਨੇ ਅਜਿਹੇ ਓਲੰਪੀਅਨ, ਵਿਸਵ ਚੈਂਪੀਅਨ ਅਤੇ ਖੇਡ ਨਾਇਕ ਪੈਦਾ ਕੀਤੇ ਹਨ, ਜਿਨ੍ਹਾਂ ਨੇ ਦੁਨੀਆ ਭਰ ਵਿੱਚ ਤਿਰੰਗੇ ਦਾ ਮਾਣ ਵਧਾਇਆ ਹੈ।"

ਉਨ੍ਹਾਂ ਅੱਗੇ ਕਿਹਾ,"ਹਾਕੀ ਪੰਜਾਬ ਦੇ ਖੂਨ ਵਿੱਚ ਸਮੋਈ ਹੋਈ ਹੈ ਅਤੇ ਸਾਡੀ ਹਰ ਪੀੜ੍ਹੀ ਦੇ ਖਿਡਾਰੀਆਂ ਨੇ ਇਸ ਵਿਰਾਸਤ ਨੂੰ ਪੂਰੇ ਮਾਣ ਨਾਲ ਅੱਗੇ ਵਧਾਇਆ ਹੈ।" ਭਾਰਤੀ ਹਾਕੀ ਵਿੱਚ ਪੰਜਾਬ ਦੇ ਸਾਨਦਾਰ ਯੋਗਦਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਨੇ 1928 ਦੀਆਂ ਐਮਸਟਰਡਮ ਓਲੰਪਿਕ ਤੋਂ ਲੈ ਕੇ 2024 ਦੀਆਂ ਪੈਰਿਸ ਓਲੰਪਿਕ ਤੱਕ, 77 ਹਾਕੀ ਓਲੰਪੀਅਨ ਦੇਸ਼ ਨੂੰ ਦਿੱਤੇ ਹਨ, ਜਿਨ੍ਹਾਂ ਵਿੱਚੋਂ ਸੂਬੇ ਦੇ 48 ਖਿਡਾਰੀਆਂ ਨੇ ਓਲੰਪਿਕ ਤਗਮੇ ਜਿੱਤੇ ਹਨ। ਪੰਜਾਬੀ ਖਿਡਾਰੀਆਂ ਨੇ 10 ਮੌਕਿਆਂ 'ਤੇ ਓਲੰਪਿਕ ਵਿੱਚ ਭਾਰਤੀ ਹਾਕੀ ਟੀਮ ਦੀ ਕਪਤਾਨੀ ਵੀ ਕੀਤੀ ਹੈ, ਜੋ ਖੇਡ ਖੇਤਰ ਵਿੱਚ ਪੰਜਾਬ ਦੀ ਨਿਰੰਤਰ ਅਗਵਾਈ ਨੂੰ ਦਰਸਾਉਂਦੀ ਹੈ।"

ਮਹਾਨ ਹਾਕੀ ਖਿਡਾਰੀਆਂ ਪ੍ਰਤੀ ਸਤਿਕਾਰ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਲਬੀਰ ਸਿੰਘ ਸੀਨੀਅਰ, ਊਧਮ ਸਿੰਘ, ਪ੍ਰਿਥੀਪਾਲ ਸਿੰਘ, ਅਜੀਤ ਪਾਲ ਸਿੰਘ, ਸੁਰਜੀਤ ਸਿੰਘ ਅਤੇ ਪਰਗਟ ਸਿੰਘ ਦੇ (ਬਾਕੀ ਸਫ਼ਾ 2 'ਤੇ)

## ਪੰਜਾਬ ਆਪਣੇ ਹਿੱਸੇ ਦੇ ਪਾਣੀ ਦੀ ਇੱਕ ਬੂੰਦ ਵੀ ਨਹੀਂ ਦੇਵੇਗਾ : ਸੀ.ਐਮ. ਮਾਨ

### ਵਿਧਾਨ ਸਭਾ ਵੱਲੋਂ ਮਤਾ ਪਾਸ ; ਪੰਜਾਬ ਆਪਣੇ ਪਾਣੀ ਦੇ ਹੱਕਾਂ ਲਈ ਅਦਾਲਤਾਂ ਤੋਂ ਲੈ ਕੇ ਸੜਕਾਂ ਤੱਕ ਸੰਘਰਸ਼ ਲਈ ਤਿਆਰ ਹੈ: ਭਗਵੰਤ ਮਾਨ

- ਰਾਜਸਥਾਨ ਪੰਜਾਬ ਦਾ ਪਾਣੀ ਮੁਫਤ ਲੈ ਕੇ ਅਤੇ ਇਸ ਨੂੰ ਉਦਯੋਗਾਂ ਨੂੰ ਵੇਚ ਕੇ ਪੈਸਾ ਕਮਾ ਰਿਹੈ
- ਰਾਜਸਥਾਨ ਵੱਲ ਪੰਜਾਬ ਦੀ ਰਾਇਲਟੀ ਦੇ 1.43 ਲੱਖ ਕਰੋੜ ਰੁਪਏ ਬਕਾਇਆ: ਮੁੱਖ ਮੰਤਰੀ ਮਾਨ



ਚੰਡੀਗੜ੍ਹ, 27 ਅਕਤੂਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਦਰਿਆਈ ਪਾਣੀਆਂ ਦੇ ਮਾਮਲੇ 'ਤੇ ਸਪੱਸਟ ਰੁਖ ਅਪਣਾਉਂਦਿਆਂ ਐਲਾਨ ਕੀਤਾ ਕਿ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਇੱਕ ਬੂੰਦ ਵੀ ਕਿਸੇ ਹੋਰ ਸੂਬੇ ਨੂੰ ਨਹੀਂ ਦਿੱਤੀ ਜਾਵੇਗੀ। ਇਸ ਸਬੰਧੀ ਵਿਧਾਨ ਸਭਾ ਵੱਲੋਂ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਸੂਬੇ ਦੇ ਅਧਿਕਾਰਾਂ ਦੀ ਨਿਸਾਨਦੇਹੀ ਕੀਤੀ ਗਈ। ਅਦਾਲਤਾਂ ਤੋਂ ਲੈ ਕੇ ਸੜਕਾਂ ਤੱਕ ਲੜਾਈ ਲੜਨ ਦਾ ਅਹਿਦ ਲੈਂਦਿਆਂ ਉਨ੍ਹਾਂ ਸਵਾਲ ਕੀਤਾ ਕਿ ਰਾਜਸਥਾਨ ਬਿਨਾਂ ਕੋਈ ਭੁਗਤਾਨ ਕੀਤੇ ਪੰਜਾਬ ਦੇ ਪਾਣੀ ਦੀ ਵਰਤੋਂ ਕਿਵੇਂ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰਾਜਸਥਾਨ ਵੱਲ ਰਾਇਲਟੀ ਵਜੋਂ 1.43 ਲੱਖ ਕਰੋੜ ਰੁਪਏ ਬਕਾਇਆ ਹਨ। ਉਨ੍ਹਾਂ ਕਿਹਾ ਕਿ ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀ ਵਿੱਚ ਰਾਜਸਥਾਨ ਅਤੇ ਹਰਿਆਣਾ ਦਾ ਕੋਈ ਹਿੱਸਾ ਨਹੀਂ ਬਣਦਾ।

ਮੁੱਖ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੇ ਸਿੰਜਾਈ ਢਾਂਚੇ ਨੂੰ ਮਜਬੂਤ ਕਰ ਰਹੀ ਹੈ। ਪਿਛਲੇ ਚਾਰ ਸਾਲਾਂ ਵਿੱਚ ਨਹਿਰੀ ਪਾਣੀ ਦੀ ਪਹੁੰਚ ਨੂੰ ਖੇਤਾਂ ਦੇ 22 ਫੀਸਦੀ ਤੋਂ ਵਧਾ ਕੇ 80 ਫੀਸਦੀ ਤੱਕ ਕੀਤਾ ਗਿਆ ਹੈ ਅਤੇ 14,000 ਕਿਲੋਮੀਟਰ ਲੰਬੀਆਂ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ।

ਪੰਜਾਬ ਵਿਧਾਨ ਸਭਾ ਸੈਸਨ ਦੇ ਆਖਰੀ ਦਿਨ ਦਰਿਆਈ ਪਾਣੀਆਂ ਅਤੇ ਹੋਰ ਅਹਿਮ ਮੁੱਦਿਆਂ ਬਾਰੇ ਮਤਿਆਂ 'ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਹੁਣ ਆਪਣੇ ਕੀਮਤੀ ਜਲ ਸਰੋਤਾਂ ਦੀ ਵੰਡ ਵਿੱਚ ਹੋ ਰਹੀ ਬੇਇਨਸਾਫੀ ਨੂੰ ਬਰਦਾਸਤ ਨਹੀਂ ਕਰੇਗਾ। ਉਨ੍ਹਾਂ ਕਿਹਾ, "ਪਾਣੀ ਸੂਬਾਈ ਵਿਸਾ ਹੈ ਅਤੇ ਹੈੱਡਵਰਕਸ ਦਾ ਕੰਟਰੋਲ ਸੂਬਿਆਂ ਕੋਲ ਹੁੰਦਾ ਹੈ। ਪੰਜਾਬ ਆਪਣੇ ਪਾਣੀਆਂ ਦੀ ਰਾਖੀ ਲਈ ਪੂਰੀ ਤਾਕਤ ਨਾਲ ਆਵਾਜ ਉਠਾਏਗਾ ਅਤੇ ਸੂਬੇ ਦੇ ਹਿੱਤਾਂ ਦਾ ਘਾਣ ਨਹੀਂ ਹੋਣ ਦੇਵੇਗਾ।"

ਰਾਵੀ-ਬਿਆਸ ਦੇ ਪਾਣੀਆਂ 'ਤੇ ਹਰਿਆਣਾ ਦੇ ਦਾਅਵੇ 'ਤੇ ਸਵਾਲ ਚੁੱਕਦਿਆਂ ਮੁੱਖ ਮੰਤਰੀ ਨੇ ਕਿਹਾ, "ਹਰਿਆਣਾ ਵੱਲੋਂ ਰਾਵੀ-ਬਿਆਸ ਦੇ ਪਾਣੀਆਂ 'ਤੇ ਆਪਣਾ ਦਾਅਵਾ ਕਰਨਾ ਬਿਲਕੁਲ ਸਹੀ ਨਹੀਂ ਹੈ, ਇਸ ਦੇ ਨਾਲ ਹੀ ਯਮੁਨਾ ਦੇ ਪਾਣੀਆਂ 'ਚ ਪੰਜਾਬ ਦੇ ਬਣਦੇ ਜਾਇਜ ਹਿੱਸੇ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਦੋਂ ਕਿ ਯਮੁਨਾ ਅਣਵੰਡੇ ਪੰਜਾਬ ਦਾ ਹਿੱਸਾ ਸੀ।" ਆਪਣੀ ਸਰਕਾਰ ਦੇ ਕਾਰਜਕਾਲ ਦੌਰਾਨ ਸਿੰਜਾਈ ਦੇ ਖੇਤਰ ਵਿੱਚ ਹੋਏ ਵੱਡੇ ਬਦਲਾਅ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਸਾਲ 2022 ਵਿੱਚ ਉਨ੍ਹਾਂ ਦੀ ਸਰਕਾਰ ਨੇ ਅਹੁਦਾ ਸੰਭਾਲਿਆ ਤਾਂ ਪੰਜਾਬ ਦੇ ਪਾਣੀ ਦੇ ਸਰੋਤਾਂ ਦਾ ਕੇਵਲ 22 ਫ਼ੀਸਦ ਵਰਤਿਆ ਜਾ ਰਿਹਾ ਸੀ, ਜਦੋਂ ਕਿ ਹੁਣ ਇਹ ਅੰਕੜਾ ਵੱਧ ਕੇ ਲਗਪਗ 80 ਫ਼ੀਸਦ ਹੋ ਗਿਆ ਹੈ। ਉਨ੍ਹਾਂ ਕਿਹਾ, "ਅਸੀਂ ਪੰਜਾਬ ਦੇ ਸਿੰਜਾਈ ਨੈੱਟਵਰਕ ਦਾ ਵਿਆਪਕ ਸੁਧਾਰ ਕੀਤਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਹਿਰੀ ਪਾਣੀ ਹਰੇਕ ਖੇਤ ਤੱਕ ਪਹੁੰਚੇ। ਰਜਬਾਹਿਆਂ ਦੀ ਸਫਾਈ, 14,000 ਕਿਲੋਮੀਟਰ (ਬਾਕੀ ਸਫ਼ਾ 2 'ਤੇ)

### ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ 8 ਮਤੇ ਪਾਸ

*ਪੰਜਾਬ ਵਿਧਾਨ ਸਭਾ ਵੱਲੋਂ ਅੱਜ ਆਪਣੇ 13ਵੇਂ ਸੈਸ਼ਨ ਦੇ ਆਖਰੀ ਦਿਨ ਸਰਬਸੰਮਤੀ ਨਾਲ 8 ਮਤੇ ਪਾਸ ਕੀਤੇ ਗਏ। ਪਾਸ ਕੀਤੇ ਗਏ ਮਤਿਆਂ ਵਿੱਚ ਸਦਨ 'ਚ ਵੱਖ-ਵੱਖ ਪਾਰਟੀਆਂ ਦੀ ਗਿਣਤੀ ਦੇ ਅਨੁਪਾਤ ਨੂੰ ਧਿਆਨ ਵਿੱਚ ਰੱਖਦਿਆਂ, ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀ ਸੈਨੇਟ ਲਈ ਦੋ ਮੈਂਬਰ ਨਾਮਜ਼ਦ ਕਰਨ ਲਈ ਅਧਿਕਾਰਤ ਕਰਨਾ; ਯਮੁਨਾ ਦੇ ਪਾਣੀਆਂ ਵਿੱਚ ਪੰਜਾਬ ਦਾ ਹੱਕੀ ਅਤੇ ਬਰਾਬਰ ਹਿੱਸਾ; ਰੋਪੜ, ਹਰੀਕੇ ਅਤੇ ਫ਼ਿਰੋਜ਼ਪੁਰ ਵਿਖੇ ਸਿੰਚਾਈ ਹੈਡਵਰਕਸ ਦਾ ਪ੍ਰਬੰਧਨ, ਰੱਖ-ਰਖਾਅ ਅਤੇ ਸੰਚਾਲਨ ਪੰਜਾਬ ਅਧੀਨ ਰੱਖਣਾ; ਡੈਮ ਸੁਰੱਖਿਆ ਐਕਟ, 2021 ਨੂੰ ਰੱਦ ਕਰਨਾ; ਰਾਜਸਥਾਨ ਨੂੰ ਦਿੱਤੇ ਜਾਂਦੇ ਸਤਲੁਜ, ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀਆਂ ਦੀ ਕੀਮਤ/ਰਾਇਲਟੀ; ਕੇਂਦਰ ਸਰਕਾਰ ਨੂੰ ਉਝ ਬਹੁ-ਮੰਤਵੀ ਪ੍ਰੋਜੈਕਟ ਨੂੰ ਲਾਗੂ ਕਰਨ ਅਤੇ ਮਾਧੋਪੁਰ ਹੈਡਵਰਕਸ ਤੋਂ ਅੱਗੇ ਪਾਕਿਸਤਾਨ ਵੱਲ ਵਹਿ ਰਹੇ ਰਾਵੀ ਦਰਿਆ ਦੇ ਪਾਣੀ ਨੂੰ ਰੋਕਣ ਲਈ ਇਸ ਦੇ ਪਾਣੀ ਨੂੰ ਰਣਜੀਤ ਸਾਗਰ ਡੈਮ ਵੱਲ ਮੋੜਨ ਦੀ ਬੇਨਤੀ ਕਰਨਾ; ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀਆਂ ਗਈਆਂ ਲੋਕ ਭਲਾਈ ਸਕੀਮਾਂ ਨੂੰ ਜਾਰੀ ਰੱਖਣਾ ਅਤੇ ਕੇਂਦਰ ਸਰਕਾਰ ਨੂੰ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ ਣ ਦੀ ਅਪੀਲ ਕਰਨਾ ਸ਼ਾਮਿਲ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦੀ ਸ਼ਲਾਘਾ ਕਰਨ ਵਾਲਾ ਮਤਾ ਪੇਸ਼ ਕੀਤਾ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ ਣ ਸਬੰਧੀ ਮਤਾ ਪੇਸ਼ ਕੀਤਾ। , ਜਦਕਿ ਦਰਿਆਈ ਪਾਣੀਆਂ ਨਾਲ ਸਬੰਧਤ ਮਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਪੇਸ਼ ਕੀਤੇ ਗਏ।*

ਚੋਣ ਕਮਿਸ਼ਨ ਦੀਆਂ ਨਵੀਆਂ ਹਦਾਇਤਾਂ

## ਪੰਜਾਬ ਵਿੱਚ ਤਿੰਨ ਸਾਲ ਤੋਂ ਤਾਇਨਾਤ ਅਧਿਕਾਰੀਆਂ ਦੇ ਹੋਣਗੇ ਤਬਾਦਲੇ

### ਆਪਣੇ ਗ੍ਰਹਿ ਜ਼ਿਲ੍ਹੇ ਵਿੱਚ ਨਹੀਂ ਰਹਿ ਸਕਣਗੇ ਤਾਇਨਾਤ




ਚੰਡੀਗੜ੍ਹ, 27 ਅਕਤੂਬਰ (ਪੈ.ਗਾਮ-ਏ-ਜਗਤ)

ਭਾਰਤੀ ਚੋਣ ਕਮਿਸ਼ਨ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਤਹਿਤ ਪੰਜਾਬ ਸਮੇਤ ਪੰਜ ਸੂਬਿਆਂ ਵਿੱਚ ਚੋਣਾਂ ਨਾਲ ਸਬੰਧਤ ਅਧਿਕਾਰੀਆਂ ਦੇ ਤਬਾਦਲਿਆਂ ਬਾਰੇ ਨਵੀਆਂ ਹਦਾਇਤਾਂ ਜਾਰੀ ਕੀਤੀਆਂ ਹਨ। ਇਨ੍ਹਾਂ ਹਦਾਇਤਾਂ ਦਾ ਮਕਸਦ ਚੋਣ ਪ੍ਰਕਿਰਿਆ ਦੌਰਾਨ ਪ੍ਰਸ਼ਾਸਨਿਕ ਅਤੇ ਪੁਲੀਸ ਤੰਤਰ ਦੀ ਨਿਰਪੱਖਤਾ ਯਕੀਨੀ ਬਣਾਉਣਾ ਹੈ।

ਕਮਿਸ਼ਨ ਨੇ ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ, ਗੋਆ ਅਤੇ ਮਨੀਪੁਰ ਦੀਆਂ ਸਰਕਾਰਾਂ ਨੂੰ ਕਿਹਾ ਹੈ ਕਿ ਪਿਛਲੇ ਚਾਰ ਸਾਲਾਂ ਦੌਰਾਨ ਕਿਸੇ ਜ਼ਿਲ੍ਹੇ ਵਿੱਚ ਤਿੰਨ ਸਾਲ ਸੇਵਾ ਕਰ ਚੁੱਕੇ ਜਾਂ ਨਿਰਧਾਰਤ ਮਿਤੀ ਤੱਕ ਇਹ ਮਿਆਦ ਪੂਰੀ ਕਰਨ ਵਾਲੇ ਚੋਣ ਡਿਊਟੀ ਨਾਲ ਸਬੰਧਤ ਅਧਿਕਾਰੀਆਂ ਦੇ ਤਬਾਦਲੇ ਕੀਤੇ ਜਾਣ। ਅਜਿਹੇ ਅਧਿਕਾਰੀ ਆਪਣੇ ਗ੍ਰਹਿ ਜ਼ਿਲ੍ਹਿਆਂ ਵਿੱਚ ਵੀ ਤਾਇਨਾਤ ਨਹੀਂ ਰਹਿ ਸਕਣਗੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਜ਼ਿਲ੍ਹਾ ਚੋਣ ਅਧਿਕਾਰੀਆਂ, ਰਿਟਰਨਿੰਗ ਅਫ਼ਸਰਾਂ, ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਅਤੇ ਹੋਰ ਚੋਣ ਅਮਲੇ 'ਤੇ ਲਾਗੂ ਹੋਣਗੀਆਂ। ਜ਼ਿਲ੍ਹਾ ਪ੍ਰਸ਼ਾਸਨ ਦੇ ਕਈ ਅਧਿਕਾਰੀਆਂ, ਤਹਿਸੀਲਦਾਰਾਂ ਅਤੇ ਚੋਣਾਂ ਦੌਰਾਨ ਸੁਰੱਖਿਆ ਪ੍ਰਬੰਧਾਂ ਨਾਲ ਜੁੜੇ ਪੁਲੀਸ ਅਧਿਕਾਰੀਆਂ ਨੂੰ ਵੀ ਇਸ ਦੇ ਘੇਰੇ ਵਿੱਚ ਰੱਖਿਆ ਗਿਆ ਹੈ। ਪੰਜਾਬ, ਗੋਆ, ਮਨੀਪੁਰ ਅਤੇ ਉੱਤਰਾਖੰਡ ਲਈ ਤਬਾਦਲਿਆਂ ਦੀ ਨਿਰਧਾਰਤ ਮਿਤੀ 31 ਮਾਰਚ 2027 ਹੈ, ਜਦਕਿ ਉੱਤਰ ਪ੍ਰਦੇਸ਼ ਲਈ ਇਹ ਮਿਤੀ 31 ਮਈ 2027 ਰੱਖੀ ਗਈ ਹੈ। ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਨਾਲ ਜੁੜੇ ਅਧਿਕਾਰੀਆਂ ਦੇ ਤਬਾਦਲੇ ਆਖ਼ਰੀ (ਬਾਕੀ ਸਫ਼ਾ 2 'ਤੇ)

## ਅੰਮ੍ਰਿਤਸਰ 'ਚ ਫ਼ੌਜੀ ਜਵਾਨ ਸਮੇਤ 7 ਗ੍ਰਿ.ਫ਼ਤਾਰ

- ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ ਵਿੱਚ ਬੈਠੇ ਹੈਂਡਲਰ ਦੇ ਸੰਪਰਕ ਵਿੱਚ ਸਨ: ਡੀਜੀਪੀ ਗੌਰਵ ਯਾਦਵ

### 14 ਪਿਸਤੌਲਾਂ ਅਤੇ 20 ਕਿਲੋ ਹੈਰੋਇਨ ਬਰਾਮਦ



ਚੰਡੀਗੜ੍ਹ/ਅੰਮ੍ਰਿਤਸਰ 27 ਅਕਤੂਬਰ, (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ 14 ਅਤਿ-ਆਧੁਨਿਕ ਪਿਸਤੌਲਾਂ ਅਤੇ 20.130 ਕਿਲੋ ਹੈਰੋਇਨ ਨਾਲ ਫ਼ੌਜੀ ਜਵਾਨ ਸਮੇਤ ਸੱਤ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਗ਼ੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਕਰਨ ਵਾਲੇ ਚਾਰ ਵੱਖ-ਵੱਖ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਉਦੈ (19) ਅਤੇ ਪਤਰਸ (19) ਦੋਵੇਂ ਵਾਸੀ ਮਸਤਗੜ੍ਹ , ਤਰਨ ਤਾਰਨ; ਫ਼ੌਜੀ ਜਵਾਨ ਯੁੱਧਵੀਰ ਸਿੰਘ (22) ਵਾਸੀ ਪਿੰਡ ਰਾਣੀਕੇ; ਸਾਜਨ ਸਿੰਘ (19) ਅਤੇ ਸਾਹਿਲਪ੍ਰੀਤ (20) ਦੋਵੇਂ ਵਾਸੀ ਨਾਰਾਇਣਗੜ੍ਹ ; ਜਰਮਨਜੋਤ ਸਿੰਘ (20) ਵਾਸੀ ਪਿੰਡ ਸਿਆਲਕਾ ਅਤੇ ਸਾਹਿਬਨੂਰ ਸਿੰਘ (21) ਵਾਸੀ ਜੁਝਾਰ ਸਿੰਘ ਨਗਰ, ਬਟਾਲਾ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਤਫ਼ਤੀਸ਼ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ ਵਿੱਚ ਬੈਠੇ ਹੈਂਡਲਰ ਦੇ ਸੰਪਰਕ ਵਿੱਚ ਸਨ, ਜੋ ਸੰਗਠਿਤ ਨੈੱਟਵਰਕ ਰਾਹੀਂ ਅਪਰਾਧਿਕ ਅਨਸਰਾਂ ਨੂੰ ਅੱਗੇ ਸਪਲਾਈ ਲਈ ਗ਼ੈਰ-ਕਾਨੂੰਨੀ ਹਥਿਆਰਾਂ ਦੀ ਖੇਪ ਭੇਜਣ ਵਿੱਚ ਮਦਦ ਕਰ ਰਿਹਾ ਸੀ। ਉਹਨਾਂ ਦੱਸਿਆ ਕਿ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪਹਿਲੇ ਆਪ੍ਰੇਸ਼ਨ ਵਿੱਚ ਥਾਣਾ ਘਰਿੰਡਾ ਦੀਆਂ ਟੀਮਾਂ ਨੇ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਉਦੈ ਅਤੇ ਪਤਰਸ ਨੂੰ ਉਸ ਵੇਲੇ ਕਾਬੂ ਕੀਤਾ, ਜਦੋਂ ਉਹ ਡਰੋਨ ਰਾਹੀਂ ਭੇਜੀ ਗਈ 10 ਪਿਸਤੌਲਾਂ ਦੀ ਖੇਪ, ਜਿਸ ਵਿੱਚ ਇੱਕ 9 ਐਮਐਮ ਅਤੇ ਨੌਂ .30 ਬੋਰ ਪਿਸਤੌਲ ਸ਼ਾਮਲ ਸਨ, ਪ੍ਰਾਪਤ ਕਰਕੇ ਖੇਮਕਰਨ ਵੱਲ ਜਾ ਰਹੇ ਸਨ। (ਬਾਕੀ ਸਫ਼ਾ 2 'ਤੇ)

## ਅਭਿਨੇਤਾ ਇਮਰਾਨ ਨੂੰ 2 ਨਵੰਬਰ ਤੱਕ ਦੇਸ਼ ਛੱਡਣ ਦੇ ਹੁਕਮ 'ਤੇ ਰੋਕ ਮਿਲੀ

ਨਵੀਂ ਦਿੱਲੀ, 27 ਅਕਤੂਬਰ (ਪੈ.ਗਾਮ-ਏ-ਜਗਤ)

ਅਭਿਨੇਤਾ ਇਮਰਾਨ ਖਾਨ ਨੂੰ ਬੰਬੇ ਹਾਈ ਕੋਰਟ ਤੋਂ ਅੰਤਰਿਮ ਰਾਹਤ ਮਿਲੀ ਹੈ। ਅਦਾਲਤ ਨੇ ਉਨ੍ਹਾਂ ਨੂੰ ਭਾਰਤ ਛੱਡਣ ਦੇ ਹੁਕਮ 'ਤੇ 2 ਨਵੰਬਰ ਨੂੰ ਦੁਪਹਿਰ 3:00 ਵਜੇ ਤੱਕ ਰੋਕ ਲਗਾ ਦਿੱਤੀ ਹੈ। 10 ਅਕਤੂਬਰ ਨੂੰ, ਇਮਰਾਨ ਨੇ ਮੁੰਬਈ ਦੇ ਅਗਸਤ ਕ੍ਰਾਂਤੀ ਮੈਦਾਨ ਵਿਖੇ 'ਕਾਕਰੋਚ ਪਾਰਟੀ' ਵੱਲੋਂ ਨਾਗਰਿਕਤਾ ਸੋਧ ਕਾਨੂੰਨ ਦੇ ਵਿਰੋਧ ਵਿੱਚ ਆਯੋਜਿਤ ਇੱਕ ਪ੍ਰਦਰਸ਼ਨ ਵਿੱਚ ਹਿੱਸਾ ਲਿਆ ਸੀ। ਇਮਰਾਨ, ਜੋ ਅਭਿਨੇਤਾ ਆਮਿਰ ਖਾਨ ਦੇ ਭਤੀਜੇ ਹਨ, ਅਮਰੀਕਾ ਦੇ ਨਾਗਰਿਕ ਹਨ ਅਤੇ ਉਨ੍ਹਾਂ ਕੋਲ ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ ਕਾਰਡ ਹੈ; ਇਸ ਕਾਰਨ ਉਨ੍ਹਾਂ ਨੂੰ ਭਾਰਤ ਵਿੱਚ ਪ੍ਰਦਰਸ਼ਨਾਂ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਹੈ। ਇਸ ਤੋਂ ਬਾਅਦ, ਵਿਦੇਸ਼ੀ ਖੇਤਰੀ ਰਜਿਸਟ੍ਰੇਸ਼ਨ ਦਫ਼ਤਰ ਨੇ ਉਨ੍ਹਾਂ ਨੂੰ 28 ਅਕਤੂਬਰ ਤੱਕ ਦੇਸ਼ ਛੱਡਣ ਦਾ ਨੋਟਿਸ ਜਾਰੀ ਕੀਤਾ ਸੀ। ਇਮਰਾਨ ਖਾਨ ਨੇ ਇਸ ਨੋਟਿਸ ਨੂੰ ਮਨਮਾਨਾ ਕਰਾਰ ਦਿੰਦੇ ਹੋਏ ਇਸ ਨੂੰ ਚੁਣੌਤੀ ਦਿੱਤੀ ਅਤੇ ਅਦਾਲਤ ਵਿੱਚ ਪਟੀਸ਼ਨ ਦਾਇਰ ਕੀਤੀ। ਇਸ ਮਾਮਲੇ ਦੀ ਸੁਣਵਾਈ ਚੀਫ਼ ਜਸਟਿਸ ਮਹੇਸ਼ ਚੰਦਰ ਤ੍ਰਿਪਾਠੀ ਅਤੇ ਜਸਟਿਸ ਅਦਵੈਤ ਸੇਠਨਾ ਦੇ ਬੈਂਚ ਨੇ ਕੀਤੀ।

ਦਵਾਈਆਂ ਦੀ ਐੱਮ.ਆਰ.ਪੀ. ਤੇ ਅਸਲ ਲਾਗਤ 'ਚ ਭਾਰੀ ਅੰਤਰ 'ਤੇ ਸੁਪਰੀਮ ਕੋਰਟ ਸਖ਼ਤ

## 'ਕੀ ਪੂਰਾ ਸਿਸਟਮ ਫਾਰਮਾ ਕੰਪਨੀਆਂ ਦੀ ਮਦਦ ਲਈ ਹੀ ਕੰਮ ਕਰ ਰਿਹੈ': ਸੁਪਰੀਮ ਕੋਰਟ



ਨਵੀਂ ਦਿੱਲੀ, 27 ਅਕਤੂਬਰ (ਪੈ.ਗਾਮ-ਏ-ਜਗਤ)

ਦਵਾਈਆਂ ਦੇ ਵੱਧ ਤੋਂ ਵੱਧ ਪ੍ਰਚੂਨ ਮੁੱਲ ਅਤੇ ਰੀਟੇਲਰਾਂ ਲਈ ਕੀਮਤ ਵਿਚਕਾਰ ਭਾਰੀ ਅੰਤਰ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਹੈਰਾਨੀ ਜਤਾਈ ਕਿ ਕੀ ਪੂਰਾ ਸਿਸਟਮ ਫਾਰਮਾਸਿਊਟੀਕਲ (ਦਵਾਈ) ਕੰਪਨੀਆਂ ਦੀ ਮਦਦ ਲਈ ਕੰਮ ਕਰ ਰਿਹਾ ਹੈ।

ਸਰਬਉੱਚ ਅਦਾਲਤ ਦੀ ਇਹ ਟਿੱਪਣੀ ਕੇਂਦਰ ਦੇ ਇਸ ਜ਼ੁਬਾਨੀ ਬਿਆਨ ਤੋਂ ਬਾਅਦ ਆਈ ਹੈ ਕਿ ਉਸ ਦੀ ਨੀਤੀ ਇਹ ਹੈ ਕਿ ਪੂਰੇ ਈਕੋਸਿਸਟਮ ਨੂੰ ਕੰਟਰੋਲ ਨਹੀਂ ਕੀਤਾ ਜਾਣਾ ਹੈ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਪੁੱਛਿਆ, ਪੂਰਾ ਸਿਸਟਮ ਇਹਨਾਂ ਲੋਕਾਂ (ਫਾਰਮਾ ਕੰਪਨੀਆਂ) ਦੀ ਮਦਦ ਲਈ ਕਿਉਂ ਕੰਮ ਕਰ ਰਿਹਾ ਹੈ? ਭਾਰਤ ਵਿੱਚ ਦਵਾਈਆਂ ਦੀਆਂ ਕੀਮਤਾਂ ਦੇ ਮੁੱਦੇ ਨੂੰ ਉਜਾਗਰ ਕਰਨ ਵਾਲੀਆਂ ਦੋ ਪਟੀਸ਼ਨਾਂ 'ਤੇ ਆਪਣਾ ਫੈਸਲਾ ਸੁਰੱਖਿਅਤ ਰੱਖਦਿਆਂ,ਬੈਂਚ ਨੇ ਟਿੱਪਣੀ ਕੀਤੀ ਕਿ ਰਾਸ਼ਟਰੀ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ ਇੱਕ ਪੂਰੀ ਤਰ੍ਹਾਂ ਗੈਰਸਰਗਰਮ (ਡਿਫੰਕਟ) ਸੰਸਥਾ ਜਾਪਦੀ ਹੈ। ਐੱਮਆਰਪੀ ਅਤੇ ਪੀਟੀਆਰ ਵਿਚਕਾਰ ਭਾਰੀ ਅੰਤਰ ਦਾ ਹਵਾਲਾ ਦਿੰਦਿਆਂ ਬੈਂਚ ਨੇ ਕਿਹਾ, ਸਰਕਾਰ ਅਜਿਹਾ ਹੋਣ ਦੇ ਰਹੀ ਹੈ। ਇਹ ਸਰਕਾਰ ਦੀਆਂ ਆਪਣੀਆਂ ਅੱਖਾਂ ਸਾਹਮਣੇ ਹੋ ਰਿਹਾ ਹੈ। ਕੀ ਇਸ ਨੂੰ ਅੰਨ੍ਹੇਵਾਹ ਚੱਲਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ?

ਕੇਂਦਰ ਵੱਲੋਂ ਪੇਸ਼ ਹੋਈ ਵਧੀਕ ਸੋਲਿਸਟਰ ਜਨਰਲ ਐਸ਼ਵਰਿਆ ਭਾਟੀ ਨੇ ਦਲੀਲ ਦਿੱਤੀ ਕਿ ਭਾਰਤ ਵਿੱਚ ਦਵਾਈਆਂ ਦੀਆਂ ਕੀਮਤਾਂ ਵਿਸ਼ਵ ਵਿੱਚ ਸਭ ਤੋਂ ਘੱਟ ਹਨ। ਬੈਂਚ ਨੇ ਜਿਸ ਨੇ ਮੌਜੂਦਾ ਡਰੱਗ ਪ੍ਰਾਈਸਿੰਗ ਰਿਜੀਮ (ਦਵਾਈਆਂ ਦੀਆਂ ਕੀਮਤਾਂ ਦੇ ਪ੍ਰਬੰਧ) ਨੂੰ 'ਲੁੱਟ' ਅਤੇ 'ਡਾਕਾ' ਕਰਾਰ ਦਿੱਤਾ ਜੋ ਲਾਚਾਰ ਮਰੀਜ਼ਾਂ ਦਾ ਸ਼ੋਸ਼ਣ ਕਰਦਾ ਹੈ — ਇੱਕ ਦਵਾਈ ਡੀਲਰ ਨਾਲ ਜੁੜੀ ਘਟਨਾ ਦਾ ਜ਼ਿਕਰ ਕੀਤਾ ਜਿਸ ਦੀ ਪਤਨੀ ਇੱਕ ਨਿੱਜੀ ਹਸਪਤਾਲ ਵਿੱਚ ਕੈਂਸਰ ਦਾ (ਬਾਕੀ ਸਫ਼ਾ 2 'ਤੇ)



## ਅਭਿਸ਼ੇਕ ਤੇ ਸੂਰਿਆਵੰਸ਼ੀ ਦੀ ਬਦੌਲਤ ਭਾਰਤ ਨੇ ਨਿਊਜ਼ੀਲੈਂਡ ਨੂੰ ਛੇ ਵਿਕਟਾਂ ਨਾਲ ਹਰਾਇਆ

ਵੈਲਿੰਗਟਨ, (ਪੈ.ਗਾਮ-ਏ-ਜਗਤ)

ਭਾਰਤ ਨੇ ਤੀਜੇ ਟੀ 20 ਮੈਚ ਵਿਚ ਨਿਊਜ਼ੀਲੈਂਡ ਨੂੰ ਛੇ ਵਿਕਟਾਂ ਨਾਲ ਹਰਾ ਦਿੱਤਾ। ਨਿਊਜ਼ੀਲੈਂਡ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 20 ਓਵਰਾਂ ਵਿਚ ਤਿੰਨ ਵਿਕਟਾਂ ਦੇ ਨੁਕਸਾਨ 'ਤੇ 198 ਦੌੜਾਂ ਬਣਾਈਆਂ ਜਦਕਿ ਭਾਰਤ ਨੇ 13.2 ਓਵਰਾਂ ਵਿਚ ਚਾਰ ਵਿਕਟਾਂ ਦੇ ਨੁਕਸਾਨ 'ਤੇ 199 ਦੌੜਾਂ ਬਣਾ ਕੇ ਮੈਚ ਜਿੱਤ ਲਿਆ। ਨਿਊਜ਼ੀਲੈਂਡ ਖ਼ਿਲਾਫ਼ ਤੀਜੇ ਟੀ-20 ਮੈਚ ਵਿੱਚ ਸਾਰਿਆਂ ਦੀਆਂ ਨਜ਼ਰਾਂ ਇੱਕ ਵਾਰ ਫਿਰ ਵੈਭਵ ਸੂਰਿਆਵੰਸ਼ੀ 'ਤੇ ਸਨ ਪਰ ਮੈਚ ਦਾ ਰੁਖ਼ ਅਭਿਸ਼ੇਕ ਸ਼ਰਮਾ ਨੇ ਬਦਲ ਦਿੱਤਾ। ਦੋਵਾਂ ਨੇ ਨਿਊਜ਼ੀਲੈਂਡ ਵੱਲੋਂ ਦਿੱਤੇ 199 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਗੇਂਦਬਾਜ਼ਾਂ ਦੀ ਇਕ ਨਾ ਚੱਲਣ ਦਿੱਤੀ। ਅਭਿਸ਼ੇਕ ਨੇ ਸਿਰਫ਼ 15 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ (ਬਾਕੀ ਸਫ਼ਾ 2 'ਤੇ)




## ਐੱਸ.ਆਈ.ਆਰ. ਬਾਰੇ ਸਾਰੇ ਫ਼ੈਸਲੇ ਸਰਬਸੰਮਤੀ ਨਾਲ ਲਏ: ਚੋਣ ਕਮਿਸ਼ਨ

ਨਵੀਂ ਦਿੱਲੀ, 27 ਅਕਤੂਬਰ (ਪੈ.ਗਾਮ-ਏ-ਜਗਤ)

ਚੋਣ ਕਮਿਸ਼ਨ ਨੇ ਸੋਮਵਾਰ ਨੂੰ ਸੁਪਰੀਮ ਕੋਰਟ ਵਿੱਚ ਆਪਣਾ ਜਵਾਬ ਦਾਇਰ ਕਰਦਿਆਂ ਕਿਹਾ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਸਬੰਧੀ ਸਾਰੇ ਫ਼ੈਸਲੇ ਸਰਬਸੰਮਤੀ ਨਾਲ ਲਏ ਗਏ ਸਨ। ਕਮਿਸ਼ਨ ਨੇ ਅਦਾਲਤ ਨੂੰ ਦੱਸਿਆ ਕਿ 24 ਜੂਨ 2025, 27 ਅਕਤੂਬਰ 2025 ਅਤੇ 14 ਮਈ 2026 ਨੂੰ ਲਏ ਗਏ ਫ਼ੈਸਲਿਆਂ ਸਮੇਤ ਐੱਸ ਆਈ ਆਰ ਨਾਲ ਸਬੰਧਤ ਸਾਰੇ ਫ਼ੈਸਲਿਆਂ 'ਤੇ ਤਿੰਨਾਂ ਚੋਣ ਕਮਿਸ਼ਨਰਾਂ ਦੀ ਸਹਿਮਤੀ ਸੀ।

ਕਮਿਸ਼ਨ ਨੇ ਆਪਣੇ ਹਲਫ਼ਨਾਮੇ ਵਿੱਚ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਤੇ ਵਿਵੇਕ ਜੋਸ਼ੀ ਨੇ ਸਾਰੇ ਫ਼ੈਸਲੇ ਸਹਿਮਤੀ ਨਾਲ ਲਏ ਸਨ। ਹਲਫ਼ਨਾਮੇ 'ਤੇ ਵੀ ਤਿੰਨਾਂ ਦੇ ਦਸਤਖ਼ਤ ਹਨ।

ਇਹ ਹਲਫ਼ਨਾਮਾ ਉਸ ਪਟੀਸ਼ਨ ਦੇ ਜਵਾਬ ਵਿੱਚ ਦਾਇਰ ਕੀਤਾ ਗਿਆ ਹੈ, ਜਿਸ 'ਤੇ ਸੁਪਰੀਮ ਕੋਰਟ ਨੇ ਭਾਰਤੀ ਚੋਣ ਕਮਿਸ਼ਨ, ਮੁੱਖ ਚੋਣ ਕਮਿਸ਼ਨਰ ਅਤੇ ਹੋਰ ਅਧਿਕਾਰੀਆਂ ਨੂੰ ਨੋਟਿਸ ਜਾਰੀ ਕੀਤੇ ਸਨ।

ਇਹ ਪਟੀਸ਼ਨ ਇਕ ਅਖ਼ਬਾਰ ਦੀ ਇੱਕ ਰਿਪੋਰਟ ਦੇ ਆਧਾਰ 'ਤੇ ਦਾਇਰ ਕੀਤੀ ਗਈ ਸੀ। ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਐੱਸ ਆਈ ਆਰ ਨਾਲ ਸਬੰਧਤ 14 ਅਹਿਮ ਫ਼ੈਸਲੇ ਚੋਣ ਕਮਿਸ਼ਨ ਦੇ ਨਾਂ 'ਤੇ ਲਏ ਗਏ ਸਨ, ਜਦਕਿ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ ਨੇ ਇਨ੍ਹਾਂ 'ਤੇ ਇਤਰਾਜ਼ ਜਤਾਇਆ ਸੀ।

ਚੋਣ ਕਮਿਸ਼ਨ ਨੇ ਆਪਣੇ ਜਵਾਬ ਵਿੱਚ ਇਨ੍ਹਾਂ ਦਾਅਵਿਆਂ ਦੇ ਉਲਟ ਸਾਰੇ ਫ਼ੈਸਲੇ ਸਰਬਸੰਮਤੀ ਨਾਲ ਲਏ ਜਾਣ ਦੀ ਗੱਲ ਕਹੀ ਹੈ। ਚੋਣ ਕਮਿਸ਼ਨ ਨੇ ਸੁਪਰੀਮ ਕੋਰਟ ਵਿੱਚ ਦਾਇਰ ਹਲਫ਼ਨਾਮੇ (ਬਾਕੀ ਸਫ਼ਾ 2 'ਤੇ)

## ਮੁੱਖ ਮੰਤਰੀ ਮਾਨ ਦੇ ਓ.ਐਸ.ਡੀ. ਰਾਜਬੀਰ ਘੁੰਮਣ ਨੇ ਮਜੀਠੀਆ ਨੂੰ ਮਾਣਹਾਨੀ ਦਾ ਨੋਟਿਸ ਭੇਜਿਆ



ਚੰਡੀਗੜ੍ਹ, 27 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਸ਼ੇਸ਼ ਡਿਊਟੀ ਅਧਿਕਾਰੀ (ਓ.ਐਸ.ਡੀ.) ਰਾਜਬੀਰ ਸਿੰਘ ਘੁੰਮਣ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਇੱਕ ਕਾਨੂੰਨੀ ਨੋਟਿਸ ਭੇਜਿਆ ਹੈ। ਘੁੰਮਣ ਨੇ ਦੋਸ਼ ਲਾਇਆ ਹੈ ਕਿ ਮਜੀਠੀਆ ਨੇ ਸੋਸ਼ਲ ਮੀਡੀਆ 'ਤੇ ਉਨ੍ਹਾਂ ਖਿਲਾਫ ਝੂਠੇ, ਬੇਬੁਨਿਆਦ ਅਤੇ ਮਾਣਹਾਨੀ ਕਰਨ ਵਾਲੇ ਦੋਸ਼ ਲਾਏ ਹਨ।

ਕਾਨੂੰਨੀ ਨੋਟਿਸ ਵਿੱਚ, ਘੁੰਮਣ ਨੇ ਕਿਹਾ ਹੈ ਕਿ ਸੋਸ਼ਲ ਮੀਡੀਆ 'ਤੇ ਪਾਈਆਂ ਗਈਆਂ ਇਨ੍ਹਾਂ ਪੋਸਟਾਂ ਕਾਰਨ ਉਨ੍ਹਾਂ ਦੀ ਸਾਖ ਅਤੇ ਜਨਤਕ ਅਕਸ ਨੂੰ ਨੁਕਸਾਨ ਪਹੁੰਚਿਆ ਹੈ। ਨੋਟਿਸ ਵਿੱਚ ਮੰਗ ਕੀਤੀ ਗਈ ਹੈ ਕਿ ਮਜੀਠੀਆ 24 ਘੰਟਿਆਂ ਦੇ ਅੰਦਰ-ਅੰਦਰ ਇਤਰਾਜ਼ਯੋਗ ਸੋਸ਼ਲ ਮੀਡੀਆ ਪੋਸਟਾਂ ਨੂੰ ਹਟਾਉਣ, ਬਿਨਾਂ ਸ਼ਰਤ ਜਨਤਕ ਮੁਆਫੀ ਮੰਗਣ ਅਤੇ ਲਿਖਤੀ ਭਰੋਸਾ ਦੇਣ ਕਿ ਉਹ ਭਵਿੱਖ ਵਿੱਚ ਅਜਿਹੇ ਦੋਸ਼ ਨਹੀਂ ਲਾਉਣਗੇ।

ਨੋਟਿਸ ਵਿੱਚ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਨਿਰਧਾਰਤ ਸਮੇਂ ਦੇ ਅੰਦਰ ਇਨ੍ਹਾਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾਂਦਾ, ਤਾਂ ਮਜੀਠੀਆ ਵਿਰੁੱਧ ਅਪਰਾਧਿਕ ਕਾਰਵਾਈ ਸ਼ੁਰੂ ਕੀਤੀ ਜਾ ਸਕਦੀ ਹੈ ਅਤੇ ਮਾਣਹਾਨੀ (ਬਾਕੀ ਸਫ਼ਾ 2 'ਤੇ)

ਸੁਪਰੀਮ ਕੋਰਟ ਵੱਲੋਂ ਰਾਹੁਲ ਗਾਂਧੀ ਨੂੰ ਨੋਟਿਸ

## ਗਰਭਵਤੀ ਮਹਿਲਾ ਪੱਤਰਕਾਰ ਨਾਲ ਧੱਕਾ-ਮੁੱਕੀ ਦਾ ਮਾਮਲਾ



ਨਵੀਂ ਦਿੱਲੀ, 27 ਅਕਤੂਬਰ (ਪੈ.ਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਰਾਹੁਲ ਗਾਂਧੀ ਅਤੇ ਹੋਰਾਂ ਨੂੰ ਉਸ ਅਪੀਲ 'ਤੇ ਜਵਾਬ ਦੇਣ ਲਈ ਕਿਹਾ ਹੈ ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਕਾਂਗਰਸ ਆਗੂ ਨੇ 12 ਅਕਤੂਬਰ ਨੂੰ ਸਿਖ਼ਰਲੀ ਅਦਾਲਤ ਵੱਲ ਕੀਤੇ ਮਾਰਚ ਦੌਰਾਨ ਇੱਕ ਗਰਭਵਤੀ ਮਹਿਲਾ ਪੱਤਰਕਾਰ ਨੂੰ ਧੱਕਾ ਦਿੱਤਾ ਸੀ।

ਇਸ ਪਟੀਸ਼ਨ ਦਾ ਜ਼ਿਕਰ ਸੀਨੀਅਰ ਵਕੀਲ ਗੌਰਵ ਭਾਟੀਆ ਨੇ ਭਾਰਤ ਦੇ ਚੀਫ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਅੱਗੇ ਕੀਤਾ, ਜਿਸ ਨੇ ਗਾਂਧੀ ਅਤੇ ਹੋਰਾਂ ਨੂੰ ਨੋਟਿਸ ਜਾਰੀ ਕੀਤਾ। ਭਾਟੀਆ ਨੇ ਬੈਂਚ ਨੂੰ ਦੱਸਿਆ ਕਿ ਅਦਾਲਤ ਦੇ ਅਹਾਤੇ ਵਿੱਚ ਇੱਕ ਮਹਿਲਾ ਪੱਤਰਕਾਰ ਨਾਲ ਬਦਸਲੂਕੀ ਕੀਤੀ ਗਈ ਸੀ। ਇਸ ਤੋਂ ਪਹਿਲਾਂ, ਉਨ੍ਹਾਂ ਨੇ 15 ਅਕਤੂਬਰ ਅਤੇ 16 ਅਕਤੂਬਰ ਨੂੰ ਬੈਂਚ ਅੱਗੇ ਇਸ ਮਾਮਲੇ ਦਾ ਦੋ ਵਾਰ ਜ਼ਿਕਰ ਕੀਤਾ ਸੀ। ਭਾਟੀਆ ਨੇ ਬੈਂਚ ਨੂੰ ਗਰਭਵਤੀ ਪੱਤਰਕਾਰ ਨਾਲ ਵਾਪਰੀ ਕਥਿਤ ਘਟਨਾ 'ਤੇ ਵਿਚਾਰ ਕਰਨ ਦੀ ਬੇਨਤੀ ਕੀਤੀ ਸੀ, ਜਿਸ ਵਿੱਚ ਦੋਸ਼ ਲਾਇਆ ਗਿਆ ਸੀ ਕਿ ਗਾਂਧੀ ਨੇ ਸੁਪਰੀਮ ਕੋਰਟ ਦੇ ਅਹਾਤੇ ਵਿੱਚ ਉਸ ਨੂੰ ਧੱਕਾ ਦਿੱਤਾ ਸੀ।

ਭਾਟੀਆ ਨੇ ਦਲੀਲ ਦਿੱਤੀ ਸੀ ਕਿ ਰਾਹੁਲ ਗਾਂਧੀ ਵੱਲੋਂ ਸੁਪਰੀਮ ਕੋਰਟ ਦੇ ਘੇਰੇ ਵਿੱਚ ਇੱਕ ਮਹਿਲਾ ਪੱਤਰਕਾਰ ਨੂੰ ਧੱਕਾ ਦਿੱਤਾ ਗਿਆ ਸੀ। ਉਹ ਤਿੰਨ ਮਹੀਨਿਆਂ ਦੀ ਗਰਭਵਤੀ ਹੈ ਅਤੇ ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਉਣਾ ਪਿਆ।" ਚੀਫ਼ (ਬਾਕੀ ਸਫ਼ਾ 2 'ਤੇ)

# ਰੋਟ੍ਰੈਕਟ ਕਲੱਬ ਆਫ਼ ਐਸ.ਡੀ. ਕਾਲਜ ਵੱਲੋਂ ਚੰਡੀਗੜ੍ਹ ਵਿੱਚ 'ਦੌੜ-ਇੱਕ ਮਕਸਦ ਲਈ' ਦਾ ਆਯੋਜਨ, 1,500 ਤੋਂ ਵੱਧ ਲੋਕਾਂ ਨੇ ਲਿਆ ਹਿੱਸਾ

**ਮੋਹਾਲੀ, 27 ਅਕਤੂਬਰ (ਪੈ.ਗਾਮ-ਏ-ਜਗਤ)**

ਚੰਡੀਗੜ੍ਹ ਦੇ ਰੋਟ੍ਰੈਕਟ ਕਲੱਬ ਆਫ਼ ਐਸ.ਡੀ. ਕਾਲਜ ਵੱਲੋਂ 23 ਅਕਤੂਬਰ ਨੂੰ ਸੈਕਟਰ-3 ਸਥਿਤ ਬੋਗਨਵਿਲੀਆ ਗਾਰਡਨ ਵਿਖੇ 'ਦੌੜ- ਇੱਕ ਮਕਸਦ ਲਈ' ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ 1,500 ਤੋਂ ਵੱਧ ਲੋਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਦੌੜ ਦਾ ਮੁੱਖ ਉਦੇਸ਼ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ, ਨਸ਼ਿਆਂ ਦੀ ਦੁਰਵਰਤੋਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਸਿਹਤਮੰਦ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਨੂੰ ਉਤਸ਼ਾਹਿਤ ਕਰਨਾ ਸੀ।

ਜੀ.ਜੀ.ਡੀ.ਐੱਸ.ਡੀ. ਕਾਲਜ ਦੇ ਵਾਡਾ ਕਲੱਬ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਉਪਰਾਲੇ ਵਿੱਚ ਵਿਦਿਆਰਥੀਆਂ, ਨੌਜਵਾਨਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਹਿੱਸਾ ਲਿਆ।ਇਸ ਮੌਕੇ ਚੰਡੀਗੜ੍ਹ ਦੇ ਸੀਨੀਅਰ ਡਿਪਟੀ ਮੇਅਰ ਸ੍ਰੀ ਜਸਮਨਪ੍ਰੀਤ ਸਿੰਘ ਅਤੇ ਡਾ. ਮਹਿੰਦਰ ਸਿੰਘ, ਜੁਆਇੰਟ




ਡਾਇਰੈਕਟਰ (ਖੇਡਾਂ), ਯੂ.ਟੀ. ਚੰਡੀਗੜ੍ਹ ਅਤੇ ਵਾਡਾ ਦੇ ਨੋਡਲ ਅਫ਼ਸਰ, ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।

ਜ਼ਿਲ੍ਹਾ ਗਵਰਨਰ ਡਾ. ਗੀਟਾ ਕਾਲੜਾ ਵੀ ਇਸ ਮੌਕੇ ਮੌਜੂਦ ਸਨ.ਪ੍ਰਬੰਧਕਾਂ ਨੇ ਸੰਜੇ ਕਾਲੜਾ, ਪੈਰੇਂਟ ਰੋਟਰੀ ਪ੍ਰਧਾਨ ਰੋਟੇਰੀਅਨ ਵਿੰਗ ਕਮਾਂਡਰ (ਡਾ.) ਜੇ.ਐੱਸ. ਮਿਨਹਾਸ ਅਤੇ ਰੋਟੇਰੀਅਨ ਆਰ.ਐੱਸ. ਚੀਮਾ ਦਾ ਸਮਾਗਮ ਵਿੱਚ ਸ਼ਾਮਲ ਹੋਣ, ਹੌਸਲਾ-ਅਫ਼ਜ਼ਾਈ ਕਰਨ ਅਤੇ ਨਿਰੰਤਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਦੌੜ ਨੇ ਨੌਜਵਾਨਾਂ ਨੂੰ ਸਮਾਜਿਕ ਸਰੋਕਾਰਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕੀਤਾ। ਇਸ ਦੌਰਾਨ ਸਰੀਰਕ ਤੰਦਰੁਸਤੀ, ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਰਾਹੀਂ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦੀ ਮਹੱਤਤਾ ਉਜਾਗਰ ਕੀਤੀ ਗਈ। 1,500 ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੇ ਸਮਾਜ ਦੇ ਉਤਸ਼ਾਹ ਅਤੇ ਨੌਜਵਾਨਾਂ ਦੀ ਅਗਵਾਈ ਹੇਠ ਕੀਤੇ ਜਾਣ ਵਾਲੇ ਸਮਾਜ-ਸੇਵੀ ਉਪਰਾਲਿਆਂ ਦੀ ਅਹਿਮੀਅਤ ਨੂੰ ਦਰਸਾਇਆ।ਇਸ ਸਫ਼ਲ ਸਮਾਗਮ ਨੇ ਰੋਟ੍ਰੈਕਟ ਕਲੱਬ ਆਫ਼ ਐਸ.ਡੀ. ਕਾਲਜ, ਚੰਡੀਗੜ੍ਹ ਦੀਆਂ ਪ੍ਰਾਪਤੀਆਂ ਵਿੱਚ ਇੱਕ ਹੋਰ ਮਹੱਤਵਪੂਰਨ ਅਧਿਆਇ ਜੋੜਿਆ ਅਤੇ ਸਮਾਜ ਸੇਵਾ ਤੇ ਸਮਾਜਿਕ ਜਾਗਰੂਕਤਾ ਪ੍ਰਤੀ ਕਲੱਬ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ। 'ਦੌੜ-ਇੱਕ ਮਕਸਦ ਲਈ' ਵਰਗੇ ਉਪਰਾਲਿਆਂ ਰਾਹੀਂ ਕਲੱਬ ਨੌਜਵਾਨਾਂ ਨੂੰ ਸਿਹਤਮੰਦ ਅਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰ ਰਿਹਾ ਹੈ।ਸਮਾਗਮ ਦੀ ਸਮਾਪਤੀ ਏਕਤਾ ਅਤੇ ਸਾਂਝੀ ਜ਼ਿੰਮੇਵਾਰੀ ਦੇ ਸੰਦੇਸ਼ ਨਾਲ ਹੋਈ। ਇਸ ਮੌਕੇ ਇਹ ਸੁਨੇਹਾ ਦਿੱਤਾ ਗਿਆ ਕਿ ਜਦੋਂ ਵਿਅਕਤੀਗਤ ਯਤਨ ਇਕੱਠੇ ਹੁੰਦੇ ਹਨ, ਤਾਂ ਉਹ ਸਮਾਜ ਵਿੱਚ ਸਾਰਥਕ ਤਬਦੀਲੀ ਲਿਆ ਸਕਦੇ ਹਨ। ਰੋਟ੍ਰੈਕਟ ਕਲੱਬ ਆਫ਼ ਐਸ.ਡੀ. ਕਾਲਜ, ਚੰਡੀਗੜ੍ਹ ਦੇ ਪ੍ਰਧਾਨ ਆਯੁਸ਼ਮਾਨ ਮੋਂਗਾ ਅਤੇ ਜਨਰਲ ਸਕੱਤਰ ਰੋਟਰੈਕਟਰ ਕਨਿਸ਼ਕ ਗਰਗ ਨੇ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਭਾਗੀਦਾਰਾਂ, ਮਹਿਮਾਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਏ.ਡੀ.ਸੀ. ਵੱਲੋਂ ਫਰਮ ਡੇਨਵਰ ਇੰਸਟੀਚਿਊਟ ਦਾ ਲਾਇਸੰਸ ਰੱਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 27 ਅਕਤੂਬਰ (ਪੈ.ਗਾਮ-ਏ-ਜਗਤ)**

ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਡੇਨਵਰ ਇੰਸਟੀਚਿਊਟ ਫਰਮ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡੇਨਵਰ ਇੰਸਟੀਚਿਊਟ ਫਰਮ ਐਸ.ਸੀ.ਓ. ਨੰ: 38 ਦੂਜੀ ਮੰਜ਼ਿਲ, ਸੈਕਟਰ-79, ਮੋਹਾਲੀ ਦਾ ਮਾਲਕ ਸ. ਖੁਸ਼ਬਾਗ਼ ਸਿੰਘ ਪੁੱਤਰ ਸ. ਹਰਭਜਨ ਸਿੰਘ ਪਤਾ ਪਿੰਡ ਤੇ ਡਾਕਘਰ ਮੌਲੀ ਬੈਦਵਾਨ, ਤਹਿਸੀਲ ਮੋਹਾਲੀ, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਕੰਸਲਟੈਂਸੀ ਅਤੇ ਕੋਚਿੰਗ ਇੰਸਟੀਚਿਊਟ ਆਫ ਆਇਲਟਸ ਦੇ ਕੰਮਾਂ ਲਈ ਲਾਇਸੰਸ ਨੰਬਰ 635/ਆਈ.ਸੀ. ਮਿਤੀ 26.12.2023 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 25.12.2028 ਤੱਕ ਹੈ। ਉਨ੍ਹਾਂ ਕਿਹਾ ਕਿਹਾ ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ ਐਕਟ, 2012 ਦੀ ਉਲੰਘਣਾ ਕਰਨ ਕਰਕੇ ਉਸ ਨੂੰ ਦਫਤਰ ਵੱਲੋਂ ਲਾਇਸੰਸ ਤਿੰਨ ਮਹੀਨੇ ਲਈ ਮੁਅੱਤਲ ਕਰਦੇ ਹੋਏ ਆਪਣਾ ਸਪਸ਼ਟੀਕਰਨ ਪੇਸ਼ ਕਰਨ ਲਈ ਦਫਤਰ ਵਿਖੇ ਨਿੱਜੀ ਤੌਰ ਤੇ ਹਾਜ਼ਰ ਹੋਣ ਲਈ ਕਿਹਾ ਗਿਆ ਸੀ ਪ੍ਰੰਤੂ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਪ੍ਰਾਰਥੀ ਵੱਲੋਂ ਕੋਈ ਜਵਾਬ/ ਸਪਸ਼ਟੀਕਰਨ ਪੇਸ਼ ਨਹੀਂ ਕੀਤਾ ਗਿਆ। ਅਜਿਹਾ ਕਰਨ ਕਰਕੇ ਉਸ ਵੱਲੋਂ ਐਕਟ/ਰੂਲਾਂ ਦੀ ਉਲੰਘਣਾ ਕੀਤੀ ਗਈ ਹੈ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਦੇ ਸੈਕਸ਼ਨ 6 (1) (ਈ) ਦੀ ਉਲੰਘਣਾ ਕਰਨ ਕਰਕੇ ਫਰਮ ਡੇਨਵਰ ਇੰਸਟੀਚਿਊਟ ਲਾਇਸੰਸ ਨੰ: 635/ਆਈ.ਸੀ. ਮਿਤੀ 26.12.2023 ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਐਕਟ/ ਰੂਲਜ਼ ਅਨੁਸਾਰ ਜੇਕਰ ਭਵਿੱਖ ਵਿੱਚ ਉਕਤ ਪ੍ਰਾਰਥਣ/ ਫਰਮ/ ਮਾਲਕ ਦੇ ਖਿਲਾਫ ਕੋਈ ਵੀ ਸ਼ਿਕਾਇਤ ਆਦਿ ਪ੍ਰਾਪਤ ਹੁੰਦੀ ਹੈ ਤਾਂ ਉਸ ਲਈ ਉਕਤ ਪ੍ਰਾਰਥਣ/ਫਰਮ/ਫਰਮ ਮਾਲਕ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਖੁਦ ਜ਼ਿੰਮੇਵਾਰ ਹੋਣਗੇ।

# ਨਿਊਰੋਪੈਡੀਕੋਨ 2026 ਵਿਖੇ ਪੀ.ਜੀ.ਆਈ. ਚੰਡੀਗੜ੍ਹ ਲਈ ਮਾਣ

**ਚੰਡੀਗੜ੍ਹ, 27 ਅਕਤੂਬਰ, (ਪੈ.ਗਾਮ-ਏ-ਜਗਤ)**

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਨੇ ਹਾਲ ਹੀ ਵਿੱਚ ਲਖਨਊ ਵਿੱਚ ਆਯੋਜਿਤ ਅਕੈਡਮੀ ਆਫ਼ ਪੀਡੀਆਟ੍ਰਿਕ ਨਿਊਰੋਲੋਜੀ, ਇੰਡੀਆ ਦੀ 25ਵੀਂ ਰਾਸ਼ਟਰੀ ਕਾਨਫਰੰਸ ਨਿਊਰੋਪੈਡੀਕੋਨ 2026 ਵਿੱਚ ਵਿਸ਼ੇਸ਼ਤਾ ਹਾਸਲ ਕੀਤੀ।

ਪੀਜੀਆਈਐਮਈਆਰ, ਚੰਡੀਗੜ੍ਹ ਦੇ ਬਾਲ ਰੋਗ ਵਿਭਾਗ ਦੀ ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ ਦੇ ਪ੍ਰੋ. ਜਿਤੇਂਦਰ ਕੁਮਾਰ ਸਾਹੂ ਅਤੇ ਅਕੈਡਮੀ ਆਫ਼ ਪੀਡੀਆਟ੍ਰਿਕ ਨਿਊਰੋਲੋਜੀ, ਇੰਡੀਆ ਦੇ ਰਾਸ਼ਟਰੀ ਚੇਅਰਪਰਸਨ ਨੇ ਕਾਨਫਰੰਸ ਵਿੱਚ ਪ੍ਰੈਜ਼ੀਡੈਂਸ਼ੀਅਲ ਓਰੇਸ਼ਨ ਦਿੱਤਾ। ਓਰੇਸ਼ਨ ਸੋਸਾਇਟੀ ਦੇ ਸਭ ਤੋਂ ਵੱਕਾਰੀ ਅਕਾਦਮਿਕ ਸੰਬੋਧਨਾਂ ਵਿੱਚੋਂ ਇੱਕ ਹੈ ਅਤੇ ਭਾਰਤ ਵਿੱਚ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਵਿਸ਼ੇਸ਼ ਤੌਰ 'ਤੇ ਬਚਪਨ ਦੀ ਮਿਰਗੀ ਦੇ ਖੇਤਰ ਵਿੱਚ ਪ੍ਰੋ. ਸਾਹੂ ਦੀ ਅਗਵਾਈ ਅਤੇ ਨਿਰੰਤਰ ਯੋਗਦਾਨ ਨੂੰ ਦਰਸਾਉਂਦਾ ਹੈ। ਸੰਸਥਾ ਦੀਆਂ ਪ੍ਰਾਪਤੀਆਂ ਵਿੱਚ ਵਾਧਾ ਕਰਦਿਆਂ, ਪੀਜੀਆਈਐਮਈਆਰ, ਚੰਡੀਗੜ੍ਹ ਦੀ ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ ਦੀ ਸੀਨੀਅਰ ਰੈਜ਼ੀਡੈਂਟ ਡਾ. ਸੌਰਜਾ ਦੱਤਾ ਨੂੰ ਇਨਫੈਂਟਾਈਲ ਐਪੀਲੈਪਟਿਕ ਸਪਾਜ਼ਮ ਸਿੰਡਰੋਮ ਦੀ ਐਪੀਡੈਮੀਓਲੋਜੀ ਦੇ ਟੈਂਪੋਰਲ ਰੁਝਾਨਾਂ 'ਤੇ ਉਨ੍ਹਾਂ ਦੇ ਕੰਮ ਲਈ ਸਰਵੋਤਮ ਮੌਖਿਕ ਪੇਸ਼ਕਾਰੀ ਪੁਰਸਕਾਰ ਪ੍ਰਾਪਤ ਹੋਇਆ। ਨਿਊਰੋਪੈਡੀਕੋਨ ਦੇ 25ਵੇਂ ਐਡੀਸ਼ਨ ਵਿੱਚ ਦੇਸ਼ ਭਰ ਦੇ ਪੀਡੀਆਟ੍ਰਿਕ ਨਿਊਰੋਲੋਜਿਸਟ, ਬਾਲ ਰੋਗ ਮਾਹਰ, ਖੋਜਕਰਤਾ ਅਤੇ ਟਰੇਨੀ ਇਕੱਠੇ ਹੋਏ ਤਾਂ ਜੋ ਨਿਊਰੋਲੋਜੀਕਲ ਵਿਕਾਰਾਂ ਵਾਲੇ ਬੱਚਿਆਂ ਦੇ ਨਿਦਾਨ, ਇਲਾਜ ਅਤੇ ਦੇਖਭਾਲ ਵਿੱਚ ਹਾਲੀਆ ਤਰੱਕੀ 'ਤੇ ਚਰਚਾ ਕੀਤੀ ਜਾ ਸਕੇ। ਇਸ ਰਾਸ਼ਟਰੀ ਮੰਚ 'ਤੇ ਪੀਜੀਆਈਐਮਈਆਰ ਟੀਮ ਨੂੰ ਮਿਲੀ ਮਾਨਤਾ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਕਲੀਨਿਕਲ ਦੇਖਭਾਲ, ਖੋਜ ਅਤੇ ਸਿਖਲਾਈ ਵਿੱਚ ਉੱਤਮਤਾ ਲਈ ਸੰਸਥਾ ਦੀ ਨਿਰੰਤਰ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।

# ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਾਰਵੇ ਸੰਸਦ ਦੇ ਪ੍ਰਧਾਨ ਮਸੂਦ ਗੁਰਾਹਖਾਨੀ ਨਾਲ ਕੀਤੀ ਮੁਲਾਕਾਤ

**ਪੈ.ਗਾਮ-ਏ-ਜਗਤ/ਅੰਬਾਲਾ, 27 ਅਕਤੂਬਰ (ਆਰ.ਸਿੰਘ)**

ਓਸਲੋ (ਨਾਰਵੇ) ਤੋਂ ਜਸਕਰਨ ਸਿੰਘ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਨਾਰਵੇ ਸੰਸਦ ਦੇ ਪ੍ਰਧਾਨ ਸ੍ਰੀ ਮਸੂਦ ਗੁਰਾਹਖਾਨੀ ਦੀ ਇੱਕ ਵਿਸ਼ੇਸ਼ ਮੁਲਾਕਾਤ ਓਸਲੋ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਹੋਈ। ਸ੍ਰੀ ਮਸੂਦ ਗ?ਹਰਾਹਖਾਨੀ ਵੱਲੋਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਉਨ੍ਹਾਂ ਨਾਲ ਗਏ ਸਿੱਖ ਵਫ਼ਦ ਦਾ ਨਿੱਘਾ ਸੁਆਗਤ ਕੀਤਾ ਗਿਆ। ਜਥੇਦਾਰ ਗੜਗੱਜ ਨੇ ਇਸ ਮੌਕੇ ਸ੍ਰੀ ਗ?ਹਰਾਹਖਾਨੀ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਆਉਣ ਦਾ ਵਿਸ਼ੇਸ਼ ਸੱਦਾ ਦਿੱਤਾ।

ਇਸ ਮੁਲਾਕਾਤ ਵਿੱਚ ਨਾਰਵੇ ਤੋਂ ਸ. ਗੁਰਦਿਆਲ ਸਿੰਘ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਓਸਲੋ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਪਰਮਜੀਤ ਸਿੰਘ, ਸ. ਬਲਜੀਤ ਸਿੰਘ, ਸ. ਗੁਰਿੰਦਰ ਸਿੰਘ, ਸ. ਭੁਪਿੰਦਰ ਸਿੰਘ, ਸ. ਇਕਬਾਲ ਸਿੰਘ ਅਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ



ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਵੀ ਹਾਜ਼ਰ ਰਹੇ।

ਮੁਲਾਕਾਤ ਦੌਰਾਨ ਸ੍ਰੀ ਮਸੂਦ ਗੁਰਾਹਖਾਨੀ ਅਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਚਕਾਰ ਨਾਰਵੇ ਵਿਖੇ ਸਿੱਖਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਅਤੇ ਇਸ ਦੇਸ਼ ਦੀ ਤਰੱਕੀ ਤੇ ਵਿਕਾਸ ਵਿੱਚ ਪਾਏ ਜਾ ਰਹੇ ਯੋਗਦਾਨ ਬਾਰੇ ਚਰਚਾ ਹੋਈ। ਉਨ੍ਹਾਂ ਸ੍ਰੀ ਗ?ਹਰਾਹਖਾਨੀ ਨੂੰ ਨਾਰਵੇ ਅੰਦਰ ਸਿੱਖਾਂ ਨੂੰ ਆ ਰਹੀਆਂ ਕੁਝ ਕੁ ਮੁਸ਼ਕਲਾਂ ਬਾਰੇ ਵੀ ਜਾਣੂ ਕਰਵਾਇਆ ਜਿਸ ਉੱਤੇ ਉਨ੍ਹਾਂ ਸਿੱਖ ਵਫ਼ਦ ਨੂੰ ਸਕਾਰਾਤਮਕ ਹੱਲ ਦਾ ਭਰੋਸਾ ਦਿੱਤਾ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਾਰਵੇ ਸਰਕਾਰ ਵੱਲੋਂ ਵਿਸਾਖੀ ਮੌਕੇ ਹਰ ਸਾਲ ਸਿੱਖ ਦਸਤਾਰ ਦਿਵਸ ਮਨਾਉਣ ਦੇ ਫ਼ੈਸਲੇ ਦੀ ਸ਼ਲਾਘਾ ਕੀਤੀ ਅਤੇ ਇਸ ਲਈ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਨਾਲ ਨਾਰਵੇ ਦੇ ਸਥਾਨਕ ਭਾਈਚਾਰੇ ਵਿਚਕਾਰ ਸਿੱਖ ਪਛਾਣ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਬਹੁਤ ਮਦਦ ਮਿਲੀ ਹੈ ਅਤੇ ਨਾਰਵੇ ਦੇ ਲੋਕ ਸਿੱਖ ਦਸਤਾਰ ਨੂੰ ਮਾਣ ਸਤਿਕਾਰ ਦੇ ਰਹੇ ਹਨ।

ਸ੍ਰੀ ਮਸੂਦ ਗ?ਹਰਾਹਖਾਨੀ ਨੇ ਕੋਵਿਡ-19 ਮਹਾਮਾਰੀ ਦੌਰਾਨ ਨਾਰਵੇ ਅੰਦਰ ਸਿੱਖਾਂ ਤੇ ਸਿੱਖ ਸੰਸਥਾਵਾਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅੱਜ ਵੀ ਜਦੋਂ ਨਾਰਵੇ ਅੰਦਰ ਭਾਈਚਾਰਿਆਂ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਸਿੱਖ ਹਮੇਸ਼ਾ ਮੂਹਰੇ ਹੋ ਕੇ ਨਿਸ਼ਕਾਮ ਸੇਵਾਵਾਂ ਨਿਭਾਉਂਦੇ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਨਾਰਵੇ ਵਿੱਚ ਸਿੱਖਾਂ ਨੇ ਦੇਸ਼ ਦੇ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਜੀਵਨ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ। ਆਪਣੀ ਮਿਹਨਤ, ਉੱਦਮ, ਪੇਸ਼ੇਵਰ ਸੇਵਾਵਾਂ, ਭਾਈਚਾਰਕ ਸ਼ਮੂਲੀਅਤ ਅਤੇ ਸਿੱਖੀ ਸਿਧਾਂਤਾਂ ਅਨੁਸਾਰ ਸੇਵਾ ਦੇ ਉਪਰਾਲਿਆਂ ਰਾਹੀਂ ਸਿੱਖਾਂ ਨੇ ਨਾਰਵੇ ਵਿੱਚ ਅਹਿਮ ਭੂਮਿਕਾ ਨਿਭਾਈ ਹੈ ਅਤੇ ਨਾਲ ਹੀ ਇਸ ਦੇ ਬਹੁ-ਸੱਭਿਆਚਾਰਕ ਸਮਾਜ ਨੂੰ ਹੋਰ ਸਮਰੱਥ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸੇਵਾ, ਸਮਾਨਤਾ, ਆਪਸੀ ਸਾਂਝ ਅਤੇ ਸਾਰੇ ਧਰਮਾਂ ਦੇ ਸਤਿਕਾਰ ਪ੍ਰਤੀ ਸਿੱਖਾਂ ਦੀ ਵਚਨਬੱਧਤਾ ਅਜਿਹੇ ਮੁੱਲਾਂ ਦੀ ਪ੍ਰਤੀਕ ਹੈ, ਜੋ ਸਮਾਜਿਕ ਏਕਤਾ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।

ਉਨ੍ਹਾਂ ਕਿਹਾ ਕਿ ਸ੍ਰੀ ਮਸੂਦ ਗੁਰਾਹਖਾਨੀ ਦੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਆਉਣ ਨਾਲ ਉਹ ਸਿੱਖ ਸਿਧਾਂਤਾਂ ਨੂੰ ਨੇੜਿਓਂ ਜਾਣਨਗੇ ਅਤੇ ਸਿੱਖਾਂ ਤੇ ਨਾਰਵੇ ਦੇ ਲੋਕਾਂ ਦਰਮਿਆਨ ਦੋਸਤੀ, ਆਪਸੀ ਸਤਿਕਾਰ ਅਤੇ ਸਮਝ ਦੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦਾ ਇੱਕ ਅਰਥਪੂਰਨ ਮੌਕਾ ਹੋਵੇਗਾ।

# ਏ.ਡੀ.ਸੀ ਵੱਲੋਂ 10 ਵੱਖ-ਵੱਖ ਫਰਮਾਂ ਦੇ ਲਾਇਸੰਸ ਰੱਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ 27 ਅਕਤੂਬਰ, (ਪੈ.ਗਾਮ-ਏ-ਜਗਤ)**

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਜ਼ਿਲ੍ਹੇ ਦੀਆਂ 10 ਟਰੈਵਲ, ਇਮੀਗ੍ਰੇਸ਼ਨ ਅਤੇ ਆਈਲੈਟਸ ਨਾਲ ਸਬੰਧਤ ਫਰਮਾਂ/ਕੰਪਨੀਆਂ ਦੇ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੇ ਗਏ ਹਨ। ਇਹ ਕਾਰਵਾਈ ਲਾਇਸੰਸਾਂ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਨਵੀਨੀਕਰਨ ਲਈ ਅਰਜ਼ੀਆਂ ਨਾ ਦੇਣ ਕਾਰਨ ਕੀਤੀ ਗਈ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬੰਧਤ ਫਰਮਾਂ ਨੂੰ ਪਹਿਲਾਂ ਨਿਰਧਾਰਤ ਨਿਯਮਾਂ ਤਹਿਤ ਲਾਇਸੰਸ ਜਾਰੀ ਕੀਤੇ ਗਏ ਸਨ, ਪਰ ਲਾਇਸੰਸਾਂ ਦੀ ਮਿਆਦ ਸਮਾਪਤ ਹੋਣ ਦੇ ਬਾਵਜੂਦ ਇਨ੍ਹਾਂ ਵੱਲੋਂ ਨਵੀਨੀਕਰਨ ਲਈ ਸਬੰਧਤ ਦਫ਼ਤਰ ਵਿੱਚ ਅਰਜ਼ੀ ਪੇਸ਼ ਨਹੀਂ ਕੀਤੀ ਗਈ। ਇਸ ਨੂੰ ਮੁੱਖ ਰੱਖਦਿਆਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਉਨ੍ਹਾਂ ਦੱਸਿਆਂ ਕਿ ਲਾਇਸੰਸ ਰੱਦ ਕੀਤੀਆਂ ਗਈਆਂ ਫਰਮਾਂ ਵਿੱਚ ਮੈਸ: ਮੇਯੋ ਐਮ.ਡੀ., ਐੱਫ.ਏ. ਐਜੂਕੇਸ਼ਨਜ਼, ਮੈਸ: ਕੇ. ਆਈਲੈਟਸ ਕਲਾਸਿਜ਼, ਮੈਸ: ਹਾਈਲਾਈਨ ਆਈਲੈਟਸ ਐਂਡ ਇਮੀਗ੍ਰੇਸ਼ਨ ਸਰਵਿਸਿਜ਼, ਸਟੈਨਬੈਰੀ ਐਜੂ ਸਿਟੀ ਪ੍ਰਾਈਵੇਟ ਲਿਮਟਿਡ, ਬੁੱਲਜ਼ਆਈ ਮਾਈਗ੍ਰੇਸ਼ਨ ਐਂਡ ਐਜੂਕੇਸ਼ਨ ਸਰਵਿਸਿਜ਼, ਵੀ.ਜੀ. ਕੰਸਲਟੈਂਟਸ, ਸਰਾਓ ਸਰਵਿਸਿਜ਼, ਹਰਸੁੱਖ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਅਤੇ ਸੀਰਤ ਇੰਸਟੀਚਿਊਟ ਐਲ.ਐਲ.ਪੀ. ਸ਼ਾਮਲ ਹਨ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੈਵਲ ਪ੍ਰੋਫ਼ੈਸ਼ਨਲ ਰੈਗੂਲੇਸ਼ਨ ਐਕਟ 2012 ਦੀ ਧਾਰਾ 6(1)(ਈ) ਦੇ ਉਪਬੰਧਾਂ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਦਸ ਫਰਮਾਂ ਨੂੰ ਜਾਰੀ ਲਾਇਸੰਸ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤੇ ਗਏ ਹਨ। ਇਸ ਤੋਂ ਇਲਾਵਾ ਐਕਟ/ਰੂਲਾਂ ਵਿੱਚ ਦਰਸਾਏ ਅਨੁਸਾਰ ਉਕਤ ਪ੍ਰਾਰਥੀ/ ਪ੍ਰਾਰਥਣ/ ਫਰਮਾਂ/ਫਰਮਾਂ ਦੇ ਮਾਲਕਾਂ/ ਪਾਰਟਨਰਾਂ/ ਕੰਪਨੀਆਂ/ ਕੰਪਨੀਆਂ ਦੇ ਡਾਇਰੈਕਟਰਾਂ ਦੇ ਖਿਲਾਫ ਭਵਿੱਖ ਵਿੱਚ ਜੇਕਰ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਪ੍ਰਾਰਥੀ/ ਪ੍ਰਾਰਥਣ/ ਫਰਮਾਂ/ਫਰਮਾਂ ਦੇ ਮਾਲਕਾਂ/ ਪਾਰਟਨਰਾਂ/ ਕੰਪਨੀਆਂ/ ਕੰਪਨੀਆਂ ਦੇ ਡਾਇਰੈਕਟਰ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਖੁਦ ਜ਼ਿੰਮੇਵਾਰ ਹੋਣਗੇ।

# ਪਲਵਲ ਜ਼ਿਲ੍ਹੇ ਦੇ ਪੱਤਰਕਾਰਾਂ ਨੂੰ 5 ਲੱਖ ਰੁਪਏ ਦੀ ਮੁਫ਼ਤ ਬੀਮਾ ਪਾਲਿਸੀ, ਪ੍ਰੈੱਸ ਪਛਾਣ ਪੱਤਰ ਅਤੇ ਵਾਹਨ ਪਾਸ ਵੰਡੇ ਗਏ

**ਪੈ.ਗਾਮ-ਏ-ਜਗਤ/ਚੰਡੀਗੜ੍ਹ/ਪਲਵਲ 26 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ)**

ਹਰਿਆਣਾ ਦੇ ਪੱਤਰਕਾਰਾਂ ਦੀ ਟਰੇਡ ਯੂਨੀਅਨ 'ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ' ਵੱਲੋਂ ਅੱਜ ਮੁਫ਼ਤ ਬੀਮਾ ਪਾਲਿਸੀ ਵੰਡ ਮੁਹਿੰਮ ਤਹਿਤ ਪਲਵਲ ਜ਼ਿਲ੍ਹੇ ਦੇ ਪੱਤਰਕਾਰਾਂ ਨੂੰ 5 ਲੱਖ ਰੁਪਏ ਦੀ ਮੁਫ਼ਤ ਬੀਮਾ ਪਾਲਿਸੀ, ਪ੍ਰੈੱਸ ਪਛਾਣ ਪੱਤਰ ਅਤੇ ਵਾਹਨ ਪਾਸ ਵੰਡੇ ਗਏ। ਸ਼੍ਰਮਜੀਵੀ ਪੱਤਰਕਾਰ ਸੰਘ

- **ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਕਿਹਾ ਕਿ 'ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ' ਦਾ ਉਪਰਾਲਾ ਸ਼ਲਾਘਾਯੋਗ ਹੈ**
- **ਸੰਘ ਦੀ ਸੰਸਥਾਪਕ ਅਤੇ ਸੂਬਾ ਪ੍ਰਧਾਨ ਡਾ. ਇੰਦੂ ਬੰਸਲ ਜੈਨ ਨੇ ਕਿਹਾ ਕਿ ਪੱਤਰਕਾਰਾਂ ਦੇ ਮਾਣ-ਸਨਮਾਨ ਅਤੇ ਉੱਨਤੀ ਲਈ ਸੰਘਰਸ਼ ਜਾਰੀ ਰਹੇਗਾ**

ਹਰਿਆਣਾ ਵੱਲੋਂ ਪਲਵਲ ਦੇ ਸਥਾਨਕ 'ਹਵੇਲੀ ਰਿਜ਼ੋਰਟ' ਵਿੱਚ ਪੱਤਰਕਾਰਾਂ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੌਰਾਨ ਪੱਤਰਕਾਰਾਂ ਨੂੰ 5 ਲੱਖ ਰੁਪਏ ਦੀ ਮੁਫ਼ਤ ਬੀਮਾ ਪਾਲਿਸੀ, ਪ੍ਰੈੱਸ ਪਛਾਣ ਪੱਤਰ ਅਤੇ ਵਾਹਨ ਪਾਸ ਵੰਡੇ ਗਏ। ਪ੍ਰੋਗਰਾਮ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਡਾ. ਇੰਦੂ ਬੰਸਲ ਜੈਨ ਨੇ ਕੀਤੀ, ਜਦੋਂ ਕਿ ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ। ਪ੍ਰੋਗਰਾਮ ਵਿੱਚ ਪਹੁੰਚਣ 'ਤੇ ਸੰਘ ਵੱਲੋਂ ਸਾਰੇ ਮਹਿਮਾਨਾਂ ਦਾ ਫੁੱਲਾਂ ਦੀਆਂ ਮਾਲਾਵਾਂ, ਗੁਲਦਸਤਿਆਂ ਅਤੇ ਸ਼ਾਲਾਂ ਭੇਟ ਕਰਕੇ ਜ਼ੋਰਦਾਰ ਸਵਾਗਤ ਕੀਤਾ



ਗਿਆ।

ਪ੍ਰੋਗਰਾਮ ਦਾ ਮੁੱਖ ਉਦੇਸ਼ ਪੱਤਰਕਾਰਾਂ ਨੂੰ ਆਰਥਿਕ ਅਤੇ ਸਰੀਰਕ ਸੁਰੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਪੇਸ਼ੇਵਰ ਪਛਾਣ ਨੂੰ ਮਜ਼ਬੂਤ ਕਰਨਾ ਸੀ।

ਪ੍ਰੋਗਰਾਮ ਵਿੱਚ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਦੀ ਇਸ ਇਤਿਹਾਸਕ ਪਹਿਲ ਦੀ ਸ਼ਲਾਘਾ ਕਰਦਿਆਂ ਪੱਤਰਕਾਰਾਂ ਦੀ ਏਕਤਾ, ਸੁਰੱਖਿਆ ਅਤੇ ਨਿਰਪੱਖ ਪੱਤਰਕਾਰੀ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪੱਤਰਕਾਰ ਸਮਾਜ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ ਅਤੇ ਪੱਤਰਕਾਰਾਂ ਦੇ ਹਿੱਤਾਂ, ਸੁਰੱਖਿਆ ਅਤੇ ਭਲਾਈ ਲਈ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਜਾਰੀ ਰਹਿਣੀਆਂ ਚਾਹੀਦੀਆਂ ਹਨ। ਸੰਘ ਦੀ ਸੂਬਾ ਪ੍ਰਧਾਨ ਡਾ. ਇੰਦੂ ਬੰਸਲ ਜੈਨ, ਜ਼ਿਲ੍ਹਾ ਪ੍ਰਧਾਨ ਭੂਸ਼ਣ ਓਹਲਿਆਣ ਅਤੇ ਆਪਣੇ ਮੀਡੀਆ ਕੋਆਰਡੀਨੇਟਰ ਨਿਤਿਨ ਸ਼ਰਮਾ ਨਾਲ ਵਿਚਾਰ-ਵਟਾਂਦਰਾ ਕਰਕੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਨੂੰ 11 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।

ਜਦਕਿ, ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਦੀ ਸੰਸਥਾਪਕ ਅਤੇ ਸੂਬਾ ਪ੍ਰਧਾਨ ਡਾ. ਇੰਦੂ ਬੰਸਲ ਜੈਨ ਨੇ ਕਿਹਾ ਕਿ ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਵੱਲੋਂ ਭਵਿੱਖ ਵਿੱਚ ਵੀ ਪੱਤਰਕਾਰਾਂ ਦੇ ਹਿੱਤਾਂ ਦੀ ਲੜਾਈ ਅਤੇ ਭਲਾਈ ਦੀਆਂ ਯੋਜਨਾਵਾਂ ਬਣਾਈਆਂ ਜਾਂਦੀਆਂ ਰਹਿਣਗੀਆਂ। ਡਾ. ਬੰਸਲ ਨੇ ਕਿਹਾ ਕਿ ਬੀਮਾ ਪਾਲਿਸੀ ਦੇ ਇਸੇ ਸਿਲਸਿਲੇ ਤਹਿਤ ਹਰਿਆਣਾ ਦੇ ਸਾਰੇ ਜ਼ਿਲ੍ਹਿਆਂ ਦੇ ਸੈਂਕੜੇ ਪੱਤਰਕਾਰਾਂ ਨੂੰ ਮੁਫ਼ਤ ਬੀਮਾ ਪਾਲਿਸੀ ਵੰਡੀਆਂ ਜਾਣਗੀਆਂ।

ਇਸ ਮੌਕੇ 'ਤੇ ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਦੇ ਸੂਬਾ ਜਨਰਲ ਸਕੱਤਰ ਨਵੀਨ ਬੰਸਲ, ਪਲਵਲ ਜ਼ਿਲ੍ਹਾ ਇਕਾਈ ਦੇ ਪ੍ਰਧਾਨ ਭੂਸ਼ਣ ਓਹਲਿਆਣ ਅਤੇ ਪਲਵਲ ਜ਼ਿਲ੍ਹੇ ਦੇ ਸੀਨੀਅਰ ਪੱਤਰਕਾਰ ਕ੍ਰਿਸ਼ਨ ਕੁਮਾਰ ਛਾਬੜਾ, ਪ੍ਰਵੀਨ ਆਹੂਜਾ, ਸੁਰੇਸ਼ ਗੁਪਤਾ, ਅਸ਼ੋਕ ਸਰਦਾਨਾ, ਅਜੈ ਪ੍ਰਤਾਪ, ਰਾਜ ਕੁਮਾਰ ਭਾਟੀਆ, ਕਮਲ ਕਾਂਤ, ਨਿਕੁੰਜ ਗਰਗ, ਰਾਕੇਸ਼ ਗੋਇਲ, ਯਸ਼ਵੀਰ, ਬਲਰਾਮ ਬੰਸਲ, ਸਤਬੀਰ ਸੋਨੂੰ, ਰੁਸਤਮ ਜਾਖੜ, ਸੌਰਭ ਵਰਮਾ, ਵਿਨੋਦ ਸ਼ਰਮਾ, ਗੌਰਵ ਗੋਇਲ, ਕਰਤਾਰ, ਅਜੈ ਚੌਹਾਨ, ਹਰੀਸ਼, ਉਮੰਗ ਵਾਲੀਆ ਅਤੇ ਸ਼੍ਰਮਜੀਵੀ ਪੱਤਰਕਾਰ ਸੰਘ ਹਰਿਆਣਾ ਦੀ ਪਲਵਲ ਜ਼ਿਲ੍ਹਾ ਇਕਾਈ ਦੇ ਸਾਰੇ ਮੈਂਬਰ ਅਤੇ ਅਹੁਦੇਦਾਰ ਹਾਜ਼ਰ ਸਨ।

# ਪੀ.ਜੀ.ਆਈ.ਐਮ.ਈ.ਆਰ. ਵਿਖੇ ਵਿਜ਼ੀਲੈਂਸ ਜਾਗਰੂਕਤਾ ਹਫ਼ਤੇ ਦਾ ਪਾਲਣ

**ਚੰਡੀਗੜ੍ਹ, 27 ਅਕਤੂਬਰ (ਪੈ.ਗਾਮ-ਏ-ਜਗਤ)**

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਚੰਡੀਗੜ੍ਹ, ਜਨਤਕ ਸੇਵਾ ਵਿੱਚ ਇਮਾਨਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਵਿਆਪੀ ਪਹਿਲ ਦੇ ਹਿੱਸੇ ਵਜੋਂ 26 ਅਕਤੂਬਰ ਤੋਂ 1 ਨਵੰਬਰ, 2026 ਤੱਕ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾ ਰਿਹਾ ਹੈ।

ਆਪਣੀ ਰੋਕਥਾਮ ਵਿਜੀਲੈਂਸ ਪਹਿਲ ਦੇ ਹਿੱਸੇ ਵਜੋਂ, ਪੀਜੀਆਈਐਮਈਆਰ ਦੇ ਵਿਜੀਲੈਂਸ ਵਿਭਾਗ ਨੇ ਰੋਜ਼ਾਨਾ ਦੇ ਸਰਕਾਰੀ ਕੰਮ ਵਿੱਚ ਨੈਤਿਕ ਆਚਰਣ, ਪਾਰਦਰਸ਼ਤਾ ਅਤੇ ਸੰਸਥਾਗਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਨੂੰ ਉਤਸ਼ਾਹਿਤ ਕਰਨ ਲਈ ਫੈਕਲਟੀ ਮੈਂਬਰਾਂ ਅਤੇ ਸਟਾਫ਼ ਲਈ ਇੱਕ ਵਿਹਾਰਕ ਚੈੱਕਲਿਸਟ ਜਾਰੀ ਕੀਤੀ ਹੈ। ਚੈੱਕਲਿਸਟ ਫੈਸਲਾ ਲੈਣ, ਖਰੀਦ ਅਤੇ ਵਿੱਤੀ ਪ੍ਰਕਿਰਿਆਵਾਂ, ਦਸਤਾਵੇਜ਼ੀਕਰਨ, ਨਿਰਪੱਖਤਾ, ਹਿੱਤਾਂ ਦੇ ਟਕਰਾਅ ਦੇ ਪ੍ਰਬੰਧਨ, ਤਕਨਾਲੋਜੀ ਅਤੇ ਰਿਕਾਰਡਾਂ ਦੀ ਜ਼ਿੰਮੇਵਾਰ ਵਰਤੋਂ ਅਤੇ ਸਥਾਪਿਤ ਪ੍ਰਕਿਰਿਆਵਾਂ ਅਨੁਸਾਰ ਸਮੇਂ ਸਿਰ ਕਾਰਵਾਈ ਲਈ ਇੱਕ ਤਿਆਰ ਹਵਾਲਾ ਅਤੇ ਸਵੈ-ਜਾਂਚ ਸਾਧਨ ਵਜੋਂ ਕੰਮ ਕਰਦੀ ਹੈ।

ਇਹ ਪਹਿਲ ਇਸ ਗੱਲ 'ਤੇ ਜ਼ੋਰ ਦਿੰਦੀ ਹੈ ਕਿ ਰੋਕਥਾਮ ਵਿਜੀਲੈਂਸ ਸਿਰਫ਼ ਇੱਕ ਪਾਲਣਾ ਦੀ ਲੋੜ ਨਹੀਂ ਹੈ, ਸਗੋਂ ਇੱਕ ਸਾਂਝੀ ਸੰਸਥਾਗਤ ਜ਼ਿੰਮੇਵਾਰੀ ਹੈ। ਸਪੱਸ਼ਟ ਪ੍ਰਕਿਰਿਆਵਾਂ, ਉਚਿਤ ਦਸਤਾਵੇਜ਼ੀਕਰਨ, ਨਿਰਪੱਖ ਫੈਸਲਾ ਲੈਣਾ ਅਤੇ ਸਮੇਂ ਸਿਰ ਕਾਰਵਾਈ ਟਾਲਣਯੋਗ ਗਲਤੀਆਂ ਨੂੰ ਰੋਕਣ, ਪ੍ਰਕਿਰਿਆਤਮਕ ਖਾਮੀਆਂ ਨੂੰ ਘਟਾਉਣ ਅਤੇ ਸੰਸਥਾਗਤ ਕੰਮਕਾਜ ਵਿੱਚ ਜਨਤਕ ਵਿਸ਼ਵਾਸ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰ ਸਕਦੀ ਹੈ। ਪਾਲਣ ਦੇ ਹਿੱਸੇ ਵਜੋਂ, 27 ਅਕਤੂਬਰ, 2026 ਨੂੰ ਇਮਾਨਦਾਰੀ ਸਹੁੰ ਚੁਕਾਈ ਗਈ, ਜੋ ਪ੍ਰੋ. ਵਿਵੇਕ ਲਾਲ, ਡਾਇਰੈਕਟਰ, ਪੀਜੀਆਈਐਮਈਆਰ; ਪ੍ਰੋ. ਸੁਨੀਲ ਡੋਗਰਾ, ਚੀਫ ਵਿਜੀਲੈਂਸ ਅਫਸਰ; ਹੋਰ ਸੀਨੀਅਰ ਅਧਿਕਾਰੀਆਂ, ਅਫਸਰਾਂ ਅਤੇ ਸਟਾਫ਼ ਦੁਆਰਾ ਲਈ ਗਈ। ਸਹੁੰ ਨਾਮਜ਼ਦ ਅਧਿਕਾਰੀਆਂ ਦੁਆਰਾ ਆਪਣੇ ਸਬੰਧਤ ਖੇਤਰਾਂ ਅਤੇ ਵਿਭਾਗਾਂ ਵਿੱਚ ਵੀ ਚੁਕਾਈ ਗਈ। ਕਰਮਚਾਰੀਆਂ ਨੂੰ ਕੇਂਦਰੀ ਵਿਜੀਲੈਂਸ ਕਮਿਸ਼ਨ ਦੀ ਵੈੱਬਸਾਈਟ ਰਾਹੀਂ ਈ-ਸਹੁੰ ਲੈਣ ਲਈ ਉਤਸ਼ਾਹਿਤ ਕੀਤਾ ਗਿਆ।

## ਸ.ਫ਼ਾ 1 ਦਾ ਬਾਕੀ...

**ਪੰਜਾਬ ਦੇ ਹਾਕੀ...**

ਯੋਗਦਾਨ ਨੂੰ ਯਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀਆਂ ਪ੍ਰਾਪਤੀਆਂ ਨੌਜਵਾਨ ਖਿਡਾਰੀਆਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀਆਂ ਰਹਿਣਗੀਆਂ। ਉਨ੍ਹਾਂ ਕਿਹਾ,"1952 ਦੀਆਂ ਹੈਲਸਿੰਕੀ ਓਲੰਪਿਕ ਦੇ ਫਾਈਨਲ ਵਿੱਚ ਬਲਬੀਰ ਸਿੰਘ ਸੀਨੀਅਰ ਵੱਲੋਂ ਪੰਜ ਗੋਲ ਕਰਨ ਦੀ ਸਾਨਦਾਰ ਪ੍ਰਾਪਤੀ ਭਾਰਤੀ ਹਾਕੀ ਇਤਿਹਾਸ ਦਾ ਲਾਸਾਨੀ ਅਧਿਆਏ ਹੈ। ਊਧਮ ਸਿੰਘ ਦਾ ਚਾਰ ਓਲੰਪਿਕ ਖੇਡਣਾ ਅਤੇ ਤਗਮੇ ਜਿੱਤਣ ਦਾ ਪ੍ਰਭਾਵਸਾਲੀ ਰਿਕਾਰਡ ਵੀ ਸਾਡੇ ਲਈ ਪ੍ਰੇਰਨਾਦਾਇਕ ਹੈ।" ਮੁੱਖ ਮੰਤਰੀ ਨੇ ਕਿਹਾ ਕਿ 2021 ਵਿੱਚ ਟੋਕੀਓ ਓਲੰਪਿਕ ਅਤੇ 2024 ਵਿੱਚ ਪੈਰਿਸ ਓਲੰਪਿਕ ਵਿੱਚ ਪੁਰਸ ਹਾਕੀ ਵਿੱਚ ਭਾਰਤ ਵੱਲੋਂ ਜਿੱਤੇ ਗਏ ਕਾਂਸੀ ਦੇ ਤਗਮਿਆਂ ਨੇ ਲਗਾਤਾਰ ਓਲੰਪਿਕ ਤਗਮੇ ਜਿੱਤਣ ਦੀਆਂ ਮੁਹਿੰਮਾਂ ਦੇ 52 ਸਾਲਾਂ ਦੇ ਵਕਫੇ ਬਾਅਦ ਖੇਡ ਵਿੱਚ ਕੌਮੀ ਮਾਣ ਨੂੰ ਮੁੜ ਸੁਰਜੀਤ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,"ਦੋਵਾਂ ਟੀਮਾਂ ਵਿੱਚ ਪੰਜਾਬ ਦੀ ਮਜਬੂਤ ਨੁਮਾਇੰਦਗੀ ਭਾਰਤੀ ਹਾਕੀ ਲਈ ਸੂਬੇ ਦੀ ਨਿਰੰਤਰ ਅਹਿਮੀਅਤ ਦਾ ਪ੍ਰਤੱਖ ਪ੍ਰਮਾਣ ਹੈ। ਹਰਮਨਪ੍ਰੀਤ ਸਿੰਘ ਦੀ ਅਗਵਾਈ ਵਾਲੀ ਮੌਜੂਦਾ ਭਾਰਤੀ ਹਾਕੀ ਟੀਮ ਵਿੱਚ ਪੰਜਾਬ ਦੇ ਅੱਠ ਖਿਡਾਰੀ ਸਾਮਲ ਹਨ।"

ਉਨ੍ਹਾਂ ਕਪਤਾਨ ਅਜੀਤ ਪਾਲ ਸਿੰਘ ਦੀ ਅਗਵਾਈ ਹੇਠ ਭਾਰਤ ਦੀ 1975 ਦੀ ਸੀਨੀਅਰ ਪੁਰਸ ਹਾਕੀ ਵਿਸਵ ਕੱਪ ਜਿੱਤ ਅਤੇ 2001 ਵਿੱਚ ਗਗਨ ਅਜੀਤ ਸਿੰਘ ਤੇ 2016 ਵਿੱਚ ਹਰਜੀਤ ਸਿੰਘ ਦੀ ਅਗਵਾਈ ਹੇਠ ਜੂਨੀਅਰ ਪੁਰਸ ਵਿਸਵ ਕੱਪ ਜਿੱਤਾਂ ਵਿੱਚ ਪੰਜਾਬ ਦੇ ਯੋਗਦਾਨ ਦਾ ਵੀ ਜ਼ਿਕਰ ਕੀਤਾ। ਭਾਰਤੀ ਹਾਕੀ ਵਿੱਚ ਜਲੰਧਰ ਦੇ ਵਿਸੇਸ ਯੋਗਦਾਨ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, "ਜਲੰਧਰ ਅਤੇ ਇਸ ਦੇ ਆਸ-ਪਾਸ ਦੇ ਪਿੰਡਾਂ ਨੇ ਓਲੰਪੀਅਨਾਂ ਅਤੇ ਕੌਮਾਂਤਰੀ ਖਿਡਾਰੀਆਂ ਦੀਆਂ ਕਈ ਪੀੜ੍ਹੀਆਂ ਪੈਦਾ ਕੀਤੀਆਂ ਹਨ। ਸੰਸਾਰਪੁਰ, ਖੁਸਰੋਪੁਰ ਅਤੇ ਮਿੱਠਾਪੁਰ ਵਰਗੇ ਪਿੰਡਾਂ ਨੇ ਖੇਡ ਵਿੱਚ ਆਪਣੇ ਵਿਲੱਖਣ ਯੋਗਦਾਨ ਨਾਲ ਵਿਸਵ ਪੱਧਰ 'ਤੇ ਵੱਖਰੀ ਪਛਾਣ ਬਣਾਈ ਹੈ, ਜਿਨ੍ਹਾਂ ਵਿੱਚੋਂ 20 ਤੋਂ ਵੱਧ ਓਲੰਪੀਅਨ ਨਿਕਲੇ ਹਨ। ਇਨ੍ਹਾਂ ਪਿੰਡਾਂ ਵਿੱਚ ਹਾਕੀ ਸਿਰਫ ਇੱਕ ਖੇਡ ਨਹੀਂ ਹੈ; ਇਹ ਇੱਕ ਪੀੜ੍ਹੀ ਤੋਂ ਦੂਜੀ ਪੀੜ੍ਹੀ ਤੱਕ ਚੱਲੀ ਆ ਰਹੀ ਪਰੰਪਰਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਪੰਜਾਬ ਲਈ ਭਾਵਨਾਤਮਕ ਤੌਰ ਉਤੇ ਵਿਸੇਸ ਅਹਿਮੀਅਤ ਰੱਖਦਾ ਹੈ। ਉਨ੍ਹਾਂ ਕਿਹਾ,"ਭਾਰਤ ਦੀ 1975 ਦੀ ਇਤਿਹਾਸਕ ਹਾਕੀ ਵਿਸਵ ਕੱਪ ਜੇਤੂ ਟੀਮ ਦੇ ਮੈਂਬਰ ਸੁਰਜੀਤ ਸਿੰਘ ਦੇ ਨਾਂ 'ਤੇ ਬਣਿਆ ਇਹ ਸਟੇਡੀਅਮ ਪੰਜਾਬ ਦੇ ਹਾਕੀ ਜਗਤ ਦੀਆਂ ਕੁਰਬਾਨੀਆਂ, ਪ੍ਰਾਪਤੀਆਂ ਅਤੇ ਆਸਾਂ ਦੀ ਨੁਮਾਇੰਦਗੀ ਕਰਦਾ ਹੈ। ਇਸ ਟੂਰਨਾਮੈਂਟ ਮੌਕੇ ਸਟੇਡੀਅਮ ਵਿੱਚ ਓਲੰਪੀਅਨ ਸੁਰਜੀਤ ਸਿੰਘ ਦਾ ਇੱਕ ਬੁੱਤ ਵੀ ਸਥਾਪਿਤ ਕੀਤਾ ਗਿਆ।" ਉਨ੍ਹਾਂ ਕਿਹਾ ਕਿ ਸਟੇਡੀਅਮ ਵਿੱਚ ਚੱਲ ਰਹੇ ਪੰਜਾਬ ਇੰਸਟੀਚਿਊਟ ਆਫ ਸਪੋਰਟਸ ਸੈਂਟਰ ਅਤੇ ਖੇਲੋ ਇੰਡੀਆ ਸੈਂਟਰ ਭਵਿੱਖ ਦੇ ਹਾਕੀ ਸਿਤਾਰਿਆਂ ਨੂੰ ਹੋਰ ਨਿਖਾਰਣ ਵਿੱਚ ਮਦਦ ਕਰ ਰਹੇ ਹਨ, ਜਿਸ ਵਿੱਚ 102 ਹਾਕੀ ਖਿਡਾਰੀ ਪੰਜਾਬ ਇੰਸਟੀਚਿਊਟ ਆਫ ਸਪੋਰਟਸ ਸੈਂਟਰ ਅਤੇ 33 ਹੋਰ ਖਿਡਾਰੀ ਖੇਲੋ ਇੰਡੀਆ ਸੈਂਟਰ ਵਿੱਚ ਸਿਖਲਾਈ ਲੈ ਰਹੇ ਹਨ।

ਕੈਬਨਿਟ ਮੰਤਰੀ ਮਹਿੰਦਰ ਭਗਤ, ਵਿਧਾਇਕ ਬਲਕਾਰ ਸਿੰਘ ਅਤੇ ਈਸਾਨ ਚੱਬੇਵਾਲ, ਪ੍ਰਮੁੱਖ ਸਕੱਤਰ (ਖੇਡਾਂ) ਵਰੁਣ ਰੂਜਮ, ਡਾਇਰੈਕਟਰ (ਖੇਡਾਂ) ਅਭਿਜੀਤ ਕਪਲਿਸ, ਮੇਅਰ ਜਲੰਧਰ ਵਿਨੀਤ ਧੀਰ, ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ, ਹਾਕੀ ਇੰਡੀਆ ਦੇ ਜਨਰਲ ਸਕੱਤਰ ਭੋਲਾ ਨਾਥ, ਸੈਰ-ਸਪਾਟਾ ਸਲਾਹਕਾਰ ਦੀਪਕ ਬਾਲੀ ਅਤੇ ਹੋਰ ਵੀ ਹਾਜਰ ਸਨ।

**ਪੰਜਾਬ ਆਪਣੇ ਹਿੱਸੇ...**

ਪਾਈਪਲਾਈਨਾਂ ਵਿਛਾ ਕੇ ਅਤੇ ਨਹਿਰਾਂ ਤੇ ਖਾਲਾਂ ਦਾ ਨਵੀਨੀਕਰਨ ਕਰਕੇ ਅਸੀਂ ਸਿੰਜਾਈ ਪ੍ਰਣਾਲੀ ਨੂੰ ਮਜਬੂਤ ਕੀਤਾ ਹੈ ਅਤੇ ਕਿਸਾਨਾਂ ਤੱਕ ਪਾਣੀ ਦੀ ਪਹੁੰਚ ਵਿੱਚ ਵੱਡਾ ਸੁਧਾਰ ਲਿਆਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਲਗਭਗ ਚਾਰ ਦਹਾਕਿਆਂ ਬਾਅਦ ਕੰਢੀ ਨਹਿਰ ਨੂੰ ਸੁਰਜੀਤ ਕੀਤਾ ਹੈ ਅਤੇ ਪਠਾਨਕੋਟ, ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿੱਚ ਅੱਠ ਨਵੀਆਂ ਨਹਿਰਾਂ ਸੁਰੂ ਕੀਤੀਆਂ ਹਨ। ਉਨ੍ਹਾਂ ਕਿਹਾ, "ਇਨ੍ਹਾਂ ਪਹਿਲਕਦਮੀਆਂ ਨਾਲ ਸਿੰਜਾਈ ਦੀ ਪਹੁੰਚ ਵਿੱਚ ਮਹੱਤਵਪੂਰਨ ਸੁਧਾਰ ਹੋਇਆ ਹੈ, ਸਰਕਾਰ ਦੇ ਯਤਨਾਂ ਨਾਲ 60.80 ਲੱਖ ਏਕੜ ਰਕਬੇ ਦੀ ਸਿੰਜਾਈ ਕੀਤੀ ਜਾ ਰਹੀ ਹੈ। ਸਾਡੀ ਵਚਨਬੱਧਤਾ ਪਾਣੀ ਦੀ ਹਰੇਕ ਬੂੰਦ ਦੀ ਸਹੀ ਵਰਤੋਂ ਕਰਨਾ, ਖੇਤੀਬਾੜੀ ਨੂੰ ਮਜਬੂਤ ਕਰਨਾ ਅਤੇ ਕਿਸਾਨਾਂ ਨੂੰ ਲੋੜੀਂਦੀ ਰਾਹਤ ਪ੍ਰਦਾਨ ਕਰਨਾ ਯਕੀਨੀ ਬਣਾਉਣਾ ਹੈ।"

**ਪੰਜਾਬ ਵਿੱਚ ਤਿੰਨ...**

ਵੋਟਰ ਸੂਚੀਆਂ ਪ੍ਰਕਾਸ਼ਿਤ ਹੋਣ ਮਗਰੋਂ ਹੀ ਕੀਤੇ ਜਾਣਗੇ। ਇਸ ਤੋਂ ਪਹਿਲਾਂ ਤਬਾਦਲੇ ਲਈ ਕਮਿਸ਼ਨ ਦੀ ਮਨਜ਼ੂਰੀ ਲੈਣੀ ਪਵੇਗੀ। ਹਦਾਇਤਾਂ ਅਨੁਸਾਰ ਤਬਾਦਲੇ ਦੇ ਨਿਯਮਾਂ ਤੋਂ ਆਮ ਤੌਰ 'ਤੇ ਅਜਿਹੇ ਮੁਲਾਜ਼ਮਾਂ ਨੂੰ ਛੋਟ ਹੋਵੇਗੀ, ਜਿਨ੍ਹਾਂ ਦਾ ਚੋਣਾਂ ਨਾਲ ਸਿੱਧਾ ਸਬੰਧ ਨਹੀਂ, ਜਿਵੇਂ ਅਧਿਆਪਕ, ਡਾਕਟਰ ਅਤੇ ਇੰਜਨੀਅਰ। ਹਾਲਾਂਕਿ, ਪੱਖਪਾਤ ਦੀਆਂ ਸ਼ਿਕਾਇਤਾਂ ਜਾਂਚ ਵਿੱਚ ਸਹੀ ਪਾਈਆਂ ਜਾਣ 'ਤੇ ਕਾਰਵਾਈ ਹੋ ਸਕਦੀ ਹੈ। ਚੋਣ ਕਮਿਸ਼ਨ ਨੇ ਪੰਜਾਂ ਸੂਬਿਆਂ ਦੇ ਮੁੱਖ ਸਕੱਤਰਾਂ ਅਤੇ ਪੁਲੀਸ ਮੁਖੀਆਂ ਨੂੰ 30 ਨਵੰਬਰ ਤੱਕ ਤਬਾਦਲਿਆਂ ਸਬੰਧੀ ਕੀਤੀ ਕਾਰਵਾਈ ਦੀ ਰਿਪੋਰਟ ਦੇਣ ਲਈ ਕਿਹਾ ਹੈ।

**ਅੰਮ੍ਰਿਤਸਰ 'ਚ ਫ਼ੌਜੀ...**

ਉਹਨਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਦੋਵੇਂ ਮੁਲਜ਼ਮ ਇਸ ਤੋਂ ਪਹਿਲਾਂ ਵੀ ਹਥਿਆਰਾਂ ਦੀਆਂ ਘੱਟ-ਘੱਟ 20-25 ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਚੁੱਕੇ ਹਨ। ਆਈਜੀਪੀ ਨੇ ਦੱਸਿਆ ਕਿ ਦੂਜੇ ਆਪ੍ਰੇਸ਼ਨ ਵਿੱਚ ਸੀਆਈਏ ਅੰਮ੍ਰਿਤਸਰ ਦਿਹਾਤੀ ਅਤੇ ਥਾਣਾ ਘਰਿੰਡਾ ਦੇ ਐਸਐਚਓ ਦੀ ਸਾਂਝੀ ਟੀਮ ਨੇ ਛੁੱਟੀ 'ਤੇ ਘਰ ਆਏ ਇੱਕ ਫ਼ੌਜੀ ਜਵਾਨ ਯੁੱਧਵੀਰ ਸਿੰਘ ਨੂੰ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ।

ਉਹਨਾਂ ਅੱਗੇ ਦੱਸਿਆ ਕਿ ਦੋਸ਼ੀ ਯੁੱਧਵੀਰ ਸਿੰਘ ਨੂੰ ਪਹਿਲਾਂ ਵੀ ਅਸਲਾ ਐਕਟ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਸਰਹੱਦ ਪਾਰੋਂ ਤਸਕਰੀ ਵਿੱਚ ਉਸ ਦੀ ਸ਼ਮੂਲੀਅਤ ਬਾਰੇ ਇੱਕ ਵਿਸਥਾਰਤ ਰਿਪੋਰਟ ਫ਼ੌਜ ਦੇ ਸੀਨੀਅਰ ਅਧਿਕਾਰੀਆਂ ਨੂੰ ਭੇਜੀ ਜਾ ਰਹੀ ਹੈ।

**'ਕੀ ਪੂਰਾ ਸਿਸਟਮ...**

ਇਲਾਜ ਕਰਵਾ ਰਹੀ ਸੀ।

ਬੈਂਚ ਨੇ ਪੁੱਛਿਆ, ਡੀਲਰ ਨੇ ਹਸਪਤਾਲ ਅਧਿਕਾਰੀਆਂ ਨੂੰ ਬੇਨਤੀ ਕੀਤੀ, 'ਸ਼੍ਰੀਮਾਨ, ਮੈਂ ਆਪ ਇੱਕ ਡੀਲਰ ਹਾਂ ਅਤੇ ਮੈਨੂੰ (ਕੀਮੋਥੈਰੇਪੀ) ਟੀਕਾ 11,000 ਰੁਪਏ ਡੀਲਰ ਕੀਮਤ 'ਤੇ ਮਿਲਦਾ ਹੈ।' ਹਸਪਤਾਲ ਨੇ ਉਹ ਟੀਕਾ ਲਗਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਉਸੇ ਟੀਕੇ ਲਈ 1,30,000 ਰੁਪਏ ਵਸੂਲੇ। ਕੀ ਤੁਸੀਂ ਇਸ ਲੁੱਟ ਦਾ ਕੋਈ ਵੀ ਜਾਇਜ਼ ਕਾਰਨ ਦਿਖਾ ਸਕਦੇ ਹੋ, ਕਿਰਪਾ ਕਰਕੇ? ਇਹ ਫ਼ਰਕ ਕਿਉਂ? ਪੈਸਾ ਕਿੱਥੇ ਜਾਂਦਾ ਹੈ? ਜਦੋਂ ਭਾਟੀ ਨੇ ਕਿਹਾ ਕਿ ਸਰਕਾਰ ਕੀਮਤਾਂ ਦੀਆਂ ਨੀਤੀਆਂ ਨੂੰ ਲਗਾਤਾਰ ਸੰਤੁਲਿਤ/ਕੈਲੀਬਰੇਟ ਕਰ ਰਹੀ ਹੈ, ਤਾਂ ਬੈਂਚ ਨੇ ਪਲਟਵਾਂ ਵਾਰ ਕਰਦਿਆਂ ਕਿਹਾ, ਤੁਹਾਡਾ ਕੈਲੀਬ੍ਰੇਸ਼ਨ ਬਹੁਤ ਜ਼ਿਆਦਾ ਗੜਬੜ ਹੈ। 11,000 ਰੁਪਏ ਤੋਂ 1,30,000 ਰੁਪਏ ਕੋਈ ਕੈਲੀਬ੍ਰੇਸ਼ਨ ਨਹੀਂ ਹੈ... ਜਦੋਂ ਤੁਸੀਂ ਮਰੀਜ਼ਾਂ ਅਤੇ ਜ਼ਿੰਦਗੀ ਦੀ ਗੱਲ ਕਰਦੇ ਹੋ, ਤਾਂ ਕੀ ਸਾਡੀ ਅਜਿਹੀ ਪੂੰਜੀਵਾਦੀ ਸੋਚ ਹੋਣੀ ਚਾਹੀਦੀ ਹੈ?÷

ਕੈਂਸਰ ਵਿਰੋਧੀ ਦਵਾਈਆਂ ਦੇ ਟਰੇਡ ਮਾਰਜਿਨ ਨੂੰ ਐੱਮਆਰਪੀ ਦੇ 30% ਤੱਕ ਸੀਮਤ ਕਰਨ ਬਾਰੇ ਕੇਂਦਰ ਦੇ ਜਵਾਬ ਵਿੱਚ ਕਮੀ ਕੱਢਦਿਆਂ ਸੁਪਰੀਮ ਕੋਰਟ ਨੇ 12 ਅਕਤੂਬਰ ਨੂੰ ਕਿਹਾ ਸੀ ਕਿ ÷ਖ਼ੁਸ਼ ਹੋਣ ਵਾਲੀ ਸ਼ਾਇਦ ਹੀ ਕੋਈ ਗੱਲ ਹੈ÷ ਅਤੇ ਹੈਰਾਨੀ ਜਤਾਈ ਸੀ ਕਿ ਸਰਕਾਰ ਹੋਰ ਦਵਾਈਆਂ ਦੇ ਟਰੇਡ ਮਾਰਜਿਨ ਨੂੰ ਸੀਮਤ ਕਿਉਂ ਨਹੀਂ ਕਰ ਸਕਦੀ। ਹਸਪਤਾਲਾਂ ਵੱਲੋਂ ਕੈਂਸਰ ਦੀਆਂ ਦਵਾਈਆਂ 'ਤੇ ਵਾਧੂ ਮੁਨਾਫ਼ਾ ਵਸੂਲਣ ਬਾਰੇ ਸਰਬਉੱਚ ਅਦਾਲਤ ਦੀ ਤਿੱਖੀ ਆਲੋਚਨਾ ਦਾ ਸਾਹਮਣਾ ਕਰਦਿਆਂ ਕੇਂਦਰ ਨੇ ਕੈਂਸਰ ਵਿਰੋਧੀ ਦਵਾਈਆਂ 'ਤੇ ਟਰੇਡ ਮਾਰਜਿਨ ਨੂੰ ਐੱਮਆਰਪੀ ਦੇ 30 ਫੀਸਦੀ ਤੱਕ ਸੀਮਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਨਾਲ ਮਰੀਜ਼ਾਂ ਨੂੰ ਸਾਲਾਨਾ ਲਗਪਗ 2,500 ਕਰੋੜ ਰੁਪਏ ਦੀ ਬਚਤ ਹੋਣ ਦੀ ਉਮੀਦ ਹੈ। ਇਹ ਫੈਸਲਾ 8 ਅਕਤੂਬਰ ਨੂੰ ਐੱਨਪੀਪੀਏ ਦੀ 151ਵੀਂ ਬੈਠਕ ਵਿੱਚ ਵਿਚਾਰਿਆ ਗਿਆ ਸੀ। ਹਾਲਾਂਕਿ, ਬੈਂਚ ਨੇ ਇਸ ਨੂੰ ਨਾਕਾਫ਼ੀ ਕਰਾਰ ਦਿੰਦਿਆਂ ਉਜਾਗਰ ਕੀਤਾ ਸੀ ਕਿ ਇੱਕ ਸਿੰਗਲ ਸਲਾਈਨ ਡ੍ਰਿਪ ਬਾਜ਼ਾਰ ਵਿੱਚ 270 ਰੁਪਏ ਵਿੱਚ ਵੇਚੀ ਜਾਂਦੀ ਸੀ ਜਦੋਂ ਕਿ ਉਸ ਦੀ ਅਸਲ ਲਾਗਤ 11 ਰੁਪਏ ਸੀ।

**ਅਭਿਸ਼ੇਕ ਤੇ ਸੂਰਿਆਵੰਸ਼ੀ...**

ਕਰ ਲਿਆ, ਜਦਕਿ ਵੈਭਵ ਨੇ ਵੀ ਸ਼ਾਨਦਾਰ ਸ਼ਾਟ ਖੇਡੇ। ਦੋਵਾਂ ਦੀ ਸਲਾਮੀ ਜੋੜੀ ਨੇ ਸਿਰਫ਼ ਪੰਜ ਓਵਰਾਂ ਵਿੱਚ ਭਾਰਤ ਦਾ ਸਕੋਰ 100 ਦੌੜਾਂ ਤੋਂ ਪਾਰ ਪਹੁੰਚਾ ਦਿੱਤਾ। ਇਹ ਟੀ-20 ਕ੍ਰਿਕਟ ਵਿੱਚ ਸਭ ਤੋਂ ਤੇਜ਼ ਟੀਮ ਸੈਂਕੜੇ ਦਾ ਰਿਕਾਰਡ ਹੈ। ਅਭਿਸ਼ੇਕ ਅਤੇ ਵੈਭਵ ਨੇ ਸਿਰਫ਼ 43 ਗੇਂਦਾਂ ਵਿੱਚ 133 ਦੌੜਾਂ ਜੋੜ ਕੇ ਨਿਊਜ਼ੀਲੈਂਡ ਦੇ ਗੇਂਦਬਾਜ਼ਾਂ ਨੂੰ ਬੇਵੱਸ ਕਰ ਦਿੱਤਾ। ਵੈਭਵ ਨੇ 19 ਗੇਂਦਾਂ ਵਿੱਚ 45 ਦੌੜਾਂ ਬਣਾਈਆਂ। ਇਸ ਜਿੱਤ ਨਾਲ ਭਾਰਤ ਨੇ ਪੰਜ ਮੈਚਾਂ ਦੀ ਲੜੀ ਵਿੱਚ ਦੋ ਮੈਚ ਬਾਕੀ ਰਹਿੰਦਿਆਂ ਹੀ 3-0 ਦੀ ਲੀਡ ਹਾਸਲ ਕਰ ਲਈ ਹੈ। ਭਾਰਤੀ ਬੱਲੇਬਾਜ਼ਾਂ ਦੇ ਇਸ ਧਮਾਕੇਦਾਰ ਪ੍ਰਦਰਸ਼ਨ ਨੇ ਟੀਮ ਨੂੰ ਸ਼ਾਨਦਾਰ ਜਿੱਤ ਦਿਵਾਈ।

**ਐੱਸ.ਆਈ.ਆਰ....**

ਵਿੱਚ ਕਿਹਾ ਹੈ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਦਾ ਅਮਲ ਸੰਵਿਧਾਨ ਦੀ ਧਾਰਾ 324, ਲੋਕ ਪ੍ਰਤੀਨਿਧਤਾ ਐਕਟ 1950 ਅਤੇ ਸਬੰਧਤ ਨਿਯਮਾਂ ਤਹਿਤ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਵਰਤੋਂ ਕਰਦਿਆਂ ਕੀਤਾ ਜਾ ਰਿਹਾ ਹੈ। ਕਮਿਸ਼ਨ ਨੇ ਪਟੀਸ਼ਨਕਰਤਾਵਾਂ ਦੇ ਇਤਰਾਜ਼ਾਂ ਨੂੰ ਬੇਬੁਨਿਆਦ ਦੱਸਦਿਆਂ ਅਦਾਲਤ ਨੂੰ ਉਨ੍ਹਾਂ ਨੂੰ ਰੱਦ ਕਰਨ ਦੀ ਅਪੀਲ ਕੀਤੀ ਹੈ।

**ਮੁੱਖ ਮੰਤਰੀ ਮਾਨ...**

ਦਾ ਮੁਕੱਦਮਾ ਵੀ ਦਾਇਰ ਕੀਤਾ ਜਾ ਸਕਦਾ ਹੈ। ਇਹ ਕਾਨੂੰਨੀ ਨੋਟਿਸ ਪੰਜਾਬ ਸਰਕਾਰ ਦੇ ਅਧਿਕਾਰੀ ਅਤੇ ਅਕਾਲੀ ਦਲ ਦੇ ਸੀਨੀਅਰ ਆਗੂ ਵਿਚਕਾਰ ਚੱਲ ਰਹੇ ਵਿਵਾਦ ਵਿੱਚ ਇੱਕ ਨਵਾਂ ਮੋੜ ਲੈ ਕੇ ਆਇਆ ਹੈ। ਇਸ ਖ਼ਬਰ ਦੇ ਲਿਖੇ ਜਾਣ ਤੱਕ, ਇਸ ਨੋਟਿਸ ਬਾਰੇ ਮਜੀਠੀਆ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਮਿਲੀ ਸੀ।

**ਗਰਭਵਤੀ ਮਹਿਲਾ ਪੱਤਰਕਾਰ...**

ਜਸਟਿਸ ਨੇ ਭਾਟੀਆ ਨੂੰ ਇਸ ਮੁੱਦੇ 'ਤੇ ਇੱਕ ਅਰਜ਼ੀ ਦਾਖਲ ਕਰਨ ਲਈ ਕਿਹਾ ਸੀ ਅਤੇ ਕਿਹਾ ਸੀ ਕਿ ਉਹ ਇਸ ਮਾਮਲੇ ਦੀ ਜਾਂਚ ਕਰਨਗੇ। ਪਟੀਸ਼ਨ ਵਿੱਚ ਕਿਹਾ ਗਿਆ, "ਉੱਤਰਦਾਤਾ ਨੰਬਰ 4 (ਰਾਹੁਲ ਗਾਂਧੀ) ਨੇ ਅਚਾਨਕ ਉਸ ਨੂੰ ਗੇਟ ਵੱਲ ਇੰਨੇ ਜ਼ੋਰ ਨਾਲ ਧੱਕਾ ਦਿੱਤਾ ਕਿ ਉਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਡਿੱਗ ਪਈ, ਅਤੇ ਉਸ ਨੂੰ ਆਪਣੇ ਹੱਥਾਂ ਸਹਾਰੇ ਡਿੱਗਣ ਤੋਂ ਬਚਣਾ ਪਿਆ। ਉਸ ਦੀਆਂ ਸਪੱਸ਼ਟ ਬੇਨਤੀਆਂ ਦੇ ਬਾਵਜੂਦ, ਸੁਰੱਖਿਆ ਕਰਮਚਾਰੀਆਂ, ਪੱਤਰਕਾਰਾਂ ਅਤੇ ਹੋਰ ਵਿਅਕਤੀਆਂ ਦੀ ਮੌਜੂਦਗੀ ਵਿੱਚ ਇੱਕ ਭੀੜ ਵਾਲੀ ਥਾਂ 'ਤੇ ਖੁੱਲ੍ਹੇਆਮ ਧੱਕਾ ਦਿੱਤਾ ਗਿਆ ਸੀ, ਅਤੇ ਇਹ ਭੀੜ ਦਾ ਮਾਮੂਲੀ ਧੱਕਾ-ਮੁੱਕੀ ਨਹੀਂ ਸੀ।

15 ਅਕਤੂਬਰ ਨੂੰ ਬੈਂਚ ਨੇ 'ਨੈੱਟਵਰਕ ਫ਼ਾਰ ਵੂਮੈਨ ਇਨ ਮੀਡੀਆ' ਅਤੇ 'ਦਿੱਲੀ ਯੂਨੀਅਨ ਆਫ਼ ਜਰਨਲਿਸਟਸ' ਅਤੇ ਹੋਰਾਂ ਵੱਲੋਂ ਦਾਇਰ ਕੀਤੀਆਂ ਗਈਆਂ ਕਈ ਪਟੀਸ਼ਨਾਂ 'ਤੇ ਸੁਣਵਾਈ ਕੀਤੀ ਸੀ, ਜਿਸ ਵਿੱਚ 12 ਅਕਤੂਬਰ ਨੂੰ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਸੁਪਰੀਮ ਕੋਰਟ ਵੱਲ ਕੀਤੇ ਮਾਰਚ ਦੌਰਾਨ ਪੱਤਰਕਾਰਾਂ, ਵਿਸ਼ੇਸ਼ ਤੌਰ 'ਤੇ ਮਹਿਲਾ ਪੱਤਰਕਾਰਾਂ ਅਤੇ ਵਕੀਲਾਂ 'ਤੇ ਹੋਏ ਕਥਿਤ ਹਮਲਿਆਂ ਦਾ ਮੁੱਦਾ ਚੁੱਕਿਆ ਗਿਆ ਸੀ। ਇਸ ਨੇ ਦਿੱਲੀ ਪੁਲੀਸ ਦੇ ਏਸੀਪੀ ਵਿਵੇਕ ਭਗਤ ਵੱਲੋਂ ਐੱਸਸੀ/ਐੱਸਟੀ (ਅੱਤਿਆਚਾਰ ਨਿਵਾਰਨ) ਐਕਟ, 1989 ਤਹਿਤ ਇੱਕ ਮਹਿਲਾ ਪੱਤਰਕਾਰ ਵਿਰੁੱਧ ਦਰਜ ਕੀਤੇ ਗਏ ਮਾਮਲੇ ਵਿੱਚ ਉਸ ਨੂੰ ਜ਼ਬਰਦਸਤੀ ਕਾਰਵਾਈ ਤੋਂ ਅੰਤਰਿਮ ਸੁਰੱਖਿਆ ਦਿੱਤੀ ਸੀ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਗੜ੍ਹਸ਼ੰਕਰ 'ਚ ਪੰਚਾਇਤੀ ਜ਼ਮੀਨ ਦੇ ਵਿਵਾਦ ਨੇ ਲਿਆ ਹਿੰਸਕ ਰੂਪ, 9 ਵਿਅਕਤੀਆਂ ਖਿਲਾਫ਼ ਮਾਮਲਾ ਦਰਜ

**ਗੜ੍ਹਸ਼ੰਕਰ, 25 ਅਕਤੂਬਰ (ਪੈਗ਼ਾਮ-ਏ-ਜਗਤ)**

ਗੜ੍ਹਸ਼ੰਕਰ ਖੇਤਰ ਵਿੱਚ ਪੰਚਾਇਤੀ ਜ਼ਮੀਨ ਦੇ ਲੰਬੇ ਸਮੇਂ ਤੋਂ ਚੱਲ ਰਹੇ ਵਿਵਾਦ ਨੇ ਹਿੰਸਕ ਰੂਪ ਲੈ ਲਿਆ। ਇਸ ਮਾਮਲੇ ਵਿੱਚ ਘਰ ਵਿੱਚ ਦਾਖਲ ਹੋ ਕੇ ਕੁੱਟਮਾਰ, ਭੰਨਤੋੜ ਅਤੇ ਔਰਤ ਦੀ ਬੇਇੱਜ਼ਤੀ ਕਰਨ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਪੁਲਿਸ ਨੇ ਇਸ ਸਬੰਧੀ ਤੁਰੰਤ ਕਾਰਵਾਈ ਕਰਦਿਆਂ ਕੇਸ ਦਰਜ ਕਰ ਲਿਆ ਹੈ।

ਜਾਣਕਾਰੀ ਅਨੁਸਾਰ ਇਹ ਵਿਵਾਦ ਪੰਜਵੀਂ ਪੀੜ੍ਹੀ ਤੋਂ ਪੰਚਾਇਤ ਨਾਲ ਜ਼ਮੀਨ ਨੂੰ ਲੈ ਕੇ ਚੱਲ ਰਿਹਾ ਸੀ, ਜਿਸਦਾ ਮਾਮਲਾ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਵੀ ਵਿਚਾਰ ਅਧੀਨ ਰਿਹਾ ਹੈ। 23 ਅਕਤੂਬਰ 2026 ਦੀ ਰਾਤ ਕਰੀਬ 9 ਵਜੇ ਇਹ ਵਿਵਾਦ ਉਸ ਸਮੇਂ ਵੱਧ ਗਿਆ ਜਦੋਂ ਗੜ੍ਹਸ਼ੰਕਰ ਵਿੱਚ ਇੱਕ ਘਰ ਤੇ ਹਮਲਾ ਹੋਇਆ। ਇਲਜ਼ਾਮ ਹੈ ਕਿ ਬਿਸ਼ੰਬਰ ਕੁਮਾਰ ਪੁੱਤਰ ਕਰਮ ਚੰਦ, ਯਸ਼ਪਾਲ ਪੁੱਤਰ ਬਿਸ਼ੰਬਰ ਕੁਮਾਰ, ਅਮਿਤ ਕੁਮਾਰ ਪੁੱਤਰ ਦਰਸ਼ਨ ਲਾਲ, ਰਿਤੇਸ਼ ਕੁਮਾਰ ਪੁੱਤਰ ਰਜਿੰਦਰ ਕੁਮਾਰ, ਸੁਨੀਲ ਦੱਤ ਪੁੱਤਰ ਮੁਲਖ ਰਾਜ, ਸੰਨੀ ਕੁਮਾਰ ਪੁੱਤਰ ਸੁਨੀਲ ਦੱਤ, ਸੰਜੀਵ ਕੁਮਾਰ ਪੁੱਤਰ ਗੁਰਬਖ਼ਸ਼ ਰਾਏ, ਰਾਕੇਸ਼ ਕੁਮਾਰ ਪੁੱਤਰ ਤਰਲੋਕ ਚੰਦ ਅਤੇ ਨਿਤਿਸ਼ ਪੁੱਤਰ ਲਾਡੀ ਵਾਸੀਆਨ ਗੜ੍ਹਸ਼ੰਕਰ ਸਮੇਤ ਅਣਪਛਾਤੇ ਵਿਅਕਤੀਆਂ ਵੱਲੋਂ ਘਰ ਦੇ ਗੇਟ ਨੂੰ ਭੰਨ ਕੇ ਅੰਦਰ ਦਾਖਲ ਹੋ ਕੇ ਕੁੱਟਮਾਰ ਕੀਤੀ ਗਈ, ਘਰ ਦੀ ਅਤੇ ਬਾਹਰ ਪਏ ਖੋਖੇ ਦੀ ਭੰਨਤੋੜ ਕੀਤੀ ਗਈ ਅਤੇ ਪਰਿਵਾਰ ਨੂੰ ਧਮਕੀਆਂ ਦਿੱਤੀਆਂ ਗਈਆਂ। ਰੌਲਾ ਪੈਣ ਤੇ ਆਸ-ਪਾਸ ਦੇ ਲੋਕ ਇਕੱਠੇ ਹੋਏ ਤਾਂ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ।

ਘਟਨਾ ਤੋਂ ਬਾਅਦ ਪੀੜਤ ਪਰਿਵਾਰ ਨੂੰ ਇਲਾਜ ਲਈ ਸਿਵਲ ਹਸਪਤਾਲ ਗੜ੍ਹਸ਼ੰਕਰ ਵਿੱਚ ਦਾਖਲ ਕਰਵਾਇਆ ਗਿਆ। ਪੁਲਿਸ ਰਿਕਾਰਡ ਅਨੁਸਾਰ 23 ਅਕਤੂਬਰ ਨੂੰ ਹੀ ਮੁਨਸ਼ੀ ਥਾਣਾ ਗੜ੍ਹਸ਼ੰਕਰ ਨੂੰ ਲੜਾਈ ਝਗੜੇ ਦੀ ਸੂਚਨਾ ਮਿਲੀ ਸੀ ਜਿਸ ਤੇ ਪੁਲਿਸ ਮੌਕੇ ਤੇ ਪਹੁੰਚੀ ਸੀ। 24 ਅਕਤੂਬਰ ਨੂੰ ਦੁਬਾਰਾ ਲੜਾਈ ਦੀ ਸੂਚਨਾ ਮਿਲਣ ਤੇ ਪੁਲਿਸ ਨੇ ਮੌਕੇ ਦਾ ਜਾਇਜ਼ਾ ਲਿਆ।

ਪੁਲਿਸ ਵੱਲੋਂ ਇਸ ਮਾਮਲੇ ਵਿੱਚ ਕਾਨੂੰਨੀ ਕਾਰਵਾਈ ਕਰਦਿਆਂ ਪਹਿਲੀ ਸੂਚਨਾ ਰਿਪੋਰਟ (ਐਫ.ਆਈ.ਆਰ) ਨੰਬਰ 0194 ਮਿਤੀ 25 ਅਕਤੂਬਰ 2026 ਨੂੰ ਦਰਜ ਕੀਤੀ ਗਈ ਹੈ। ਇਹ ਐਫ.ਆਈ.ਆਰ ਥਾਣਾ ਗੜ੍ਹਸ਼ੰਕਰ ਵਿੱਚ ਸ਼ਾਮ 15:50 ਵਜੇ ਦਰਜ ਹੋਈ ਹੈ ਜਦਕਿ ਥਾਣੇ ਵਿੱਚ ਸੂਚਨਾ ਦੁਪਹਿਰ 14:40 ਵਜੇ ਪ੍ਰਾਪਤ ਹੋਈ ਸੀ। ਰੋਜ਼ਨਾਮਚਾ (ਜੀ.ਡੀ.) ਵਿੱਚ ਇਸਦੀ ਐਂਟਰੀ ਨੰਬਰ 011 ਸਮਾਂ 15:00 ਵਜੇ ਪਾਈ ਗਈ ਹੈ। ਮਾਮਲੇ ਵਿੱਚ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ) 2023 ਦੀਆਂ ਧਾਰਾਵਾਂ 115(2), 190, 351(2), 324(4) ਅਤੇ 79 ਤਹਿਤ ਕਾਰਵਾਈ ਕੀਤੀ ਗਈ ਹੈ। ਪੁਲਿਸ ਨੇ ਮੈਡੀਕਲ ਜਾਂਚ ਲਈ ਮੈਡੀਕੋ-ਲੀਗਲ ਰਿਪੋਰਟ (ਐਮ.ਐਲ.ਆਰ) ਨੰਬਰ ਜੀ.ਪੀ.ਐਸ/ 55/ ਜੀ.ਐਸ.ਆਰ ਮਿਤੀ 23-10-26 ਹਾਸਲ ਕੀਤੀ ਹੈ ਜਿਸ ਵਿੱਚ ਡਾਕਟਰ ਵੱਲੋਂ 5 ਸੱਟਾਂ ਦਾ ਜ਼ਿਕਰ ਕੀਤਾ ਗਿਆ ਹੈ। ਡਾਕਟਰ ਵੱਲੋਂ ਫਿੱਟਨੈਸ ਰਿਪੋਰਟ ਮਿਲਣ ਤੋਂ ਬਾਅਦ ਅਗਲੀ ਕਾਨੂੰਨੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ ਗਈ। ਘਟਨਾ ਵਾਲੀ ਥਾਂ ਥਾਣਾ ਗੜ੍ਹਸ਼ੰਕਰ ਤੋਂ ਪੂਰਬ ਵੱਲ ਕਰੀਬ 3 ਕਿਲੋਮੀਟਰ ਦੱਸੀ ਜਾ ਰਹੀ ਹੈ। ਇਸ ਪੂਰੇ ਮਾਮਲੇ ਦੀ ਜਾਂਚ ਅਤੇ ਤਸਦੀਕ ਸਬ-ਇੰਸਪੈਕਟਰ (ਐਸ.ਆਈ.) ਕੌਸ਼ਲ ਚੰਦਰ ਅਤੇ ਮੁੱਖ ਅਫਸਰ ਥਾਣਾ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਰਾਜ ਕੁਮਾਰ ਨੰਬਰ 1594/ਐਚ.ਪੀ.ਆਰ ਵੱਲੋਂ ਕੀਤੀ ਗਈ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸੁਰੱਖਿਅਤ ਬਚਪਨ ਅਭਿਆਨ ਤਹਿਤ ਬੱਚਿਆਂ ਦੇ ਅਧਿਕਾਰਾਂ ਲਈ 'ਪੋਕਸੋ ਐਕਟ, 2012' ਬਾਰੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ

**ਪੈਗ਼ਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)**



ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ. ਏ. ਐਸ. ਨਗਰ ਜੀਆਂ ਦੀਆਂ ਹਦਾਇਤਾਂ ਤਹਿਤ ਅਤੇ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਅਤੇ ਸਿਵਲ ਜੱਜ (ਸੀਨੀਅਰ ਡੀਵੀਜ਼ਨ)/ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਡਾ. ਅਮਨਦੀਪ ਜੀਆਂ ਦੇ ਨਿਰਦੇਸ਼ਾਂ ਤਹਿਤ ਅੱਜ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਵਿਖੇ ਸੁਰੱਖਿਅਤ ਬਚਪਨ ਅਭਿਆਨ ਤਹਿਤ ਬੱਚਿਆਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਬਣਾਏ ਗਏ 'ਪੋਕਸੋ ਐਕਟ, 2012' ਬਾਰੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕਾਨੂੰਨੀ ਜਾਗਰੂਕਤਾ ਸੈਮੀਨਾਰ ਕਰਵਾਇਆ। ਇਸ ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਮੈਡਮ ਲਵਜਿੰਦਰ ਕੌਰ , ਸਬ-ਡਵੀਜ਼ਨ ਜੁਡੀਸ਼ੀਅਲ ਮੈਜਿਸਟਰੇਟ, ਤਹਿਸੀਲ ਬਲਾਚੌਰ ਅਦਾਲਤ, ਨਵਾਂਸ਼ਹਿਰ ਜੀਆਂ ਵੱਲੋਂ ਸੁਰੱਖਿਅਤ ਬਚਪਨ ਅਭਿਆਨ ਤਹਿਤ ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਬਣਾਏ ਗਏ 'ਪੋਕਸੋ ਐਕਟ, 2012' ਬਾਰੇ ਅਤੇ ਬੱਚਿਆਂ ਨੂੰ ਜਿਨਸੀ ਅਪਰਾਧਾਂ ਤੋਂ ਸੁਰੱਖਿਆ ਐਕਟ' 18 ਸਾਲ ਤੋਂ ਘੱਟ ਉਮਰ ਦੇ ਹਰ ਬੱਚੇ (ਲੜਕੇ ਅਤੇ ਲੜਕੀ) ਨੂੰ ਜਿਨਸੀ ਸ਼ੋਸ਼ਣ ਵਿਰੁੱਧ ਕਾਨੂੰਨੀ ਸੁਰੱਖਿਆ ਪ੍ਰਦਾਨ ਕਰਦਾ ਹੈ ਅਤੇ ਕਿਸੇ ਵੀ ਅਪਰਾਧ ਦੀ ਜਾਣਕਾਰੀ ਤੁਰੰਤ ਹੈਲਪਲਾਈਨ ਨੰਬਰ 1098 'ਤੇ ਦਿੱਤੀ ਜਾਣੀ ਚਾਹੀਦੀ ਹੈ। ਬਾਰੇ ਜਾਗਰੂਕ ਕੀਤਾ ਗਿਆ, ਸੈਮੀਨਾਰ ਦੌਰਾਨ ਦੱਸਿਆ ਗਿਆ ਕਿ ਸਮਾਜ ਦਾ ਕੋਈ ਵੀ ਲੋੜਵੰਦ ਨਾਗਰਿਕ ਮੁਫ਼ਤ ਕਾਨੂੰਨੀ ਸਹਾਇਤਾ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ। ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਮਦਦ ਜਾਂ ਸਲਾਹ ਲਈ ਅਥਾਰਟੀ ਦੇ ਟੋਲ-ਫ੍ਰੀ ਨੰਬਰ 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੀ.ਐਮ. ਸ੍ਰੀ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੇਵਾਲ ਬਲਾਕ ਬਲਾਚੌਰ-1 (ਸ਼.ਭ.ਸ. ਨਗਰ) ਵਿਖੇ ਸੁਰੱਖਿਅਤ ਬਚਪਨ ਅਭਿਆਨ ਤਹਿਤ ਬੱਚਿਆਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਬਣਾਏ ਗਏ 'ਪੋਕਸੋ ਐਕਟ, 2012' ਬਾਰੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕਾਨੂੰਨੀ ਜਾਗਰੂਕਤਾ ਸੈਮੀਨਾਰ ਕਰਵਾਇਆ। ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਨਲ ਵਕੀਲ ਮਨਦੀਪ ਸਿੰਘ , ਪੈਰਾ ਲੀਗਲ ਵਲੰਟੀਅਰਜ਼ ਸ੍ਰੀ ਅਵਤਾਰ ਚੰਦ ਚੁੰਬਰ, ਸ੍ਰੀਮਤੀ ਜਸਵਿੰਦਰ ਕੌਰ ਰਾਣੀ,ਅਤੇ ਸ੍ਰੀ ਰਵਜੋਤ ਸਿੰਘ ਚੁੰਬਰ ਵੱਲੋਂ ਸੁਰੱਖਿਅਤ ਬਚਪਨ ਅਭਿਆਨ÷ ਤਹਿਤ ਬੱਚਿਆਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਬਣਾਏ ਗਏ 'ਪੋਕਸੋ ਐਕਟ, 2012' ਬਾਰੇ ਜਾਗਰੂਕਤਾ ਕੀਤਾ ਗਿਆ। ਇਸ ਸੈਮੀਨਾਰਾਂ ਦੌਰਾਨ ਨੁੱਕੜ ਨਾਟਕ ਅਤੇ ਡਰਾਇੰਗ ਕੰਪੀਟੀਸ਼ਨ ਕਰਾਏ ਗਏ। ਇਹਨਾਂ ਦੋਨੋਂ ਸਕੂਲ ਸੈਮੀਨਾਰਾਂ ਦੌਰਾਨ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਹੱਡੀਆਂ ਦੇ ਮਾਹਿਰ ਡਾ. ਪਰਮਵੀਰ ਪਨੇਸਰ ਨੇ ਸਿਵਲ ਹਸਪਤਾਲ ਬਲਾਚੌਰ ਵਿਖੇ ਅਹੁਦਾ ਸੰਭਾਲਿਆ

**ਪੈਗ਼ਾਮ-ਏ-ਜਗਤ ਬਲਾਚੌਰ 27 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ)**

ਡਾ. ਪਰਮਵੀਰ ਪਨੇਸਰ ਨੇ ਅੱਜ ਸਿਵਲ ਹਸਪਤਾਲ ਬਲਾਚੌਰ ਵਿਖੇ ਹੱਡੀਆਂ ਦੇ ਮਾਹਿਰ ਵਜੋਂ ਅਹੁਦਾ ਸੰਭਾਲ ਲਿਆ ਹੈ। ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਲਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾ. ਪਰਮਵੀਰ ਪਨੇਸਰ ਨੇ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ ਤੋਂ ਐਮਬੀਬੀਐਸ ਤੇ ਐਮਐਸ ਓਰਥੋ ਦੀ ਡਿਗਰੀ ਪ੍ਰਾਪਤ ਕੀਤੀ, ਜਦੋਂ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਸੀਨੀਅਰ ਰੈਜੀਡੈਂਟ ਵਜੋਂ ਸੇਵਾਵਾਂ ਵੀ ਦਿੱਤੀਆਂ। ਡਾ. ਪਰਮਜੀਤ ਲਾਲ ਨੇ ਆਸ ਜਤਾਈ ਕਿ ਡਾ. ਪਨੇਸਰ ਦੇ ਅਹੁਦਾ ਸੰਭਾਲਣ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮਿਲਣਗੀਆਂ।

# ਪਿੰਡ ਪਚਨੰਗਲ ਦਾ ਸਲਾਨਾ ਛਿੰਝ ਮੇਲਾ ਸ਼ਾਨੋ-ਸ਼ੌਕਤ ਨਾਲ ਹੋਇਆ ਸੰਪੰਨ

*ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)*

*ਪਿੰਡ ਪਚਨੰਗਲ ਵਿਖੇ ਸਮੂਹ ਨਗਰ ਨਿਵਾਸੀ, ਐਨ.ਆਰ.ਆਈ ਵੀਰ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ ਛਿੰਝ ਮੇਲਾ ਸੰਜੀਵ ਕੁਮਾਰ ਪਚਨੰਗਲ ਅਤੇ ਪੰਕੀ ਪਹਿਲਵਾਨ ਦੀ ਅਗਵਾਈ ਵਿਚ 108 ਸੰਤ ਬਾਬਾ ਹਰੀ ਸਿੰਘ ਜੀ ਦੇ ਖੇਡ ਮੈਦਾਨ ਮੰਨਣਹਾਨਾ ਵਿਖੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ।ਇਸ ਛਿੰਝ ਮੇਲੇ ਵਿੱਚ ਇਲਾਕੇ ਦੇ ਨਾਮਵਰ ਦੋ ਸੌ ਦੇ ਕਰੀਬ ਪਹਿਲਵਾਨਾਂ ਨੇ ਭਾਗ ਲਿਆ।ਇਸ ਮੌਕੇ ਪਟਕੇ ਦੀ ਕੁਸ਼ਤੀ ਵਿੱਚ ਦਿਨੇਸ਼ ਗੁਲੀਆ ਅਤੇ ਧਰਮਿੰਦਰ ਕੋਹਲੀ ਵਿਚਕਾਰ ਕਰਵਾਈ ਗਈ ਜਿਸ ਵਿਚ ਬੜੇ ਫਸਵੇਂ ਮੁਕਾਬਲੇ ਦਿਨੇਸ਼ ਧੁਲੀਆ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਇਨਾਮ ਵਜੋਂ ਬੁਲਟ ਮੋਟਰਸਾਈਕਲ ਤੇ ਕਬਜਾ ਕੀਤਾ।ਲੜਕੀਆਂ ਦੀ ਕੁਸ਼ਤੀ ਨਿਰਪ੍ਰੀਤ ਕੌਰ ਪੁਤਰੀ ਜਸਵਿੰਦਰ ਸਿੰਘ ਅਜਨੋਹਾ ਅਤੇ ਸਗੁਣ ਕੌਰ ਪੁੱਤਰੀ ਬਲਜੀਤ ਸਿੰਘ ਪਿੰਡ ਢਾਹਾਂ ਵਿਚਕਾਰ ਖੇਡੀ ਗਈ ਜਿਸ ਵਿੱਚ ਨਿਰਪ੍ਰੀਤ ਕੌਰ ਜੇਤੂ ਰਹੀ।ਇਸ ਛਿੰਝ ਮੇਲੇ ਵਿੱਚ ਮੁੱਖ ਮਹਿਮਾਨ ਅਬਿਨਾਸ਼ ਰਾਏ ਖੰਨਾ ਕੌਮੀ ਭਾਜਪਾ ਆਗੂ ਨੇ ਸ਼ਿਰਕਤ ਕੀਤੀ ਅਤੇ ਅਕਾਲੀ ਦਲ ਦੇ ਹਲਕਾ ਇੰਚਾਰਜ ਹਰਮਿੰਦਰ ਸੰਧੂ ਨੇ ਵਿਸ਼ੇਸ਼ ਤੇ ਸ਼ਿਰਕਤ ਕੀਤੀ।ਇਸ ਮੌਕੇ ਸੰਤ ਬਾਬਾ ਅਮਰੀਕ ਸਿੰਘ, ਸੰਜੀਵ ਕੁਮਾਰ ਪਚਨੰਗਲਾ ਭਾਜਪਾ ਆਗੂ, ਜਸਪਾਲ ਯੂ.ਕੇ, ਕੇਵਲ ਯੂ.ਕੇ, ਸਾਬੀ ਯੂ.ਕੇ, ਪੰਕੀ ਪਹਿਲਵਾਨ, ਇਕਬਾਲ ਸਿੰਘ ਖੇੜਾ, ਪਰਮਜੀਤ ਰੱਕੜ, ਬਲਵੀਰ ਸਿੰਘ ਚੇਲਾ, ਸਤਿੰਦਰ ਰੁਆਣਾ, ਸਾਬੀ ਬੰਗਾ ਤੋਂ ਇਲਾਵਾ ਭਾਰੀ ਗਿਣਤੀ ਵਿਚ ਦੂਰ ਦੁਰਾਡੇ ਤੇ ਇਲਾਕੇ ਦੇ ਖੇਡ ਪ੍ਰੇਮੀ ਹਾਜ਼ਰ ਸਨ।*

# ਭਰਥਲਾ ਦੇ ਸਰਵਪੱਖੀ ਵਿਕਾਸ ਲਈ 20 ਲੱਖ ਦੀ ਰਾਸ਼ੀ, ਵਿਧਾਇਕ ਸੰਤੋਸ਼ ਕਟਾਰੀਆ ਅਤੇ ਅਸ਼ੋਕ ਕਟਾਰੀਆ ਨੇ ਪੰਚਾਇਤ ਨੂੰ ਸੌਂਪਿਆ ਚੈੱਕ

**ਪੈਗ਼ਾਮ-ਏ-ਜਗਤ/ਬਲਾਚੌਰ 27 ਅਕਤੂਬਰ (ਜਤਿੰਦਰਪਾਲ ਸਿੰਘ ਕਲੇਰ)**

ਹਲਕਾ ਬਲਾਚੌਰ ਦੇ ਪਿੰਡ ਭਰਥਲਾ ਦੇ ਸਰਵਪੱਖੀ ਵਿਕਾਸ ਲਈ 20 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਪਿੰਡ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਬੁਨਿਆਦੀ ਸਹੂਲਤਾਂ ਦੇ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਤਾਂ ਜੋ ਪਿੰਡ ਵਾਸੀਆਂ ਨੂੰ ਵਧੀਆ ਸੁਵਿਧਾਵਾਂ ਮਿਲ ਸਕਣ।

ਇਸ ਸਬੰਧੀ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਅਤੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਉੱਚੇਚੇ ਤੌਰ ਤੇ ਪਿੰਡ ਪਹੁੰਚ ਕੇ ਪਿੰਡ ਭਰਥਲਾ ਦੀ ਪੰਚਾਇਤ ਨੂੰ ਚੈੱਕ ਭੇਟ ਕੀਤਾ। ਇਸ ਮੌਕੇ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਪਿੰਡਾਂ ਵਿੱਚ ਸੜਕਾਂ, ਗਲੀਆਂ, ਨਾਲੀਆਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸੁਵਿਧਾਵਾਂ ਪਿੰਡ ਵਿੱਚ ਹੀ ਮਿਲ ਸਕਣ।

ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਭਰਥਲਾ ਪਿੰਡ ਦੇ ਵਿਕਾਸ ਲਈ ਆਉਣ ਵਾਲੇ ਸਮੇਂ ਵਿੱਚ ਵੀ ਹੋਰ ਗ੍ਰਾਂਟਾਂ ਲਿਆਂਦੀਆਂ ਜਾਣਗੀਆਂ। ਉਨ੍ਹਾਂ ਪੰਚਾਇਤ ਨੂੰ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਪੂਰੀ ਪਾਰਦਰਸ਼ਤਾ ਅਤੇ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।

ਇਸ ਮੌਕੇ ਪੰਚਾਇਤ ਨੇ ਵਿਧਾਇਕ ਅਤੇ ਆਪ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਰਾਸ਼ੀ ਨਾਲ ਪਿੰਡ ਦੇ ਲੋੜੀਂਦੇ ਵਿਕਾਸ ਕਾਰਜ ਨੇਪਰੇ ਚੜ੍ਹਨਗੇ ਅਤੇ ਪਿੰਡ ਦੀ ਨੁਹਾਰ ਬਦਲੇਗੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# 'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਤਹਿਤ ਸਰਹਾਲਾ ਕਲਾਂ ਵਿੱਚ ਦੋ ਮਕਾਨਾਂ 'ਤੇ ਚੱਲਿਆ ਪੀਲਾ ਪੰਜਾ

**ਪੈਗ਼ਾਮ-ਏ-ਜਗਤ ਸਰਹਾਲਾ ਕਲਾਂ (ਦਲਜੀਤ ਅਜਨੋਹਾ)**

- **ਡੀਜੀਪੀ ਗੌਰਵ ਯਾਦਵ ਤੇ ਐੱਸਐੱਸਪੀ ਸੰਦੀਪ ਮਲਿਕ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੁਲੀਸ ਤੇ ਸਿਵਲ ਪ੍ਰਸ਼ਾਸਨ ਦੀ ਸਾਂਝੀ ਕਾਰਵਾਈ**



ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਮਕਸਦ ਨਾਲ ਪੰਜਾਬ ਸਰਕਾਰ ਅਤੇ ਪੰਜਾਬ ਪੁਲੀਸ ਵੱਲੋਂ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਅਤੇ ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ। ਇਸੇ ਅਭਿਆਨ ਤਹਿਤ ਡੀਜੀਪੀ ਗੌਰਵ ਯਾਦਵ ਅਤੇ ਐੱਸਐੱਸਪੀ ਹੁਸ਼ਿਆਰਪੁਰ ਸੰਦੀਪ ਮਲਿਕ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅੱਜ ਪਿੰਡ ਸਰਹਾਲਾ ਕਲਾਂ ਵਿੱਚ ਪੁਲੀਸ ਅਤੇ ਸਿਵਲ ਪ੍ਰਸ਼ਾਸਨ ਨੇ ਸਾਂਝੀ ਕਾਰਵਾਈ ਕੀਤੀ। ਇਸ ਦੌਰਾਨ ਐੱਸਪੀ ਸਨਦੀਪ ਸਿੰਘ ਮੰਡ ਦੀ ਅਗਵਾਈ ਵਿੱਚ ਦੋ ਮਕਾਨਾਂ 'ਤੇ ਪੀਲਾ ਪੰਜਾ ਚਲਾਇਆ ਗਿਆ।

'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਦਾ ਮੁੱਖ ਮਕਸਦ ਨਸ਼ੇ ਦੀ ਸਪਲਾਈ ਚੇਨ ਨੂੰ ਤੋੜਨਾ, ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨਾ, ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਨਾਲ ਕਮਾਈਆਂ ਜਾਇਦਾਦਾਂ ਦੀ ਜਾਂਚ ਕਰਨਾ ਅਤੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਜਾਗਰੂਕਤਾ ਪੈਦਾ ਕਰਨਾ ਹੈ। ਇਸ ਅਭਿਆਨ ਤਹਿਤ ਪੁਲੀਸ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੇ ਨਾਲ-ਨਾਲ ਲੋਕਾਂ ਨੂੰ ਵੀ ਨਸ਼ੇ ਖ਼ਿਲਾਫ਼ ਇਕੱਠੇ ਹੋਣ ਲਈ ਪ੍ਰੇਰਿਤ ਕਰ ਰਹੀ ਹੈ। ਐੱਸਪੀ ਸਨਦੀਪ ਸਿੰਘ ਮੰਡ ਨੇ ਦੱਸਿਆ ਕਿ ਥਾਣਾ ਚੱਬੇਵਾਲ ਦੇ ਅਧੀਨ ਆਉਣ ਵਾਲੇ ਪਿੰਡ ਸਰਹਾਲਾ ਕਲਾਂ ਨੂੰ ਨਸ਼ੇ ਨਾਲ ਸਬੰਧਤ ਮਾਮਲਿਆਂ ਦੇ ਮੱਦੇਨਜ਼ਰ ਹਾਟਸਪਾਟ ਵਜੋਂ ਚਿੰਨ੍ਹਤ ਕੀਤਾ ਗਿਆ ਹੈ। ਇਸੇ ਤਹਿਤ ਪੁਲੀਸ ਅਤੇ ਸਿਵਲ ਪ੍ਰਸ਼ਾਸਨ ਦੀ ਟੀਮ ਨੇ ਸਾਂਝੀ ਕਾਰਵਾਈ ਨੂੰ ਅੰਜਾਮ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਦੇਵੋ ਪਤਨੀ ਸਵਰਗਵਾਸੀ ਬਿਰਾਜ ਦੀ ਜਾਇਦਾਦ ਖ਼ਿਲਾਫ਼ ਵੀ ਕਾਰਵਾਈ ਕੀਤੀ ਗਈ। ਉਨ੍ਹਾਂ ਮੁਤਾਬਕ ਇਸ ਮਾਮਲੇ ਨਾਲ ਸਬੰਧਤ ਵਿਅਕਤੀ ਜੇਲ੍ਹ ਵਿੱਚ ਹੈ ਅਤੇ ਉਸ ਖ਼ਿਲਾਫ਼ ਪਹਿਲਾਂ ਹੀ ਸੱਤ ਮਾਮਲੇ ਦਰਜ ਹਨ। ਐੱਸਪੀ ਸਨਦੀਪ ਸਿੰਘ ਮੰਡ ਨੇ ਕਿਹਾ ਕਿ 'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਦਾ ਮਕਸਦ ਸਿਰਫ਼ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨਾ ਹੀ ਨਹੀਂ, ਸਗੋਂ ਨਸ਼ੇ ਦੇ ਗੈਰ-ਕਾਨੂੰਨੀ ਕਾਰੋਬਾਰ ਨਾਲ ਜੁੜੇ ਆਰਥਿਕ ਨੈੱਟਵਰਕ 'ਤੇ ਵੀ ਕਾਨੂੰਨ ਅਨੁਸਾਰ ਕਾਰਵਾਈ ਕਰਨਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੀ ਕਮਾਈ ਨਾਲ ਜਾਇਦਾਦਾਂ ਬਣਾਉਣ ਵਾਲਿਆਂ ਖ਼?ਲਾਫ਼ ਕਾਨੂੰਨੀ ਪ੍ਰਕਿਰਿਆ ਤਹਿਤ ਕਾਰਵਾਈ ਕੀਤੀ ਜਾਵੇਗੀ ਅਤੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਖ਼ਿਲਾਫ਼ ਇਸ ਲੜਾਈ ਵਿੱਚ ਪੁਲੀਸ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ। ਆਪਣੇ ਆਸ-ਪਾਸ ਨਸ਼ੇ ਨਾਲ ਸਬੰਧਤ ਗਤੀਵਿਧੀਆਂ ਦੀ ਜਾਣਕਾਰੀ ਦੇ ਕੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਵਿੱਚ ਯੋਗਦਾਨ ਪਾਉਣ। ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਪੁਲੀਸ ਕਾਰਵਾਈ ਦੇ ਨਾਲ-ਨਾਲ ਪਰਿਵਾਰਾਂ, ਸਿੱਖਿਆ ਸੰਸਥਾਵਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਦੀ ਭੂਮਿਕਾ ਵੀ ਮਹੱਤਵਪੂਰਨ ਹੈ।

# ਬੀਤ ਕਬੱਡੀ ਕੱਪ 'ਤੇ ਹੈਬੋਵਾਲ ਕੰਬਾਲਾਂ ਕਲੱਬ ਦਾ ਕਬਜ਼ਾ

**ਪੈਗ਼ਾਮ-ਏ-ਜਗਤ ਗੜ੍ਹਸ਼ੰਕਰ, (ਹਰੀ ਕ੍ਰਿਸ਼ਨ ਗੰਗੜ)**

- **ਫਾਈਨਲ ਵਿੱਚ ਕੇਸ਼ੀ ਕਟਵਾਰਾ ਨੂੰ ਦਿੱਤੀ ਮਾਤ**
- **ਜੇਤੂ ਟੀਮ ਨੂੰ ਇੱਕ ਲੱਖ ਰੁਪਏ ਅਤੇ ਟਰਾਫੀ, ਉਪ ਜੇਤੂ ਨੂੰ 75 ਹਜ਼ਾਰ ਰੁਪਏ; ਨੰਨੂ ਧਨੌਰੀ ਬੈਸਟ ਜਾਫੀ ਅਤੇ ਕੁਲਵਿੰਦਰ ਧਰਮਪੁਰਾ ਬੈਸਟ ਰੇਡਰ ਬਣੇ**



ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸਮਰਪਿਤ ਦੂਜੇ ਬੀਤ ਕਬੱਡੀ ਕੱਪ ਵਿੱਚ ਹੈਬੋਵਾਲ ਕੰਬਾਲਾਂ ਕਲੱਬ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਕੇਸ਼ੀ ਕਟਵਾਰਾ ਕਲੱਬ ਨੂੰ ਹਰਾ ਕੇ ਖ਼?ਤਾਬ ਆਪਣੇ ਨਾਂ ਕਰ ਲਿਆ। ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਪਹੁੰਚੀਆਂ 16 ਕਬੱਡੀ ਕਲੱਬਾਂ ਦੀਆਂ ਟੀਮਾਂ ਨੇ ਇਸ ਟੂਰਨਾਮੈਂਟ ਵਿੱਚ ਹਿੱਸਾ ਲਿਆ। ਮੁਕਾਬਲਿਆਂ ਦੌਰਾਨ ਸੈਂਕੜੇ ਕਬੱਡੀ ਪ੍ਰੇਮੀਆਂ ਨੇ ਖਿਡਾਰੀਆਂ ਦੇ ਜ਼ਬਰਦਸਤ ਪ੍ਰਦਰਸ਼ਨ ਦਾ ਆਨੰਦ ਮਾਣਿਆ।

ਬੀਤ ਕਬੱਡੀ ਕੱਪ ਦਾ ਉਦਘਾਟਨ ਬਾਰਾਪੁਰ ਦੇ ਸਾਬਕਾ ਸਰਪੰਚ ਬਲਦੇਵ ਸਿੰਘ ਸੰਘਾ ਨੇ ਕੀਤਾ। ਟੂਰਨਾਮੈਂਟ ਦਾ ਪ੍ਰਬੰਧ ਤਲਵਿੰਦਰ ਸਿੰਘ ਕੰਬਾਲਾਂ, ਬਿੰਦਰ ਕੋਟ, ਰਣਜੀਤ ਡੰਗੋਰੀ, ਸ਼ੇਰ ਸਿੰਘ ਭਾਟੀਆ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸਾਂਝੇ ਤੌਰ 'ਤੇ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਪ੍ਰਬੰਧਕਾਂ ਦੀ ਮਿਹਨਤ ਅਤੇ ਸੁਚੱਜੇ ਪ੍ਰਬੰਧਾਂ ਸਦਕਾ ਇਸ ਖੇਡ ਮੇਲੇ ਨੇ ਇਲਾਕੇ ਵਿੱਚ ਆਪਣੀ ਵੱਖਰੀ ਪਛਾਣ ਬਣਾਈ ਅਤੇ ਖੇਡ ਪ੍ਰੇਮੀਆਂ ਨੂੰ ਕਬੱਡੀ ਦੇ ਰੌਚਕ ਮੁਕਾਬਲੇ ਦੇਖਣ ਦਾ ਮੌਕਾ ਮਿਲਿਆ।

ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਹੈਬੋਵਾਲ ਕੰਬਾਲਾਂ ਕਲੱਬ ਅਤੇ ਕੇਸ਼ੀ ਕਟਵਾਰਾ ਕਲੱਬ ਵਿਚਕਾਰ ਖੇਡਿਆ ਗਿਆ। ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਫਸਵੇਂ ਮੁਕਾਬਲੇ ਤੋਂ ਬਾਅਦ ਹੈਬੋਵਾਲ ਕੰਬਾਲਾਂ ਕਲੱਬ ਨੇ ਜਿੱਤ ਦਰਜ ਕਰਦਿਆਂ ਬੀਤ ਕਬੱਡੀ ਕੱਪ ਦੀ ਟਰਾਫੀ ਅਤੇ ਇੱਕ ਲੱਖ ਰੁਪਏ ਦਾ ਪਹਿਲਾ ਇਨਾਮ ਹਾਸਲ ਕੀਤਾ। ਦੂਜੇ ਸਥਾਨ 'ਤੇ ਰਹੀ ਕੇਸ਼ੀ ਕਟਵਾਰਾ ਕਲੱਬ ਦੀ ਟੀਮ ਨੂੰ 75 ਹਜ਼ਾਰ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ।

ਵਿਅਕਤੀਗਤ ਪ੍ਰਦਰਸ਼ਨ ਦੇ ਆਧਾਰ 'ਤੇ ਨੰਨੂ ਧਨੌਰੀ ਨੂੰ ਬੈਸਟ ਜਾਫੀ ਅਤੇ ਕੁਲਵਿੰਦਰ ਧਰਮਪੁਰਾ ਨੂੰ ਬੈਸਟ ਰੇਡਰ ਚੁਣਿਆ ਗਿਆ। ਦੋਵਾਂ ਖਿਡਾਰੀਆਂ ਨੂੰ ਇਨਾਮ ਵਜੋਂ ਮੋਟਰਸਾਈਕਲ ਦਿੱਤੇ ਗਏ। ਇਸ ਤੋਂ ਇਲਾਵਾ ਸਾਈਕਲਿਸਟ ਬਲਰਾਜ ਚੌਹਾਨ ਨੇ ਸਾਈਕਲ 'ਤੇ ਹੈਰਾਨੀਜਨਕ ਕਰਤੱਬ ਦਿਖਾ ਕੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ।

ਇਸ ਮੌਕੇ ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ, ਸਾਬਕਾ ਸਰਪੰਚ ਬਲਦੇਵ ਸਿੰਘ ਸੰਘਾ, ਯਸ਼ਪਾਲ ਚੌਧਰੀ ਬਾਰਾਪੁਰ, ਅਜਾਇਬ ਸਿੰਘ ਬੋਪਾਰਾਏ, ਕਾਂਗਰਸੀ ਆਗੂ ਜਸਵੀਰ ਸਿੰਘ ਪੁਰਖੋਵਾਲ, ਹਰਵੈਲ ਸਿੰਘ ਸੈਣੀ, ਅਨੂਪ ਸਿੰਘ ਭਦਰੂ, ਪੰਚਾਇਤ ਸੰਮਤੀ ਮੈਂਬਰ ਕਮਲ ਕਟਾਰੀਆ, ਗੁਲਜਿੰਦਰ ਸਿੰਘ ਗੱਦੀਵਾਲ, ਐਡਵੋਕੇਟ ਪੰਕਜ ਕਿਰਪਾਲ, ਆਮ ਆਦਮੀ ਪਾਰਟੀ ਦੇ ਸੰਯੁਕਤ ਸਕੱਤਰ ਲਖਵਿੰਦਰ ਸਿੰਘ ਲੱਖੀ, ਅਕਾਲੀ ਦਲ ਵਾਰਿਸ ਦੇ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੱਕ ਸਿੰਘਾ, ਕਾਂਗਰਸ ਦੇ ਹਲਕਾ ਇੰਚਾਰਜ ਅਮਨਪ੍ਰੀਤ ਸਿੰਘ ਲਾਲੀ, ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਡਾ. ਨਰੇਸ਼ ਕੰਬਾਲਾਂ, ਭਾਜਪਾ ਆਗੂ ਬਿੱਲਾ ਕੰਬਾਲਾ, ਸਾਬਕਾ ਸਰਪੰਚ ਪ੍ਰਦੀਪ ਰੰਗੀਲਾ, ਰਾਣਾ ਰਾਜ ਕੁਮਾਰ, ਸਾਬਕਾ ਸਰਪੰਚ ਪੰਮੀ ਮੀਲੂ ਪੰਡੋਰੀ, ਨੰਬਰਦਾਰ ਬੈਜ ਨਾਥ ਚੌਧਰੀ, ਮਾਸਟਰ ਪਵਨ ਸ਼ਰਮਾ, ਅਕਾਲੀ ਆਗੂ ਅਤੇ ਸਾਬਕਾ ਸਰਪੰਚ ਅਵਤਾਰ ਸਿੰਘ ਨਾਨੋਵਾਲ, ਸਰਪੰਚ ਪਰਮਜੀਤ ਸਿੰਘ, ਸਰਪੰਚ ਬਲਵਿੰਦਰ ਸਿੰਘ ਸੋਢੀ ਅਤੇ ਸਰਪੰਚ ਸੁਰਿੰਦਰ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਸੀ.ਐੱਚ.ਸੀ., ਰਾਹੋਂ ਵਿਖੇ ਸੀਨੀਅਰ ਸਿਟੀਜ਼ਨਾਂ ਲਈ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ

**ਪੈਗ਼ਾਮ-ਏ-ਜਗਤ ਨਵਾਂਸ਼ਹਿਰ, 27 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ)**



ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਡਾ. ਅਮਨ ਸੂਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਮਿਊਨਿਟੀ ਹੈਲਥ ਸੈਂਟਰ

- **ਬਜ਼ੁਰਗਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦਾ ਉਪਰਾਲਾ**

(ਸੀ.ਐੱਚ.ਸੀ.), ਰਾਹੋਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੋਨੀਆ ਦੀ ਰਹਿਨੁਮਾਈ ਹੇਠ ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ.), ਰਾਹੋਂ ਵਿਖੇ ਸੀਨੀਅਰ ਸਿਟੀਜ਼ਨਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਸਿਹਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਐੱਮ.ਡੀ. ਮੈਡੀਸਨ ਡਾ. ਜਸਕਰਨ ਸਿੰਘ, ਅੱਖਾਂ ਦੇ ਮਾਹਿਰ ਡਾ. ਸਵਰਨਜੀਤ ਸਿੰਘ ਕੁਲਾਰ ਅਤੇ ਅਪਥਾਲਮਿਕ ਅਫ਼ਸਰ ਸ੍ਰੀ ਦੀਪਕ ਸ਼ਰਮਾ ਵੱਲੋਂ ਸੀਨੀਅਰ ਸਿਟੀਜ਼ਨਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਉਪਰਾਲੇ ਦਾ ਮੁੱਖ ਉਦੇਸ਼ ਬਜ਼ੁਰਗਾਂ ਦੀਆਂ ਸਿਹਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਲੋੜੀਂਦੀ ਸਿਹਤ ਸਲਾਹ ਤੇ ਸਹੂਲਤਾਂ ਮੁਹੱਈਆ ਕਰਵਾਉਣਾ ਸੀ।

ਇਸ ਮੌਕੇ ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ.), ਰਾਹੋਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੋਨੀਆ ਨੇ ਕਿਹਾ ਕਿ ਬਜ਼ੁਰਗਾਂ ਦੀ ਸਿਹਤ ਸੰਭਾਲ ਸਿਹਤ ਵਿਭਾਗ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਨੂੰ ਸਮੇਂ-ਸਿਰ ਸਿਹਤ ਜਾਂਚ ਕਰਵਾਉਣੀ ਚਾਹੀਦੀ ਹੈ, ਤਾਂ ਜੋ ਬਿਮਾਰੀਆਂ ਦੀ ਪਛਾਣ ਕਰਕੇ ਉਨ੍ਹਾਂ ਦਾ ਢੁੱਕਵਾਂ ਇਲਾਜ ਕੀਤਾ ਜਾ ਸਕੇ।

ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡੀਕਲ ਅਫ਼ਸਰ ਡਾ ਰਿਤੂ ਦੀਪਤੀ, ਬਲਾਕ ਐਕਸਟੈਂਸ਼ਨ ਐਜੂਕੇਟਰ ਮਨਿੰਦਰ ਸਿੰਘ, ਸਟਾਫ ਨਰਸ ਕਾਂਤਾ ਦੇਵੀ, ਬਲਵਿੰਦਰ ਕੌਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਕਾਠਗੜ੍ਹ 'ਚ ਭਗਤੀ ਦੇ ਰੰਗਾਂ 'ਚ ਰੰਗਿਆ ਨਗਰ, ਧੂਮਧਾਮ ਨਾਲ ਮਨਾਇਆ ਗਿਆ ਭਗਵਾਨ ਸ੍ਰੀ ਵਾਲਮੀਕ ਜੀ ਦਾ ਪ੍ਰਗਟ ਦਿਵਸ

**ਪੈਗ਼ਾਮ-ਏ-ਜਗਤ ਬਲਾਚੌਰ , 27 ਅਕਤੂਬਰ (ਜਤਿੰਦਰਪਾਲ ਸਿੰਘ ਕਲੇਰ)**

- **ਤਿੰਨ ਦਿਨਾਂ ਰਮਾਇਣ ਪਾਠਾਂ ਦੇ ਭੋਗ, ਝੰਡਾ ਚੜ੍ਹਾਉਣ ਦੀ ਰਸਮ, ਮਹਾਂ ਹਵਨ, ਸੁੰਦਰ ਭਜਨਾਂ ਤੇ ਆਤਿਸ਼ਬਾਜ਼ੀ ਨਾਲ ਗੂੰਜਿਆ ਸਾਰਾ ਇਲਾਕਾ, ਅਤੁੱਟ ਲੰਗਰ 'ਚ ਹਜ਼ਾਰਾਂ ਸੰਗਤਾਂ ਨੇ ਕੀਤਾ ਗ੍ਰਹਿਣ**



ਸ੍ਰਿਸ਼ਟੀ ਦੇ ਸਿਰਜਣਹਾਰ, ਆਦਿ ਕਵੀ ਭਗਵਾਨ ਸ੍ਰੀ ਵਾਲਮੀਕ ਜੀ ਦਾ ਪ੍ਰਗਟ ਦਿਵਸ ਕਾਠਗੜ੍ਹ ਵਿਖੇ ਇਸ ਵਾਰ ਬੇਮਿਸਾਲ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸਾਰਾ ਨਗਰ ਭਗਤੀ ਦੇ ਰੰਗਾਂ 'ਚ ਰੰਗਿਆ ਨਜ਼ਰ ਆਇਆ। ਸਵੇਰ ਤੋਂ ਹੀ ਮੰਦਿਰ 'ਚ ਸ਼ਰਧਾਲੂਆਂ ਦਾ ਤਾਂਤਾ ਲੱਗਾ ਰਿਹਾ ਅਤੇ ਜੈ ਵਾਲਮੀਕਿ ਦੇ ਜੈਕਾਰਿਆਂ ਨਾਲ ਸਾਰਾ ਇਲਾਕਾ ਗੂੰਜ ਉੱਠਿਆ।

ਭਗਵਾਨ ਵਾਲਮੀਕ ਮੰਦਿਰ ਵਿਖੇ ਬਾਬਾ ਸਖੀ ਰਾਮ ਪ੍ਰਬੰਧਕ ਸਾਈਂ ਕਾਲੇ ਸ਼ਾਹ ਦੀ ਦੇਖਰੇਖ ਹੇਠ ਪਿਛਲੇ ਤਿੰਨ ਦਿਨਾਂ ਤੋਂ ਚੱਲ ਰਹੇ ਸ੍ਰੀ ਰਮਾਇਣ ਜੀ ਦੇ ਪਾਠਾਂ ਦਾ ਵਿਧੀਪੂਰਵਕ ਭੋਗ ਪਾਇਆ ਗਿਆ। ਇਸ ਤੋਂ ਬਾਅਦ ਪੂਰੇ ਸਤਕਾਰ ਨਾਲ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਮਹਾਂ ਆਰਤੀ ਉਤਾਰੀ ਗਈ। ਸੰਗਤ ਨੇ ਪੁਸ਼ਪਾਂ ਦੀ ਵਰਖਾ ਕਰ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ।

ਸਮਾਗਮ ਦਾ ਸਭ ਤੋਂ ਮਨਮੋਹਕ ਪਲ ਉਦੋਂ ਆਇਆ ਜਦੋਂ ਪ੍ਰਸਿੱਧ ਧਾਰਮਿਕ ਗਾਇਕ ਅਤੇ ਪ੍ਰਵਚਨ ਕਰਤਾ ਹਰਜੀਤ ਸਿੰਘ ਸਿਤਾਰਾ ਗਰੁੱਪ ਭੋਗਪੁਰ ਵਾਲਿਆਂ ਨੇ ਹਾਜ਼ਰੀ ਲਗਵਾਈ। ਉਨ੍ਹਾਂ ਨੇ ਭਗਵਾਨ ਵਾਲਮੀਕ ਜੀ ਦੇ ਜੀਵਨ, ਤਪੱਸਿਆ ਅਤੇ ਰਮਾਇਣ ਦੀ ਰਚਨਾ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਸੁੰਦਰ-ਸੁੰਦਰ ਭਜਨਾਂ ਅਤੇ ਸ਼ਬਦਾਂ ਨਾਲ ਉਨ੍ਹਾਂ ਨੇ ਸ਼ਰਧਾਲੂਆਂ ਨੂੰ ਮੰਤਰ ਮੁਗਧ ਕਰ ਦਿੱਤਾ। ਸੰਗਤ ਝੂਮ-ਝੂਮ ਕੇ ਭਜਨਾਂ ਦਾ ਆਨੰਦ ਮਾਣਦੀ ਰਹੀ।

ਇਸ ਤੋਂ ਬਾਅਦ ਮਹਾਂ ਹਵਨ ਕਰਵਾਇਆ ਗਿਆ, ਜਿਸ ਵਿੱਚ ਸਾਰੇ ਨਗਰ ਵੱਲੋਂ ਪੂਰਨ ਆਹੂਤੀ ਪਾਈ ਗਈ। ਹਵਨ ਤੋਂ ਬਾਅਦ ਪ੍ਰਸ਼ਾਦ ਵੰਡਿਆ ਗਿਆ। ਸ਼ਾਮ ਹੁੰਦਿਆਂ ਹੀ ਆਤਿਸ਼ਬਾਜ਼ੀ ਅਤੇ ਪਟਾਕਿਆਂ ਨਾਲ ਪ੍ਰਗਟ ਦਿਵਸ ਦਾ ਜਸ਼ਨ ਮਨਾਇਆ ਗਿਆ, ਜਿਸ ਨਾਲ ਅਸਮਾਨ ਰੰਗ-ਬਿਰੰਗੀਆਂ ਰੌਸ਼ਨੀਆਂ ਨਾਲ ਜਗਮਗਾ ਉੱਠਿਆ। ਉਪਰੰਤ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ, ਜਿਸ ਵਿੱਚ ਹਜ਼ਾਰਾਂ ਸੰਗਤਾਂ ਨੇ ਬੈਠ ਕੇ ਪ੍ਰਸ਼ਾਦ ਛਕਿਆ।

ਇਸ ਮੌਕੇ ਸਾਬਕਾ ਚੇਅਰਮੈਨ ਯੋਜਨਾ ਬੋਰਡ ਸਤਨਾਮ ਜਲਾਲਪੁਰ, ਓ.ਬੀ.ਸੀ. ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਸੰਦੀਪ ਭਾਟੀਆ, ਕਾਮਰੇਡ ਅਵਤਾਰ ਸਿੰਘ ਤਾਰੀ, ਸਾਬਕਾ ਸਰਪੰਚ ਸੁਭਾਸ਼ ਆਨੰਦ, ਸਰਪੰਚ ਰਿਸ਼ੂ ਬਾਲਾ, ਦੀਪਕ ਕਲਿਆਣ, ਮਾਰਕੀਟ ਪ੍ਰਧਾਨ ਰਾਜ ਕੁਮਾਰ ਆਨੰਦ, ਜੀਤ ਰਾਮ ਫੌਜੀ, ਧਰਮਪਾਲ, ਪਾਲ ਫੌਜੀ, ਧਰਮਿੰਦਰ ਕੁਮਾਰ, ਸ਼ੇਖਰ ਚੌਧਰੀ, ਸੁਰੇਸ਼ ਕੁਮਾਰ, ਕਮੇਟੀ ਮੈਂਬਰ ਧੀਰਜ ਕੁਮਾਰ, ਰਾਮ ਕੁਮਾਰ, ਸਤਿੰਦਰ ਸ਼ਰਮਾ, ਅਨਿਲ ਸ਼ਰਮਾ, ਜਤਿੰਦਰ ਮਿੰਟੂ, ਰਵੀ ਕੁਮਾਰ, ਜੈ ਚੰਦ ਚੌਧਰੀ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਅਤੇ ਸੰਗਤ ਹਾਜ਼ਰ ਸੀ। ਪ੍ਰਬੰਧਕਾਂ ਵੱਲੋਂ ਸਾਰੀ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਸੰਗਤ ਦੇ ਸਹਿਯੋਗ ਨਾਲ ਹੀ ਇਹ ਸਮਾਗਮ ਹਰ ਸਾਲ ਹੋਰ ਵੀ ਸ਼ਾਨਦਾਰ ਢੰਗ ਨਾਲ ਮਨਾਇਆ ਜਾਵੇਗਾ।

# ਪੀ.ਏ.ਯੂ.-ਖੇਤੀਬਾੜੀ ਕਾਲਜ, ਬੱਲੋਂਵਾਲ ਸੌਂਖੜੀ ਵਿਖੇ ਮਾਨਸਿਕ ਸਿਹਤ ਜਾਗਰੂਕਤਾ ਹਫਤਾ ਮਨਾਇਆ

**ਪੈਗ਼ਾਮ-ਏ-ਜਗਤ ਨਵਾਂਸ਼ਹਿਰ, 27 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ)**




ਪੀ.ਏ.ਯੂ.-ਖੇਤੀਬਾੜੀ ਕਾਲਜ, ਬੱਲੋਂਵਾਲ ਸੌਂਖੜੀ ਵਿਖੇ ਡੀਨ ਡਾ. ਮਨਮੋਹਨਜੀਤ ਸਿੰਘ ਦੀ ਅਗਵਾਈ ਹੇਠ 19 ਤੋਂ 23 ਅਕਤੂਬਰ 2026 ਤੱਕ ਮਾਨਸਿਕ ਸਿਹਤ ਜਾਗਰੂਕਤਾ ਹਫ਼ਤਾ ਮਨਾਇਆ ਗਿਆ। ਇਸ ਹਫ਼ਤੇ ਦੌਰਾਨ ਦੇ ਗਤੀਵਿਧੀਆਂ ਕਰਵਾਈਆਂ ਗਈਆਂ: ਪੋਸਟਰ ਮੇਕਿੰਗ ਮੁਕਾਬਲਾ ਅਤੇ ਮਾਨਸਿਕ ਸਿਹਤ ਬਾਰੇ ਇੱਕ-ਦਿਨਾ ਵਰਕਸ਼ਾਪ। ਮਾਨਸਿਕ ਸਿਹਤ ਜਾਗਰੂਕਤਾ ਬਾਰੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਲਗਭਗ 30 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਦਾ ਮਕਸਦ ਮਾਨਸਿਕ ਸਿਹਤ ਦੇ ਮੁੱਦਿਆਂ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਮਾਨਸਿਕ ਸਿਹਤ ਬਾਰੇ ਇੱਕ-ਦਿਨਾ ਵਰਕਸ਼ਾਪ ਵਿੱਚ ਚਮਨ ਸਿੰਘ, ਪ੍ਰੋਜੈਕਟ ਡਾਇਰੈਕਟਰ, ਰੈੱਡ ਕਰਾਸ ਇੰਟੀਗ੍ਰੇਟਿਡ ਰੀਹੈਬਲੀਟੇਸ਼ਨ ਸੈਂਟਰ ਫਾਰ ਐਡਿਕਟਸ , ਨਵਾਂਸ਼ਹਿਰ ਅਤੇ ਪਰਵੇਸ਼ ਕੁਮਾਰ, ਪੀਅਰ ਐਜੂਕੇਟਰ, ਰਿਸੋਰਸ ਪਰਸਨ ਸਨ। ਡਾ. ਪੂਜਾ ਗੋਇਲ ਨੇ ਮਹਿਮਾਨਾਂ ਦਾ ਸੁਆਗਤ ਕੀਤਾ ਅਤੇ ਵਿਦਿਆਰਥੀਆਂ ਨਾਲ ਰਿਸੋਰਸ ਪਰਸਨਾਂ ਦੀ ਜਾਣ-ਪਛਾਣ ਕਰਵਾਈ। ਮੁੱਖ ਬੁਲਾਰੇ ਚਮਨ ਸਿੰਘ ਨੇ ਜ਼ੋਰ ਦਿੱਤਾ ਕਿ ਵਿਸ਼ਵ ਮਾਨਸਿਕ ਸਿਹਤ ਦਿਵਸ ਹਰ ਸਾਲ 10 ਅਕਤੂਬਰ ਨੂੰ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਲਈ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਮਾਨਸਿਕ ਸਿਹਤ ਜਾਗਰੂਕਤਾ ਦੀ ਮਹੱਤਤਾ ਉਜਾਗਰ ਕੀਤੀ ਅਤੇ ਵਿਦਿਆਰਥੀਆਂ ਦੇ ਰੋਜ਼ਾਨਾ ਜੀਵਨ ਅਤੇ ਵਿੱਦਿਅਕ ਤਜਰਬਿਆਂ ਵਿੱਚ ਮਾਨਸਿਕ ਤੰਦਰੁਸਤੀ ਨੂੰ ਸ਼ਾਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸਮਝਾਇਆ ਕਿ ਮਾਨਸਿਕ ਸਿਹਤ ਇੱਕ ਅੰਦਰੂਨੀ ਅਵਸਥਾ ਹੈ ਜੋ ਸਿੱਧੀ ਦਿਖਾਈ ਨਹੀਂ ਦਿੰਦੀ, ਪਰ ਕਿਸੇ ਵਿਅਕਤੀ ਦੇ ਵਿਵਹਾਰ, ਭਾਵਨਾਵਾਂ ਅਤੇ ਕਾਰਵਾਈਆਂ ਰਾਹੀਂ ਸਮਝੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਹਾਦਸੇ, ਤਣਾਅ ਅਤੇ ਹੋਰ ਔਖੇ ਤਜਰਬੇ ਮਾਨਸਿਕ ਤੰਦਰੁਸਤੀ ਨੂੰ ਵਿਗਾੜ ਸਕਦੇ ਹਨ ਅਤੇ ਕਿਸੇ ਵਿਅਕਤੀ ਦੇ ਸੁਭਾਅ ਤੇ ਵਿਵਹਾਰ ਵਿੱਚ ਬਦਲਾਅ ਲਿਆ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਧਾਰਮਿਕ ਗ੍ਰੰਥਾਂ ਦੀਆਂ ਸਿੱਖਿਆਵਾਂ ਨੂੰ ਸਮਝਣ ਅਤੇ ਰੋਜ਼ਾਨਾ ਜੀਵਨ ਵਿੱਚ ਲਾਗੂ ਕਰਨ ਲਈ ਉਤਸ਼ਾਹਿਤ ਕੀਤਾ, ਇਹ ਸਮਝਾਉਂਦੇ ਹੋਏ ਕਿ ਇਹ ਸਿੱਖਿਆਵਾਂ ਅਰਥਪੂਰਨ ਜੀਵਨ ਜਿਊਣ ਅਤੇ ਅੰਦਰੂਨੀ ਤਾਕਤ ਵਿਕਸਿਤ ਕਰਨ ਬਾਰੇ ਕੀਮਤੀ ਸਬਕ ਦਿੰਦੀਆਂ ਹਨ। ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦੇ ਨਜ਼ਦੀਕੀ ਸਬੰਧ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਤੰਦਰੁਸਤ ਮਨ ਤੰਦਰੁਸਤ ਸਰੀਰ ਵਿੱਚ ਵਸਦਾ ਹੈ ਅਤੇ ਵਿਦਿਆਰਥੀਆਂ ਨੂੰ ਰੋਜ਼ਾਨਾ ਸਵੇਰ ਦੀ ਕਸਰਤ ਕਰਨ ਲਈ ਉਤਸ਼ਾਹਿਤ ਕੀਤਾ। ਵਿਅਕਤੀਆਂ ਨੇ ਤਣਾਅ ਦੇ ਆਮ ਲੱਛਣਾਂ ਬਾਰੇ ਵੀ ਚਰਚਾ ਕੀਤੀ, ਜਿਨ੍ਹਾਂ ਵਿੱਚ ਨੀਂਦ ਵਿੱਚ ਵਿਘਨ, ਭੁੱਖ ਘੱਟ ਲੱਗਣਾ, ਪੇਟ ਦੀਆਂ ਤਕਲੀਫ਼ਾਂ, ਗੁੱਸਾ ਅਤੇ ਚਿੜਚਿੜਾਪਨ ਵਧਣਾ ਸ਼ਾਮਲ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਰੋਜ਼ਾਨਾ ਗਤੀਵਿਧੀਆਂ ਦੀ ਯੋਜਨਾ ਬਣਾਉਣ, ਸ਼ੌਕ ਵਿਕਸਿਤ ਕਰਨ (ਜਿਵੇਂ ਨੱਚਣਾ, ਸੰਗੀਤ ਸੁਣਨਾ, ਕਿਤਾਬਾਂ ਪੜ੍ਹਨਾ ਆਦਿ) ਅਤੇ ਮੋਬਾਈਲ ਫ਼ੋਨ ਦੀ ਬਹੁਤੀ ਵਰਤੋਂ ਕਾਰਨ ਹੋਣ ਵਾਲੀਆਂ ਰੁਕਾਵਟਾਂ ਘਟਾਉਣ ਦੀ ਸਲਾਹ ਦਿੱਤੀ।

ਸੈਸ਼ਨ ਵਿੱਚ ਨਸ਼ਾ ਜਾਗਰੂਕਤਾ ਅਤੇ ਨਸ਼ਾਖੋਰੀ ਰੋਕਥਾਮ 'ਤੇ ਵੀ ਧਿਆਨ ਕੇਂਦਰਿਤ ਕੀਤਾ ਗਿਆ। ਬੁਲਾਰਿਆਂ ਨੇ ਨਸ਼ਿਆਂ ਨਾਲ ਜੁੜੇ ਮਾਮਲਿਆਂ ਵਿੱਚ ਵਧ ਰਹੀ ਚਿੰਤਾ ਅਤੇ ਨਸ਼ਾਖੋਰੀ ਦੇ ਗੰਭੀਰ ਨਤੀਜਿਆਂ, ਖ਼ਾਸ ਕਰਕੇ ਓਵਰਡੋਜ਼ ਕਾਰਨ ਹੋਣ ਵਾਲੀਆਂ ਮੌਤਾਂ, ਉੱਤੇ ਰੌਸ਼ਨੀ ਪਾਈ।

'ਪੈਗ਼ਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗ਼ਾਮ-ਏ-ਜਗਤ

# ਮਿਡ-ਡੇ-ਮੀਲ ਵਰਕਰਾਂ, ਸਫ਼ਾਈ ਸੇਵਕਾਂ ਤੇ ਚੌਂਕੀਦਾਰਾਂ ਦੀਆਂ ਮੰਗਾਂ ਦੇ ਨਿਪਟਾਰੇ ਲਈ ਮੀਟਿੰਗ ਦੀ ਮੰਗ

ਪਟਿਆਲਾ, 27 ਅਕਤੂਬਰ
(ਪੈਗ਼ਾਮ-ਏ-ਜਗਤ)



ਮਿਡ-ਡੇ-ਮੀਲ ਵਰਕਰਾਂ, ਸਰਕਾਰੀ ਸਕੂਲਾਂ ਦੇ ਸਫ਼ਾਈ ਸੇਵਕਾਂ ਅਤੇ ਚੌਂਕੀਦਾਰਾਂ ਦੀਆਂ ਹੱਕੀ ਮੰਗਾਂ ਦੇ ਨਿਪਟਾਰੇ ਲਈ ਜਥੇਬੰਦੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ ਸਿੱਖਿਆ), ਪਟਿਆਲਾ ਨੂੰ ਯਾਦ-ਪੱਤਰ ਸੌਂਪ ਕੇ ਤੁਰੰਤ ਮੀਟਿੰਗ ਦਾ ਸਮਾਂ ਨਿਸ਼ਚਿਤ ਕਰਨ ਦੀ ਮੰਗ ਕੀਤੀ ਗਈ ਹੈ।

ਜਥੇਬੰਦੀ ਦੇ ਨੁਮਾਇੰਦਿਆਂ ਨੇ ਦੱਸਿਆ ਕਿ 20 ਮਾਰਚ ਨੂੰ ਰੈਲੀ ਕਰਨ ਉਪਰੰਤ ਵਰਕਰਾਂ ਦੀਆਂ ਮੰਗਾਂ ਸਬੰਧੀ ਮੰਗ-ਪੱਤਰ ਅਧਿਕਾਰੀਆਂ ਨੂੰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਵੀ ਕਈ ਵਾਰ ਯਾਦ-ਪੱਤਰ ਦੇ ਕੇ ਮੀਟਿੰਗ ਦੀ ਮੰਗ ਕੀਤੀ ਗਈ, ਪਰ ਅਜੇ ਤੱਕ ਨਾ ਕੋਈ ਤਸੱਲੀਬਖਸ਼ ਜਵਾਬ ਮਿਲਿਆ ਹੈ ਅਤੇ ਨਾ ਹੀ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ। ਇਸ ਕਾਰਨ ਵਰਕਰਾਂ ਵਿੱਚ ਨਿਰਾਸ਼ਾ ਹੈ।

ਜਥੇਬੰਦੀ ਨੇ ਮੰਗ ਕੀਤੀ ਕਿ ਮਿਡ-ਡੇ-ਮੀਲ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ, ਪੱਕਾ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ ਅਤੇ ਬਣਦਾ ਭੱਤਾ ਦਿੱਤਾ ਜਾਵੇ। ਖਾਣਾ ਤਿਆਰ ਕਰਦੇ ਸਮੇਂ ਕਿਸੇ ਦੁਰਘਟਨਾ ਦੀ ਸਥਿਤੀ ਵਿੱਚ ਮੁਆਵਜ਼ੇ, ਡਾਕਟਰੀ ਸਹਾਇਤਾ ਅਤੇ ਬੀਮੇ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾਵੇ।

ਸਰਕਾਰੀ ਸਕੂਲਾਂ ਦੇ ਸਫ਼ਾਈ ਸੇਵਕਾਂ ਨੂੰ ਮਿਲ ਰਹੀ 3,000 ਰੁਪਏ ਅਤੇ ਚੌਂਕੀਦਾਰਾਂ ਨੂੰ ਮਿਲ ਰਹੀ 5,000 ਰੁਪਏ ਮਹੀਨਾਵਾਰ ਰਕਮ ਵਿੱਚ ਵਾਜਬ ਵਾਧਾ ਕਰਨ ਦੀ ਮੰਗ ਵੀ ਕੀਤੀ ਗਈ। ਇਸ ਦੇ ਨਾਲ ਹੀ ਘੱਟੋ-ਘੱਟ ਉਜਰਤਾਂ ਅਤੇ ਕਿਰਤ ਕਾਨੂੰਨਾਂ ਅਨੁਸਾਰ ਸਹੂਲਤਾਂ ਦੇਣ, ਸਫ਼ਾਈ ਸੇਵਕਾਂ ਨੂੰ ਵਰਦੀਆਂ, ਲੋੜੀਂਦੇ ਸੰਦ ਅਤੇ ਸੁਰੱਖਿਆ ਸਮੱਗਰੀ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੇ ਕੰਮ ਦਾ ਖੇਤਰ ਨਿਸ਼ਚਿਤ ਕਰਨ ਲਈ ਕਿਹਾ ਗਿਆ। ਚੌਂਕੀਦਾਰਾਂ ਦੀ ਡਿਊਟੀ ਦੇ ਘੰਟੇ ਤੈਅ ਕਰਨ, ਰਾਤ ਦੀ ਡਿਊਟੀ ਕਰਨ ਵਾਲਿਆਂ ਨੂੰ ਸਰਦੀਆਂ ਵਿੱਚ ਗਰਮ ਓਵਰਕੋਟ ਦੇਣ ਅਤੇ ਸਾਰੇ ਵਰਕਰਾਂ ਨੂੰ ਹਫ਼ਤਾਵਾਰੀ ਆਰਾਮ ਸਮੇਤ ਸਰਦੀਆਂ ਤੇ ਗਰਮੀਆਂ ਦੀਆਂ ਛੁੱਟੀਆਂ ਦੇਣ ਦੀ ਮੰਗ ਵੀ ਰੱਖੀ ਗਈ।

ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਇਹ ਵਰਕਰ ਸਰਕਾਰੀ ਸਕੂਲਾਂ ਦੇ ਰੋਜ਼ਾਨਾ ਕੰਮਕਾਜ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ, ਪਰ ਉਨ੍ਹਾਂ ਨੂੰ ਉਚਿਤ ਮਿਹਨਤਾਨੇ ਅਤੇ ਬੁਨਿਆਦੀ ਸਹੂਲਤਾਂ ਦੀ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਜਲਦ ਮੀਟਿੰਗ ਦਾ ਦਿਨ ਅਤੇ ਸਮਾਂ ਨਿਸ਼ਚਿਤ ਕਰਕੇ ਲਿਖਤੀ ਸੂਚਨਾ ਦਿੱਤੀ ਜਾਵੇ, ਤਾਂ ਜੋ ਮੰਗਾਂ 'ਤੇ ਵਿਚਾਰ ਕਰਕੇ ਉਨ੍ਹਾਂ ਦਾ ਯੋਗ ਨਿਪਟਾਰਾ ਕੀਤਾ ਜਾ ਸਕੇ।

# ਭਗਵਾਨ ਵਾਲਮੀਕ ਜੀ ਦੇ ਪ੍ਰਗਟ ਦਿਵਸ ਮੌਕੇ ਧੀਰੂ ਨਗਰ ਅਤੇ ਲਾਹੌਰੀ ਗੇਟ ਸਨੌਰ ਦੀਆਂ ਟੀਮਾਂ ਵੱਲੋਂ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਦਾ ਸਨਮਾਨ

ਪਟਿਆਲਾ, 27 ਅਕਤੂਬਰ
(ਪੈਗ਼ਾਮ-ਏ-ਜਗਤ)



ਭਗਵਾਨ ਮਹਾਰਿਸ਼ੀ ਵਾਲਮੀਕ ਜੀ ਦੇ ਪ੍ਰਗਟ ਦਿਵਸ ਮੌਕੇ ਧੀਰੂ ਨਗਰ ਅਤੇ ਲਾਹੌਰੀ ਗੇਟ ਸਨੌਰ ਦੀਆਂ ਟੀਮਾਂ ਵੱਲੋਂ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਿਊਮਨ ਸਰਵਿਸ ਸੋਸਾਇਟੀ ਪੰਜਾਬ ਦੀ ਟੀਮ ਨੇ ਸ਼ੋਭਾ ਯਾਤਰਾ ਵਿੱਚ ਸ਼ਮੂਲੀਅਤ ਕਰਨ ਦੇ ਨਾਲ ਮੰਦਰ ਵਿਖੇ ਨਤਮਸਤਕ ਹੋ ਕੇ ਭਗਵਾਨ ਵਾਲਮੀਕ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਪਟਿਆਲਾ ਵਿੱਚ ਪ੍ਰਗਟ ਦਿਵਸ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਆਪਸੀ ਸਾਂਝ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪੂਰਾ ਸ਼ਹਿਰ ਦੀਵਾਲੀ ਵਾਂਗ ਰੌਸ਼ਨ ਨਜ਼ਰ ਆਇਆ ਅਤੇ ਹਰ ਪਾਸੇ ਖੁਸ਼ੀਆਂ ਦਾ ਮਾਹੌਲ ਸੀ।

ਇਸ ਮੌਕੇ ਜਤਿੰਦਰ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਨੇ ਭਗਵਾਨ ਮਹਾਰਿਸ਼ੀ ਵਾਲਮੀਕ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਜਤਿੰਦਰ ਸ਼ਰਮਾ ਨੇ ਕਿਹਾ ਕਿ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦਾ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਨੇ ਰਮਾਇਣ ਦੀ ਰਚਨਾ ਕੀਤੀ ਅਤੇ ਮਾਤਾ ਸੀਤਾ ਦੇ ਪੁੱਤਰ ਲਵ ਤੇ ਕੁਸ਼ ਦਾ ਜਨਮ ਵਾਲਮੀਕ ਆਸ਼ਰਮ ਵਿੱਚ ਹੋਇਆ ਸੀ। ਉਨ੍ਹਾਂ ਨੇ ਹਰ ਧਰਮ ਦਾ ਸਤਿਕਾਰ ਕੀਤਾ ਅਤੇ ਸਮਾਜ ਨੂੰ ਮਿਲਜੁਲ ਕੇ ਰਹਿਣ ਦੀ ਪ੍ਰੇਰਨਾ ਦਿੱਤੀ।

ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕ ਜੀ ਦੀਆਂ ਸਿੱਖਿਆਵਾਂ ਸਮਾਜ ਵਿੱਚ ਸਦਭਾਵਨਾ, ਆਪਸੀ ਸਤਿਕਾਰ ਅਤੇ ਏਕਤਾ ਨੂੰ ਮਜ਼ਬੂਤ ਕਰਨ ਲਈ ਹਮੇਸ਼ਾ ਪ੍ਰੇਰਿਤ ਕਰਦੀਆਂ ਰਹਿਣਗੀਆਂ। ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਭਲਾਈ ਅਤੇ ਲੋਕ ਸੇਵਾ ਦੇ ਕਾਰਜਾਂ ਵਿੱਚ ਇੱਕ-ਦੂਜੇ ਦਾ ਸਾਥ ਦੇਣਾ ਚਾਹੀਦਾ ਹੈ।

ਜਤਿੰਦਰ ਸ਼ਰਮਾ ਨੇ ਸਨਮਾਨਿਤ ਕਰਨ ਲਈ ਪਟਿਆਲਾ ਦੀਆਂ ਵੱਖ-ਵੱਖ ਵਾਲਮੀਕ ਸੰਸਥਾਵਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਹਮੇਸ਼ਾ ਇਨ੍ਹਾਂ ਸੰਸਥਾਵਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਰਹੇਗੀ।

ਇਸ ਮੌਕੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ, ਪੰਜਾਬ ਚੇਅਰਪਰਸਨ ਵਰਸ਼ਾ ਗੋਇਲ, ਸੇਵਾਮੁਕਤ ਐਸ.ਐਸ.ਪੀ. ਪਵਨ ਕੁਮਾਰ, ਚੇਅਰਮੈਨ ਰਤਨ ਮੱਟੂ, ਗੋਲਡੀ ਵਾਲੀਆ, ਅਸ਼ੋਕ ਕੁਮਾਰ, ਰੰਧਾਵਾ ਸਿੰਘ, ਰਾਮਪਾਲ, ਰਾਜਪਾਲ, ਰਾਜੇਸ਼ਵਰ, ਜਸਵੀਰ ਪਾਲ, ਸਾਹਿਲ ਬਾਕਸਰ, ਵਿਕਰਮ ਸਿੰਘ ਠਾਕੁਰ ਅਤੇ ਟੀਮ ਦੇ ਹੋਰ ਪਤਵੰਤੇ ਮੈਂਬਰਾਂ ਨੇ ਭਗਵਾਨ ਵਾਲਮੀਕਿ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਪੈਟਰੋਲ ਪੰਪਾਂ 'ਤੇ ਨੋ ਪੀ.ਯੂ.ਸੀ., ਨੋ ਫਿਊਲ ਦੇ ਚੇਤਾਵਨੀ ਬੋਰਡ ਲਗਾਉਣਾ ਲਾਜ਼ਮੀ : ਡਿਪਟੀ ਕਮਿਸ਼ਨਰ

ਪੈ.ਗਾਮ-ਏ-ਜਗਤ/ਕਰਨਾਲ
27 ਅਕਤੂਬਰ, (ਪ੍ਰਵੀਨ ਵਾਲੀਆ)

- ਕਰਨਾਲ ਤੋਂ ਇੰਦਰੀ ਅਤੇ ਕਰਨਾਲ ਤੋਂ ਅਸੰਧ ਮਾਰਗ 'ਤੇ ਸਪੀਡ ਲਿਮਿਟ ਬੋਰਡ ਲਗਾਓ: ਡਿਪਟੀ ਕਮਿਸ਼ਨਰ



ਹਵਾ ਗੁਣਵੱਤਾ ਪ੍ਰਬੰਧਨ ਨੂੰ ਲੈ ਕੇ ਟਰਾਂਸਪੋਰਟ ਵਿਭਾਗ ਹਰਿਆਣਾ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਵਿੱਚ ਰਾਸ਼ਟਰੀ ਰਾਜਧਾਨੀ ਖੇਤਰ ਯਾਨੀ ਐਨਸੀਆਰ ਵਿੱਚ ਸਥਾਪਿਤ ਸਾਰੇ ਪੈਟਰੋਲ ਪੰਪਾਂ 'ਤੇ ਨੋ ਪੀਯੂਸੀ, ਨੋ ਫਿਊਲ ਦੇ ਚੇਤਾਵਨੀ ਬੋਰਡ ਲਗਾਉਣਾ ਲਾਜ਼ਮੀ ਹੈ। ਇਸ ਨੂੰ ਲੈ ਕੇ ਡਿਪਟੀ ਕਮਿਸ਼ਨਰ ਡਾ. ਅਨੰਦ ਕੁਮਾਰ ਸ਼ਰਮਾ ਨੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਨੂੰ ਨਿਰਦੇਸ਼ ਦਿੱਤੇ ਕਿ ਉਹ ਜ਼ਿਲ੍ਹੇ ਵਿੱਚ ਸਥਾਪਿਤ ਸਾਰੇ ਪੈਟਰੋਲ ਪੰਪਾਂ 'ਤੇ ਨੋ ਪੀਯੂਸੀ, ਨੋ ਫਿਊਲ ਦੇ ਚੇਤਾਵਨੀ ਬੋਰਡ ਲਗਵਾਉਣਾ ਯਕੀਨੀ ਬਣਾਉਣ।

ਡਿਪਟੀ ਕਮਿਸ਼ਨਰ ਡਾ. ਅਨੰਦ ਕੁਮਾਰ ਸ਼ਰਮਾ ਅੱਜ ਜ਼ਿਲ੍ਹਾ ਸਕੱਤਰੇਤ ਦੇ ਸਭਾ ਹਾਲ ਵਿੱਚ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮਾਸਿਕ ਮੀਟਿੰਗ ਵਿੱਚ ਬੋਲ ਰਹੇ ਸਨ। ਉਨ੍ਹਾਂ ਨੇ ਪਿਛਲੀ ਮੀਟਿੰਗ ਤੋਂ ਲੰਬਿਤ ਏਜੰਡਿਆਂ 'ਤੇ ਕੀਤੀ ਗਈ ਕਾਰਵਾਈ ਦੀ ਸਮੀਖਿਆ ਕੀਤੀ, ਜਿਨ੍ਹਾਂ ਵਿੱਚੋਂ ਜ਼ਿਆਦਾਤਰ 'ਤੇ ਕੰਮ ਪੂਰਾ ਹੋ ਚੁੱਕਾ ਹੈ। ਅਰਾਈਪੁਰਾ ਰੋਡ 'ਤੇ ਲਟਕਦੀਆਂ ਬਿਜਲੀ ਦੀਆਂ ਤਾਰਾਂ ਕਾਰਨ ਦੁਰਘਟਨਾਵਾਂ ਦੀ ਰੋਕਥਾਮ ਨਾਲ ਸਬੰਧਤ ਮਾਮਲੇ ਦੇ ਹੱਲ ਲਈ ਜਲਦੀ ਹੀ ਲੋਕ ਨਿਰਮਾਣ ਵਿਭਾਗ ਵੱਲੋਂ ਬਿਜਲੀ ਵਿਭਾਗ ਨੂੰ ਰਾਸ਼ੀ ਜਮ੍ਹਾਂ ਕਰਵਾ ਦਿੱਤੀ ਜਾਵੇਗੀ ਅਤੇ ਉਸ ਤੋਂ ਬਾਅਦ ਇਹ ਕੰਮ ਵੀ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੋਰਟਲ 'ਤੇ ਚਿੰਨ੍ਹਤ ਸਾਰੇ ਬਲੈਕ ਸਪਾਟ ਨੂੰ ਜਲਦੀ ਠੀਕ ਕੀਤਾ ਜਾਵੇ। ਇਸ ਤੋਂ ਇਲਾਵਾ ਸੜਕਾਂ ਦੀ ਮੁਰੰਮਤ ਦੇ ਕੰਮ ਨੂੰ ਵੀ ਪੂਰਾ ਕੀਤਾ ਜਾਵੇ। ਉਨ੍ਹਾਂ ਨੇ ਰਾਸ਼ਟਰੀ ਰਾਜਮਾਰਗ 'ਤੇ ਸਮਾਨਾਬਾਹੂ ਪਿੰਡ ਦੇ ਨੇੜੇ ਪਾਣੀ ਦੀ ਨਿਕਾਸੀ ਦੇ ਸਥਾਈ ਹੱਲ ਲਈ ਐਸਡੀਐਮ ਨੀਲੋਖੇੜੀ ਨੂੰ ਨਿਰਦੇਸ਼ ਦਿੱਤੇ ਕਿ ਉਹ ਗ੍ਰਾਮ ਪੰਚਾਇਤ ਨਾਲ ਗੱਲਬਾਤ ਕਰਕੇ ਇਸ ਸਮੱਸਿਆ ਦਾ ਹੱਲ ਕੱਢਣ।

ਉਨ੍ਹਾਂ ਨੇ ਸਮਾਰਟ ਸਿਟੀ ਪ੍ਰੋਜੈਕਟ ਦੇ ਜਨਰਲ ਮੈਨੇਜਰ ਨੂੰ ਨਿਰਦੇਸ਼ ਦਿੱਤੇ ਕਿ ਉਹ ਸ਼ਹਿਰ ਵਿੱਚ ਸਥਾਪਿਤ ਕੈਮਰਿਆਂ ਦੀਆਂ ਬੈਟਰੀਆਂ ਦੀ ਜਾਂਚ ਕਰਵਾਉਣ ਅਤੇ ਲੋੜ ਅਨੁਸਾਰ ਬੈਟਰੀਆਂ ਨੂੰ ਜਲਦੀ ਤੋਂ ਜਲਦੀ ਬਦਲਵਾਉਣਾ ਯਕੀਨੀ ਬਣਾਉਣ। ਸੜਕ ਸੁਰੱਖਿਆ ਕਮੇਟੀ ਦੇ ਮੈਂਬਰ ਵਿਪਿਨ ਨੇ ਕੈਥਲ ਰੋਡ ਅਤੇ ਹਸਪਤਾਲ ਚੌਕ 'ਤੇ ਪੁਲਿਸ ਪੋਸਟ ਸਥਾਪਿਤ ਕਰਨ ਦਾ ਸੁਝਾਅ ਦਿੱਤਾ। ਇਸ 'ਤੇ ਡੀਸੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਉਹ ਅਸਥਾਈ ਪੁਲਿਸ ਪੋਸਟ ਬਣਵਾਉਣ। ਇਸੇ ਤਰ੍ਹਾਂ ਸੰਦੀਪ ਲਾਠਰ ਨੇ ਆਈਟੀਆਈ ਚੌਕ ਦੇ ਨੇੜੇ ਜਾਮ ਦੀ ਸਥਿਤੀ ਤੋਂ ਛੁਟਕਾਰਾ ਦਿਵਾਉਣ ਲਈ ਨੇੜੇ ਹੀ ਸਰਵਿਸ ਲਾਈਨ ਨੂੰ ਚਾਲੂ ਕੀਤਾ ਜਾਵੇ। ਇਸ ਨੂੰ ਲੈ ਕੇ ਡੀਸੀ ਨੇ ਐਸਡੀਐਮ ਕਰਨਾਲ ਨੂੰ ਨਿਰਦੇਸ਼ ਦਿੱਤੇ ਕਿ ਉਹ ਮੌਕਾ ਮੁਆਇਨਾ ਕਰਨ ਅਤੇ ਸਮੱਸਿਆ ਦਾ ਹੱਲ ਕਰਨ। ਇਸ ਤੋਂ ਇਲਾਵਾ ਐਨਬੀਜੀਆਰ ਦੇ ਨੇੜੇ ਸਾਫ-ਸਫਾਈ ਕਰਵਾਉਣ, ਬ੍ਰੇਕਰ ਲਗਵਾਉਣ ਅਤੇ ਪੁਲਿਸ ਗਸ਼ਤ ਵਧਾਉਣ ਲਈ ਵੀ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਨਵੇਂ ਬੱਸ ਅੱਡੇ ਦੇ ਨੇੜੇ ਰਾਸ਼ਟਰੀ ਰਾਜਮਾਰਗ 'ਤੇ ਪੈਦਲ ਯਾਤਰੀਆਂ ਦੀਆਂ ਜ਼ਿਆਦਾ ਸੜਕ ਦੁਰਘਟਨਾਵਾਂ ਦੇ ਮਾਮਲੇ ਸਾਹਮਣੇ ਆ ਰਹੇ ਹਨ, ਇਨ੍ਹਾਂ ਦੁਰਘਟਨਾਵਾਂ ਨੂੰ ਰੋਕਣ ਲਈ ਵੀ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਰੂਰੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਟ੍ਰੈਫਿਕ ਐਸਐਚਓ ਨੇ ਸੁਝਾਅ ਦਿੱਤਾ ਕਿ ਕਰਨਾਲ ਤੋਂ ਇੰਦਰੀ ਅਤੇ ਕਰਨਾਲ ਤੋਂ ਅਸੰਧ ਮਾਰਗ 'ਤੇ ਸਪੀਡ ਲਿਮਿਟ ਬੋਰਡ ਲਗਵਾਏ ਜਾਣ।

# ਸਰਕਾਰ ਗੜੇਮਾਰੀ ਨਾਲ ਬਰਬਾਦ ਹੋਈਆਂ ਫਸਲਾਂ ਦੀ ਤੁਰੰਤ ਗਿਰਦਾਵਰੀ ਕਰਵਾਏ : ਨਿਰਭੈ ਸਿੰਘ

ਪੈ.ਗਾਮ-ਏ-ਜਗਤ
ਰਤੀਆ, 27 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

- ਜੇਕਰ ਕੱਲ੍ਹ ਤੱਕ ਗਿਰਦਾਵਰੀ ਸ਼ੁਰੂ ਨਾ ਹੋਈ ਤਾਂ ਕਿਸਾਨ ਐਸਡੀਐਮ ਦਾ ਘਿਰਾਓ ਕਰਨਗੇ



ਅੱਜ ਕਿਸਾਨ ਰੈਸਟ ਹਾਊਸ, ਰਤੀਆ ਵਿਖੇ ਕਿਸਾਨਾਂ ਦੀ ਮੀਟਿੰਗ ਹੋਈ। ਮੀਟਿੰਗ ਤੋਂ ਬਾਅਦ ਕਿਸਾਨਾਂ ਨੇ ਐਸਡੀਐਮ ਰਤੀਆ ਨੂੰ ਮੰਗ ਪੱਤਰ ਸੌਂਪ ਕੇ ਗੜੇਮਾਰੀ ਨਾਲ ਬਰਬਾਦ ਹੋਈ ਝੋਨੇ ਦੀ ਫਸਲ ਦੀ ਤੁਰੰਤ ਗਿਰਦਾਵਰੀ ਕਰਵਾਉਣ ਅਤੇ ਉਚਿਤ ਮੁਆਵਜ਼ਾ ਦੇਣ ਦੀ ਮੰਗ ਕੀਤੀ।

ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਨੇ ਕਿਹਾ ਕਿ ਰਤੀਆ ਖੇਤਰ ਵਿੱਚ ਗੜੇਮਾਰੀ ਨਾਲ ਕਿਸਾਨਾਂ ਦੀ ਝੋਨੇ ਦੀ ਪੂਰੀ ਫਸਲ ਬਰਬਾਦ ਹੋ ਗਈ ਹੈ, ਪਰ ਚਾਰ ਦਿਨ ਬੀਤਣ ਦੇ ਬਾਵਜੂਦ ਗਿਰਦਾਵਰੀ ਸ਼ੁਰੂ ਨਹੀਂ ਹੋਈ। ਇਸ ਨਾਲ ਕਿਸਾਨਾਂ ਵਿੱਚ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਦੀਆਂ ਨੀਤੀਆਂ ਕਾਰਨ ਕਿਸਾਨ ਪਹਿਲਾਂ ਹੀ ਪ੍ਰੇਸ਼ਾਨ ਹਨ। ਝੋਨੇ ਦੀ ਖਰੀਦ 'ਤੇ ਪ੍ਰਤੀ ਏਕੜ 28 ਕੁਇੰਟਲ ਦੀ ਪਾਬੰਦੀ, ਰਜਿਸਟ੍ਰੇਸ਼ਨ ਕੱਟਣ ਅਤੇ ਦੁਬਾਰਾ ਰਜਿਸਟ੍ਰੇਸ਼ਨ ਲਈ ਸਰਕਾਰੀ ਦਫਤਰਾਂ ਦੇ ਚੱਕਰ ਲਾਉਣ ਨਾਲ ਕਿਸਾਨਾਂ ਨੂੰ ਭਾਰੀ ਪਰੇਸ਼ਾਨੀ ਝੱਲਣੀ ਪਈ। ਹੁਣ ਫਸਲ ਬਰਬਾਦ ਹੋਣ ਦੇ ਬਾਵਜੂਦ ਸਰਕਾਰ ਗਿਰਦਾਵਰੀ ਵਿੱਚ ਦੇਰੀ ਕਰ ਰਹੀ ਹੈ। ਨਿਰਭੈ ਸਿੰਘ ਨੇ ਚੇਤਾਵਨੀ ਦਿੱਤੀ ਕਿ ਜੇਕਰ ਕੱਲ੍ਹ ਤੱਕ ਗਿਰਦਾਵਰੀ ਸ਼ੁਰੂ ਨਾ ਹੋਈ ਤਾਂ ਕਿਸਾਨ ਭਾਜਪਾ ਆਗੂਆਂ ਦੇ ਘਰਾਂ ਦਾ ਘਿਰਾਓ ਕਰਨਗੇ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਨੁਕਸਾਨ ਦਾ ਆਕਲਨ ਕਰਵਾ ਕੇ ਪ੍ਰਭਾਵਿਤ ਕਿਸਾਨਾਂ ਨੂੰ ਉਚਿਤ ਮੁਆਵਜ਼ਾ ਦਿੱਤਾ ਜਾਵੇ।

**ਕਿਸਾਨਾਂ ਦੀਆਂ ਮੁੱਖ ਮੰਗਾਂ:**

1. ਗੜੇਮਾਰੀ ਨਾਲ ਬਰਬਾਦ ਹੋਈ ਝੋਨੇ ਦੀ ਫਸਲ ਦੀ ਤੁਰੰਤ ਗਿਰਦਾਵਰੀ ਕਰਵਾ ਕੇ ਉਚਿਤ ਮੁਆਵਜ਼ਾ ਦਿੱਤਾ ਜਾਵੇ।
2. ਗੜੇਮਾਰੀ ਪ੍ਰਭਾਵਿਤ ਖੇਤਰਾਂ ਵਿੱਚ ਝੋਨੇ ਦੀ ਖਰੀਦ ਲਈ ਨਮੀ ਦੀ ਸੀਮਾ 17% ਤੋਂ ਵਧਾ ਕੇ 22% ਕੀਤੀ ਜਾਵੇ।
3. ਝੋਨੇ ਦੀ ਖਰੀਦ ਵਿੱਚ 28 ਕੁਇੰਟਲ ਪ੍ਰਤੀ ਏਕੜ ਦੀ ਸ਼ਰਤ ਤੁਰੰਤ ਹਟਾਈ ਜਾਵੇ।
4. ਜਿਨ੍ਹਾਂ ਕਿਸਾਨਾਂ ਦੀ ਰਜਿਸਟ੍ਰੇਸ਼ਨ ਰੱਦ ਕੀਤੀ ਗਈ ਹੈ, ਉਨ੍ਹਾਂ ਦੀ ਰਜਿਸਟ੍ਰੇਸ਼ਨ ਤੁਰੰਤ ਬਹਾਲ ਕੀਤੀ ਜਾਵੇ।

ਇਸ ਮੌਕੇ 'ਤੇ ਕਿਸਾਨ ਗੁਰਪ੍ਰੀਤ ਸਿੰਘ ਦਾਦੂਪੁਰ, ਤਰਸੇਮ ਸਿੰਘ ਭੁੰਡੜਵਾਸ, ਸਰਦੂਲ ਸਿੰਘ ਹੁਕਮਵਾਲੀ, ਕਰਮਜੀਤ ਸਿੰਘ, ਮੁਦਰੀ ਬੋਲਾ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

# ਐਂਟੀ ਆਟੋ ਵਹੀਕਲ ਥੈਫਟ ਸਟਾਫ ਦੀ ਸਖ਼ਤ ਕਾਰਵਾਈ, ਮੋਟਰਸਾਈਕਲ ਚੋਰੀ ਦੇ ਮਾਮਲੇ ਵਿੱਚ ਦੋ ਮੁਲਜ਼ਮ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ/ਕਰਨਾਲ
27 ਅਕਤੂਬਰ (ਪ੍ਰਵੀਨ ਵਾਲੀਆ)



ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਵਾਹਨ ਚੋਰੀ ਦੀਆਂ ਵਾਰਦਾਤਾਂ 'ਤੇ ਰੋਕ ਲਗਾਉਣ ਲਈ ਲਗਾਤਾਰ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਐਂਟੀ ਆਟੋ ਵਹੀਕਲ ਥੈਫਟ ਸਟਾਫ ਦੀ ਟੀਮ ਨੇ ਇੰਚਾਰਜ ਸਬ ਇੰਸਪੈਕਟਰ ਰਾਜੇਸ਼ ਕੁਮਾਰ ਦੀ ਅਗਵਾਈ ਵਿੱਚ ਕਾਰਵਾਈ ਕਰਦਿਆਂ ਮੋਟਰਸਾਈਕਲ ਚੋਰੀ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਚੋਰੀ ਦੀਆਂ ਤਿੰਨ ਮੋਟਰਸਾਈਕਲਾਂ ਬਰਾਮਦ ਕੀਤੀਆਂ ਹਨ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਰਵੀ ਪੁੱਤਰ ਮਾਨ ਸਿੰਘ ਵਾਸੀ ਸਦਰ ਬਾਜ਼ਾਰ, ਕਰਨਾਲ ਅਤੇ ਵਿਜੇ ਕੁਮਾਰ ਪੁੱਤਰ ਰਾਮਬਿਲਾਸ ਵਾਸੀ ਪਿੰਡ ਅਢਾਈ, ਜ਼ਿਲ੍ਹਾ ਮੈਨਪੁਰੀ, ਉੱਤਰ ਪ੍ਰਦੇਸ਼, ਹਾਲ ਵਾਸੀ ਤੋਪਖਾਨਾ ਮੁਹੱਲਾ, ਕਰਨਾਲ ਵਜੋਂ ਹੋਈ ਹੈ। ਐਂਟੀ ਆਟੋ ਵਹੀਕਲ ਥੈਫਟ ਸਟਾਫ ਦੀ ਟੀਮ ਨੇ ਦੋਵੇਂ ਮੁਲਜ਼ਮਾਂ ਨੂੰ ਬਾਈਪਾਸ ਪੱਛਮੀ ਯਮੁਨਾ ਨਹਿਰ ਤੋਂ ਕਾਬੂ ਕੀਤਾ।

ਇਸ ਸਬੰਧ ਵਿੱਚ ਇੰਚਾਰਜ ਸਬ ਇੰਸਪੈਕਟਰ ਰਾਜੇਸ਼ ਕੁਮਾਰ ਨੇ ਦੱਸਿਆ ਕਿ ਦੋਵੇਂ ਮੁਲਜ਼ਮਾਂ ਵੱਲੋਂ ਚੋਰੀ ਕੀਤੀਆਂ ਤਿੰਨ ਮੋਟਰਸਾਈਕਲਾਂ ਮਿਤੀ 17 ਨਵੰਬਰ 2022 ਨੂੰ ਨੇੜੇ ਅਟਲ ਪਾਰਕ ਥਾਣਾ ਸਿਵਲ ਲਾਈਨ, 25 ਅਗਸਤ 2025 ਨੂੰ ਨੇੜੇ ਬ੍ਰਹਮਾਨੰਦ ਚੌਕ ਥਾਣਾ ਸ਼ਹਿਰ ਅਤੇ 28 ਮਈ 2026 ਨੂੰ ਐਨਡੀਆਰਆਈ ਚੌਕ ਥਾਣਾ ਸਿਵਲ ਲਾਈਨ ਤੋਂ ਚੋਰੀ ਕਰ ਘਟਨਾ ਨੂੰ ਅੰਜਾਮ ਦਿੱਤਾ ਗਿਆ ਸੀ।

ਮਾਮਲੇ ਵਿੱਚ ਟੀਮ ਵੱਲੋਂ ਕਾਰਵਾਈ ਕਰਦਿਆਂ ਦੋਵੇਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਪੁਲਿਸ ਨੇ ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਚੋਰੀ ਦੀਆਂ ਤਿੰਨ ਮੋਟਰਸਾਈਕਲਾਂ ਬਰਾਮਦ ਕੀਤੀਆਂ। ਪੁਲਿਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਦੋਵੇਂ ਮੁਲਜ਼ਮ ਪਹਿਲਾਂ ਵੀ ਨਸ਼ੀਲੇ ਪਦਾਰਥਾਂ ਦੀ ਵਿਕਰੀ ਅਤੇ ਖੋਹ ਦੇ ਮਾਮਲਿਆਂ ਵਿੱਚ ਜੇਲ੍ਹ ਜਾ ਚੁੱਕੇ ਹਨ।

ਜ਼ਿਲ੍ਹਾ ਪੁਲਿਸ ਕਰਨਾਲ ਆਮ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਆਪਣੇ ਵਾਹਨਾਂ ਨੂੰ ਸੁਰੱਖਿਅਤ ਥਾਂ 'ਤੇ ਖੜ੍ਹਾ ਕਰਨ, ਜ਼ਰੂਰੀ ਸੁਰੱਖਿਆ ਉਪਾਅ ਅਪਣਾਉਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣ। ਜ਼ਿਲ੍ਹਾ ਪੁਲਿਸ ਵਾਹਨ ਚੋਰੀ ਦੀਆਂ ਵਾਰਦਾਤਾਂ 'ਤੇ ਰੋਕ ਲਗਾਉਣ ਅਤੇ ਅਪਰਾਧੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਲਈ ਵਚਨਬੱਧ ਹੈ।

# ਪੁਰਾਣੀ ਪੈਨਸ਼ਨ ਸਕੀਮ ਸਬੰਧੀ ਫ਼ੈਸਲੇ 'ਤੇ ਬੋਰਡ ਦੇ ਚੇਅਰਮੈਨ ਅਤੇ ਸਕੱਤਰ ਦਾ ਸਨਮਾਨ

ਮੋਹਾਲੀ, 26 ਅਕਤੂਬਰ
(ਪੈਗ਼ਾਮ-ਏ-ਜਗਤ)

- 1993 ਤੋਂ ਸੇਵਾਵਾਂ ਨਿਭਾਅ ਰਹੇ ਮੁਲਾਜ਼ਮਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵੱਲ ਅਹਿਮ ਕਦਮ : ਕਰਮਚਾਰੀ ਐਸੋਸੀਏਸ਼ਨ



ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਾਲ 2004 ਵਿੱਚ ਰੈਗੂਲਰ ਹੋਏ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ (ਓਪੀਐਸ) ਦਾ ਲਾਭ ਦੇਣ ਸਬੰਧੀ ਅਹਿਮ ਫ਼ੈਸਲਾ ਲੈਣ 'ਤੇ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ (ਸੇਵਾਮੁਕਤ ਆਈਏਐਸ) ਦਾ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਅਤੇ ਸਬੰਧਤ ਮੁਲਾਜ਼ਮਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਬੋਰਡ ਦੇ ਸਕੱਤਰ ਸਕੱਤਰ ਸਿੰਘ ਬੱਲ ਦਾ ਵੀ ਧੰਨਵਾਦ ਕੀਤਾ ਗਿਆ। ਜਥੇਬੰਦੀ ਅਨੁਸਾਰ ਇਹ ਫ਼ੈਸਲਾ ਉਨ੍ਹਾਂ ਮੁਲਾਜ਼ਮਾਂ ਲਈ ਮਹੱਤਵਪੂਰਨ ਹੈ, ਜੋ 1993 ਤੋਂ ਬੋਰਡ ਵਿੱਚ ਸੇਵਾਵਾਂ ਨਿਭਾਅ ਰਹੇ ਸਨ। ਉਨ੍ਹਾਂ ਦੀਆਂ ਸੇਵਾਵਾਂ ਨੂੰ ਹਾਈ ਕੋਰਟ ਵੱਲੋਂ ਵੀ ਰੈਗੂਲਰ ਮੰਨਿਆ ਗਿਆ ਸੀ, ਪਰ ਪੁਰਾਣੀ ਪੈਨਸ਼ਨ ਦਾ ਲਾਭ ਦੇਣ ਦਾ ਮਾਮਲਾ ਲੰਮੇ ਸਮੇਂ ਤੋਂ ਵਿਚਾਰ ਅਧੀਨ ਸੀ। ਸੁਪਰੀਮ ਕੋਰਟ ਦੇ ਤਾਜ਼ਾ ਫ਼ੈਸਲੇ ਦੇ ਮੱਦੇਨਜ਼ਰ ਲਏ ਗਏ ਇਸ ਫ਼ੈਸਲੇ ਨੂੰ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸੇਵਾਮੁਕਤੀ ਤੋਂ ਬਾਅਦ ਦੀ ਆਰਥਿਕ ਸੁਰੱਖਿਆ ਵੱਲ ਅਹਿਮ ਕਦਮ ਦੱਸਿਆ ਗਿਆ।

ਐਸੋਸੀਏਸ਼ਨ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਬੈਨੀਪਾਲ ਨੇ ਚੇਅਰਮੈਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੈਨਸ਼ਨ ਸਿਰਫ਼ ਵਿੱਤੀ ਲਾਭ ਨਹੀਂ, ਸਗੋਂ ਮੁਲਾਜ਼ਮ ਦੀ ਸਾਲਾਂ ਦੀ ਸੇਵਾ ਦਾ ਸਨਮਾਨ ਅਤੇ ਬੁਢਾਪੇ ਦੀ ਆਰਥਿਕ ਸੁਰੱਖਿਆ ਦਾ ਆਧਾਰ ਹੈ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨਾਲ ਲੰਮੇ ਸਮੇਂ ਤੋਂ ਉਡੀਕ ਕਰ ਰਹੇ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਰਾਹਤ ਮਿਲੀ ਹੈ।

ਇਸ ਮੌਕੇ ਡਾ. ਨਵਨੀਤ ਕੌਰ, ਡਾਇਰੈਕਟਰ ਕੰਪਿਊਟਰ ਨੇ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਸਵਾਗਤ ਕੀਤਾ, ਜਦਕਿ ਬਲਜੀਤ ਸ਼ਰਮਾ ਨੇ ਵੀ ਸੰਬੋਧਨ ਕੀਤਾ। ਸਕੱਤਰ ਸਕੱਤਰ ਸਿੰਘ ਬੱਲ ਅਤੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਸਬੰਧਤ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਕਰਮਚਾਰੀਆਂ ਦੀ ਭਲਾਈ ਲਈ ਯਤਨ ਜਾਰੀ ਰੱਖਣ ਦਾ ਭਰੋਸਾ ਦਿੱਤਾ।

ਇਸ ਮੌਕੇ ਸਤਨਾਮ ਸਿੰਘ ਸੱਤਾ, ਰਾਜਿੰਦਰ ਮੈਣੀ, ਰਣਧੀਰ ਸਿੰਘ ਗੁੱਡੂ, ਗੁਰਚਰਨ ਸਿੰਘ ਤਰਮਾਲਾ, ਮਨੋਜ ਕੁਮਾਰ ਰਾਣਾ, ਗੁਰਜੀਤ ਸਿੰਘ ਬੀਦੋਵਾਲੀ, ਲਖਵਿੰਦਰ ਸਿੰਘ ਘੜੂਆਂ, ਮਲਕੀਤ ਸਿੰਘ ਗੱਗੜ, ਮਨਜਿੰਦਰ ਸਿੰਘ ਹੁਲਕਾ ਅਤੇ ਸਵਰਨ ਸਿੰਘ ਤਿਊੜ ਸਮੇਤ ਹੋਰ ਮੁਲਾਜ਼ਮ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਗੁਰਚਰਨ ਸਿੰਘ ਤਰਮਾਲਾ ਨੇ ਸਭ ਦਾ ਧੰਨਵਾਦ ਕੀਤਾ ਅਤੇ ਮੁਲਾਜ਼ਮਾਂ ਨੇ ਲੱਡੂ ਵੰਡ ਕੇ ਖ਼ੁਸ਼ੀ ਸਾਂਝੀ ਕੀਤੀ।

# ਨੌਜਵਾਨ ਦੇ ਚਾਕੂ ਮਾਰ ਕੇ ਕਤਲ ਦੇ ਮਾਮਲੇ ਵਿੱਚ ਤੀਜਾ ਮੁਲਜ਼ਮ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ/ਕਰਨਾਲ
27 ਅਕਤੂਬਰ (ਪ੍ਰਵੀਨ ਵਾਲੀਆ)

- ਸੀਆਈਏ-3 ਦੀ ਟੀਮ ਨੇ ਭੈਣੀ ਖੁਰਦ ਤੋਂ ਮੁਲਜ਼ਮ ਨੂੰ ਕੀਤਾ ਕਾਬੂ, ਅਦਾਲਤ ਤੋਂ ਮਿਲਿਆ 3 ਦਿਨ ਦਾ ਪੁਲਿਸ ਰਿਮਾਂਡ



ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਲ ਮੁਲਜ਼ਮਾਂ ਖਿਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਥਾਣਾ ਸ਼ਹਿਰ ਕਰਨਾਲ ਵਿੱਚ ਦਰਜ ਨੌਜਵਾਨ ਦੇ ਚਾਕੂ ਮਾਰ ਕੇ ਕਤਲ ਦੇ ਮਾਮਲੇ ਵਿੱਚ ਸੀਆਈਏ-3 ਇੰਚਾਰਜ ਇੰਸਪੈਕਟਰ ਅਜੇ ਕੁਮਾਰ ਦੀ ਅਗਵਾਈ ਵਿੱਚ ਸਹਾਇਕ ਸਬ ਇੰਸਪੈਕਟਰ ਕੁਲਦੀਪ ਸਿੰਘ ਦੀ ਟੀਮ ਨੇ ਤੀਜੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਕ੍ਰਿਸ਼ ਪੁੱਤਰ ਜੈ ਭਗਵਾਨ ਵਾਸੀ ਨਿਊ ਬਹਾਦਰਚੰਦ ਕਾਲੋਨੀ, ਕਰਨਾਲ ਵਜੋਂ ਹੋਈ ਹੈ। ਪੁਲਿਸ ਟੀਮ ਨੇ ਮੁਲਜ਼ਮ ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਭੈਣੀ ਖੁਰਦ ਤੋਂ ਕਾਬੂ ਕੀਤਾ। ਇਸ ਸਬੰਧ ਵਿੱਚ ਜਾਂਚ ਅਧਿਕਾਰੀ ਨੇ ਦੱਸਿਆ ਕਿ ਮਿਤੀ 24 ਅਕਤੂਬਰ 2026 ਨੂੰ ਰਾਜਕੁਮਾਰ ਨੇ ਸ਼ਿਕਾਇਤ ਦਿੱਤੀ ਸੀ ਕਿ 23 ਅਕਤੂਬਰ 2026 ਦੀ ਸ਼ਾਮ ਨੂੰ ਉਨ੍ਹਾਂ ਦੇ ਬੇਟੇ ਅਮਨ ਨੂੰ ਉਸਦਾ ਦੋਸਤ ਘਰੋਂ ਬੁਲਾ ਕੇ ਕਰਨਾਲ ਲੈ ਕੇ ਆਇਆ ਸੀ। ਇਸ ਦੌਰਾਨ ਅਮਨ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ। ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸ਼ਹਿਰ ਕਰਨਾਲ ਵਿੱਚ ਭਾਰਤੀ ਨਿਆਂ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਜਾਂਚ ਸ਼ੁਰੂ ਕੀਤੀ ਗਈ। ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਸੀਆਈਏ-3 ਕਰਨਾਲ ਅਤੇ ਸਦਰ ਬਾਜ਼ਾਰ ਚੌਕੀ ਦੀ ਸਾਂਝੀ ਟੀਮ ਨੇ 25 ਅਕਤੂਬਰ 2026 ਨੂੰ ਮੁਲਜ਼ਮ ਜਤਿਨ ਨੂੰ ਗ੍ਰਿਫ਼ਤਾਰ ਕੀਤਾ ਸੀ ਅਤੇ ਇੱਕ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ ਸੀ। ਮੁਲਜ਼ਮ ਜਤਿਨ ਨੂੰ ਅਦਾਲਤ ਵਿੱਚ ਪੇਸ਼ ਕਰ 6 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਸੀ। ਰਿਮਾਂਡ ਦੌਰਾਨ ਪੁੱਛਗਿੱਛ ਵਿੱਚ ਇਸ ਵਾਰਦਾਤ ਵਿੱਚ ਕ੍ਰਿਸ਼ ਦੀ ਸ਼ਮੂਲੀਅਤ ਸਾਹਮਣੇ ਆਈ, ਜਿਸ ਤੋਂ ਬਾਅਦ ਪੁਲਿਸ ਟੀਮ ਨੇ ਉਸਨੂੰ ਗ੍ਰਿਫ਼ਤਾਰ ਕਰ ਲਿਆ। ਟੀਮ ਵੱਲੋਂ ਅੱਜ ਮੁਲਜ਼ਮ ਕ੍ਰਿਸ਼ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸਦਾ 3 ਦਿਨ ਦਾ ਪੁਲਿਸ ਰਿਮਾਂਡ ਮਨਜ਼ੂਰ ਹੋਇਆ ਹੈ। ਰਿਮਾਂਡ ਦੌਰਾਨ ਮੁਲਜ਼ਮ ਤੋਂ ਡੂੰਘੀ ਪੁੱਛਗਿੱਛ ਕਰ ਵਾਰਦਾਤ ਨਾਲ ਜੁੜੇ ਹੋਰ ਤੱਥਾਂ ਦਾ ਪਤਾ ਲਗਾਇਆ ਜਾਵੇਗਾ।

ਕਰਨਾਲ ਪੁਲਿਸ ਆਮ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਕਿਸੇ ਵੀ ਵਿਵਾਦ ਦੀ ਸਥਿਤੀ ਵਿੱਚ ਕਾਨੂੰਨ ਨੂੰ ਆਪਣੇ ਹੱਥ ਵਿੱਚ ਨਾ ਲਓ ਅਤੇ ਆਪਸੀ ਝਗੜਿਆਂ ਦਾ ਹੱਲ ਸ਼ਾਂਤੀਪੂਰਨ ਤਰੀਕੇ ਨਾਲ ਕਰੋ। ਛੋਟੀ ਜਿਹੀ ਕਹਾਸੁਣੀ ਨੂੰ ਹਿੰਸਕ ਰੂਪ ਦੇਣ ਤੋਂ ਬਚੋ ਅਤੇ ਕਿਸੇ ਵੀ ਅਪਰਾਧਿਕ ਗਤੀਵਿਧੀ ਜਾਂ ਸ਼ੱਕੀ ਵਿਅਕਤੀ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿਓ। ਪੁਲਿਸ ਨੌਜਵਾਨਾਂ ਅਤੇ ਉਨ੍ਹਾਂ ਦੇ ਸਰਪ੍ਰਸਤਾਂ ਨੂੰ ਵੀ ਅਪੀਲ ਕਰਦੀ ਹੈ ਕਿ ਨੌਜਵਾਨਾਂ ਨੂੰ ਹਿੰਸਾ ਅਤੇ ਅਪਰਾਧਿਕ ਗਤੀਵਿਧੀਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ। ਕਿਸੇ ਵੀ ਵਿਵਾਦ ਦੀ ਸਥਿਤੀ ਵਿੱਚ ਕਾਨੂੰਨ ਦੀ ਪਾਲਣਾ ਕਰੋ ਅਤੇ ਪੁਲਿਸ ਦਾ ਸਹਿਯੋਗ ਲਓ। ਆਮ ਲੋਕਾਂ ਦੇ ਸਹਿਯੋਗ ਨਾਲ ਹੀ ਜ਼ਿਲ੍ਹੇ ਵਿੱਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਬਣਾਈ ਰੱਖੀ ਜਾ ਸਕਦੀ ਹੈ।

# ਮਹਾਰਿਸ਼ੀ ਵਾਲਮੀਕ ਦੇ ਆਦਰਸ਼ਾਂ 'ਤੇ ਚੱਲ ਕੇ ਹੀ ਇੱਕ ਆਦਰਸ਼ ਸਮਾਜ ਦਾ ਨਿਰਮਾਣ ਕੀਤਾ ਜਾ ਸਕਦਾ ਹੈ : ਓ.ਪੀ. ਸਿਹਾਗ

ਪੈ.ਗਾਮ-ਏ-ਜਗਤ
ਹਰਿਆਣਾ/ਪੰਚਕੂਲਾ (ਦਿਨਕਰ ਗਾਵੜੀ)



ਪੰਚਕੂਲਾ ਸੈਕਟਰ 12-ਏ ਵਿੱਚ ਮਹਾਰਿਸ਼ੀ ਵਾਲਮੀਕ ਭਵਨ ਵਿਖੇ ਹਰਿਆਣਾ ਵਾਲਮੀਕ ਮਹਾਸਭਾ ਵੱਲੋਂ ਮਹਾਰਿਸ਼ੀ ਵਾਲਮੀਕ ਜਯੰਤੀ ਦੇ ਮੌਕੇ 'ਤੇ ਆਯੋਜਿਤ ਸਮਾਰੋਹ ਵਿੱਚ ਸ਼ਿਰਕਤ ਕਰਕੇ ਜਜਪਾ ਜ਼ਿਲ੍ਹਾ ਪੰਚਕੂਲਾ ਪ੍ਰਧਾਨ ਓ ਪੀ ਸਿਹਾਗ, ਦਫ਼ਤਰ ਸਕੱਤਰ ਸੁਰਿੰਦਰ ਚੱਢਾ ਅਤੇ ਪੰਚਕੂਲਾ ਜਜਪਾ ਹਲਕਾ ਪ੍ਰਧਾਨ ਰਾਜੇਸ਼ ਨਿਸ਼ਾਦ ਨੇ ਮਹਾਰਿਸ਼ੀ ਵਾਲਮੀਕ ਦੇ ਚਰਨਾਂ ਵਿੱਚ ਸੀਸ ਨਿਵਾਇਆ। ਇਸ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਹਰਿਆਣਾ ਵਾਲਮੀਕਿ ਮਹਾਸਭਾ ਜ਼ਿਲ੍ਹਾ ਪੰਚਕੂਲਾ ਦੇ ਜਨਰਲ ਸਕੱਤਰ ਜਸਵੀਰ ਜੱਸੀ ਅਤੇ ਹੋਰ ਸੀਨੀਅਰ ਅਹੁਦੇਦਾਰਾਂ ਵੱਲੋਂ ਜਜਪਾ ਆਗੂਆਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਜਜਪਾ ਜ਼ਿਲ੍ਹਾ ਪ੍ਰਧਾਨ ਓ ਪੀ ਸਿਹਾਗ ਨੇ ਸਰਵ ਸਮਾਜ ਦੇ ਲੋਕਾਂ ਨੂੰ ਮਹਾਰਿਸ਼ੀ ਵਾਲਮੀਕ ਪ੍ਰਗਟ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੰਦੇ ਹੋਏ ਪੰਚਕੂਲਾ ਸਮੇਤ ਸੂਬੇ ਦੇ ਸਾਰੇ ਲੋਕਾਂ ਨੂੰ ਹਰ ਹਾਲਤ ਵਿੱਚ ਆਪਸੀ ਭਾਈਚਾਰਾ ਅਤੇ ਸਮਾਜਿਕ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਹਾਰਿਸ਼ੀ ਵਾਲਮੀਕ ਦੇ ਦਿਖਾਏ ਰਸਤੇ 'ਤੇ ਚੱਲ ਕੇ ਇੱਕ ਚੰਗੇ ਸਮਾਜ ਦਾ ਨਿਰਮਾਣ ਕਰਨ ਦੇ ਨਾਲ-ਨਾਲ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਅਤੇ ਤਾਲੀਮ ਦੇਣ ਦਾ ਕੰਮ ਕਰਨਾ ਚਾਹੀਦਾ ਹੈ।

# ਰਾਜ ਪੱਧਰੀ ਰੰਗੋਤਸਵ ਮੁਕਾਬਲੇ ਵਿੱਚ ਅਧਿਆਪਕਾਂ ਨੇ ਹੁਨਰ ਦੇ ਰੰਗ ਬਿਖੇਰੇ

ਪੈ.ਗਾਮ-ਏ-ਜਗਤ/ਕਰਨਾਲ
27 ਅਕਤੂਬਰ (ਪ੍ਰਵੀਨ ਵਾਲੀਆ)



- ਇਸ ਤਰ੍ਹਾਂ ਦੇ ਮੁਕਾਬਲਿਆਂ ਨਾਲ ਅਧਿਆਪਕਾਂ ਦੀ ਕਲਾਤਮਕ ਪ੍ਰਤਿਭਾ ਨਿਖਰ ਕੇ ਸਾਹਮਣੇ ਆਉਂਦੀ ਹੈ : ਡੀਈਓ ਰੋਹਤਾਸ਼ ਵਰਮਾ

ਪੀਐਮ ਰਾਜਕੀ ਸੀਨੀਅਰ ਸੈਕੰਡਰੀ ਸਕੂਲ ਕਰਨਾਲ ਵਿੱਚ ਹਰਿਆਣਾ ਸਕੂਲ ਸਿੱਖਿਆ ਪ੍ਰੋਜੈਕਟ ਪ੍ਰੀਸ਼ਦ ਵੱਲੋਂ ਡੀਪੀਸੀ ਧਰਮਪਾਲ ਚੌਧਰੀ ਦੀ ਅਗਵਾਈ ਵਿੱਚ ਰਾਜ ਪੱਧਰੀ ਦੋ ਦਿਨਾ ਰੰਗੋਤਸਵ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਮੁਕਾਬਲੇ ਦੇ ਪਹਿਲੇ ਦਿਨ ਪੁਰਸ਼ ਵਰਗ ਦੀਆਂ 9 ਵਿਧਾਵਾਂ - ਲੋਕ ਨਾਚ, ਸ਼ਾਸਤਰੀ ਨਾਚ, ਸ਼ਾਸਤਰੀ ਗਾਇਨ, ਲੋਕ ਗਾਇਨ, ਲੋਕ ਅਤੇ ਸ਼ਾਸਤਰੀ ਵਾਦਨ, ਇਕੱਲਾ ਅਦਾਕਾਰੀ, 2ਡੀ ਪੇਂਟਿੰਗ ਅਤੇ ਮੂਰਤੀ ਕਲਾ ਵਿੱਚ 207 ਅਧਿਆਪਕਾਂ ਨੇ ਭਾਗ ਲਿਆ। ਮੁਕਾਬਲੇ ਦਾ ਸ਼ੁਭਾਰੰਭ ਜ਼ਿਲ੍ਹਾ ਸਿੱਖਿਆ ਅਧਿਕਾਰੀ ਰੋਹਤਾਸ਼ ਵਰਮਾ ਅਤੇ ਡੀਪੀਸੀ ਧਰਮਪਾਲ ਚੌਧਰੀ ਨੇ ਦੀਪ ਜਗਾ ਕੇ ਕੀਤਾ। ਜ਼ਿਲ੍ਹਾ ਸਿੱਖਿਆ ਅਧਿਕਾਰੀ ਰੋਹਤਾਸ਼ ਵਰਮਾ ਨੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੰਗੋਤਸਵ ਦਾ ਉਦੇਸ਼ ਅਧਿਆਪਕਾਂ ਦੀ ਕਲਾਤਮਕ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ, ਉਨ੍ਹਾਂ ਦੀ ਰਚਨਾਤਮਕਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਅਤੇ ਸਕੂਲਾਂ ਵਿੱਚ ਕਲਾ-ਅਧਾਰਤ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਹੈ। ਮੁਕਾਬਲਿਆਂ ਰਾਹੀਂ ਅਧਿਆਪਕਾਂ ਨੇ ਆਪਣੀ ਕਲਾ, ਹੁਨਰ ਅਤੇ ਸੱਭਿਆਚਾਰਕ ਪ੍ਰਗਟਾਵੇ ਦਾ ਜਾਣ-ਪਛਾਣ ਦਿੱਤਾ।

ਡੀਪੀਸੀ ਧਰਮਪਾਲ ਨੇ ਕਿਹਾ ਕਿ ਰੰਗੋਤਸਵ ਅਧਿਆਪਕਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦੇ ਨਾਲ-ਨਾਲ ਹੋਰ ਪ੍ਰਤਿਭਾਸ਼ਾਲੀ ਅਧਿਆਪਕਾਂ ਤੋਂ ਸਿੱਖਣ ਅਤੇ ਆਪਣੀਆਂ ਰਚਨਾਤਮਕ ਯੋਗਤਾਵਾਂ ਨੂੰ ਨਿਖਾਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਇਸ ਤਰ੍ਹਾਂ ਦੇ ਆਯੋਜਨ ਸਕੂਲਾਂ ਵਿੱਚ ਕਲਾ ਅਤੇ ਸੱਭਿਆਚਾਰ ਪ੍ਰਤੀ ਰੁਚੀ ਵਿਕਸਤ ਕਰਨ ਅਤੇ ਵਿਦਿਆਰਥੀਆਂ ਨੂੰ ਵੀ ਰਚਨਾਤਮਕ ਗਤੀਵਿਧੀਆਂ ਲਈ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਦੂਜੇ ਦਿਨ ਮਹਿਲਾ ਵਰਗ ਦਾ ਮੁਕਾਬਲਾ ਹੋਵੇਗਾ ਅਤੇ ਸਾਰਿਆਂ ਦਾ ਨਤੀਜਾ ਜਾਰੀ ਕੀਤਾ ਜਾਵੇਗਾ। ਇਸ ਮੌਕੇ 'ਤੇ ਡੀਈਓ ਰੋਹਤਾਸ਼ ਵਰਮਾ, ਡੀਪੀਸੀ ਧਰਮਪਾਲ, ਏਪੀਸੀ ਅੰਜੂ, ਬੀਈਓ ਗੁਰਨਾਮ ਸਿੰਘ ਮੰਢਾਣ, ਸੰਜੀਵ, ਵੀਣਾ, ਮੀਡੀਆ ਕੋਆਰਡੀਨੇਟਰ ਦਲੀਪ ਸਿੰਘ, ਅਰੁਣ ਕੇਹਰਬਾ, ਪ੍ਰਿੰਸੀਪਲ ਮਨਦੀਪ ਸ਼ਰਮਾ, ਨਿਧੀ ਚੌਧਰੀ, ਦਲਬੀਰ, ਸੁਰੇਸ਼ ਸੈਣੀ, ਡਾ. ਸਤੀਸ਼ ਸ਼ਾਹੂ, ਗਜੇਂਦਰ, ਪਵਨ ਸ਼ਰਮਾ, ਧਰਮਿੰਦਰ ਚੌਧਰੀ, ਭੂਪੇਂਦਰ ਸਿੰਘ, ਗੀਤਾ ਨਰਵਾਲ, ਸਲਿੰਦਰ, ਰਾਮਕੁਮਾਰ, ਦੀਪਾ, ਕ੍ਰਿਸ਼ਨ ਡਾਲਾ, ਸੋਮਬੀਰ, ਸੁਨੀਤਾ ਸ਼ਿਓਰਾਣ, ਕੁਸ਼ਲ ਪੰਚਾਲ, ਮਨੋਜ ਕੁਮਾਰ, ਅਸ਼ਵਿਨੀ ਭਾਟੀਆ, ਧਰਮਬੀਰ, ਬਾਰੂ ਰਾਮ, ਪ੍ਰਵੀਨ, ਮਦਨਲਾਲ, ਮੀਨਾ, ਸ਼ਰਵਣ, ਰਵਿੰਦਰ ਸ਼ਿਲਪੀ, ਅਮਨ ਸ਼ਰਮਾ, ਸੁਮਨ, ਯੁਗਲ ਕਿਸ਼ੋਰ, ਪੂਜਾ, ਗੀਨਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

"ਪੈਗਾਮ-ਏ-ਜਗਤ"
NEWS & WEB CHANNEL
HEAD OFFICE
F 388, Industrial Area, Sector 74, Sahibzada Ajit Singh Nagar, Punjab 160071
CONTACT :
+91 9878862733, 9872340701
ਛੋਟਾ ਇਸ਼ਤਿਹਾਰ ਵੱਡਾ ਵਪਾਰ
"ਪੈਗ਼ਾਮ-ਏ-ਜਗਤ" ਵਿੱਚ ਕਿਸੇ ਵੀ ਤਰ੍ਹਾਂ ਦਾ ਕਲਾਸੀਫਾਈਡ ਜੋਤਿਸ਼, ਵਪਾਰ, ਨਾਮ ਪਰਿਵਰਤਨ, ਵਿਆਹ ਸੰਬੰਧੀ ਇਸ਼ਤਿਹਾਰ ਆਦਿ ਲਈ ਘਰ ਬੈਠੇ ਬੁਕਿੰਗ ਕਰੋ।

# ਸੁਨਹਿਰੀ ਹਰੋਲੀ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਜੁਟੇ ਮੁਕੇਸ਼ ਅਗਨੀਹੋਤਰੀ, ਵਿਕਾਸ ਪ੍ਰਾਜੈਕਟਾਂ ਦਾ ਕੀਤਾ ਨਿਰੀਖਣ

- **ਖੱਡ ਵਿੱਚ 14 ਕਰੋੜ ਦਾ ਇੰਡੋਰ ਸਟੇਡੀਅਮ, ਪੰਜਾਵਰ ਵਿੱਚ ਸਹਿਕਾਰਤਾ ਸਿਖਲਾਈ ਕੇਂਦਰ ਅਤੇ ਸਵਾਂ ਨਦੀ 'ਤੇ ਬਣ ਰਹੇ ਪੁਲਾਂ ਨਾਲ ਖੇਤਰ ਨੂੰ ਮਿਲੇਗੀ ਨਵੀਂ ਪਛਾਣ**



**ਊਨਾ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਸੁਨਹਿਰੀ ਹਰੋਲੀ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਸੰਕਲਪ ਨਾਲ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਮੰਗਲਵਾਰ ਨੂੰ ਹਰੋਲੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਉਸਾਰੀ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਸਾਰੇ ਪ੍ਰਾਜੈਕਟਾਂ ਵਿੱਚ ਉੱਚ ਗੁਣਵੱਤਾ ਯਕੀਨੀ ਬਣਾਉਣ ਦੇ ਨਾਲ-ਨਾਲ ਨਿਰਧਾਰਤ ਸਮਾਂ-ਸੀਮਾ ਅੰਦਰ ਕੰਮ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਹਰੋਲੀ ਵਿੱਚ ਬੁਨਿਆਦੀ ਸਹੂਲਤਾਂ ਮਜ਼ਬੂਤ ਕਰਨ, ਨੌਜਵਾਨਾਂ ਨੂੰ ਖੇਡ ਸਹੂਲਤਾਂ ਦੇਣ ਅਤੇ ਖੇਤਰ ਦੀ ਆਵਾਜਾਈ ਤੇ ਸੰਪਰਕ ਵਿਵਸਥਾ ਬਿਹਤਰ ਬਣਾਉਣ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ।

ਉਪ ਮੁੱਖ ਮੰਤਰੀ ਨੇ ਸਰਕਾਰੀ ਕਾਲਜ ਖੱਡ ਵਿੱਚ ਲਗਭਗ 14 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੇ ਇੰਡੋਰ ਸਟੇਡੀਅਮ ਦਾ ਨਿਰੀਖਣ ਕੀਤਾ। ਉਨ੍ਹਾਂ ਕਿਹਾ ਕਿ ਇਹ ਸਟੇਡੀਅਮ ਖੇਤਰ ਦੇ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਅਗਲੇ ਤਿੰਨ ਤੋਂ ਚਾਰ ਮਹੀਨਿਆਂ ਦੇ ਅੰਦਰ ਉਸਾਰੀ ਕਾਰਜ ਮੁਕੰਮਲ ਕਰਨ ਲਈ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਹਰੋਲੀ ਵਿੱਚ ਵਿਕਾਸ ਦਾ ਮਕਸਦ ਸਿਰਫ਼ ਇਮਾਰਤਾਂ ਅਤੇ ਸੜਕਾਂ ਬਣਾਉਣਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਵੀ ਹੈ। ਖੇਤਰ ਵਿੱਚ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਥਾਵਾਂ 'ਤੇ ਖੇਡ ਮੈਦਾਨਾਂ ਵਿੱਚ ਰੌਸ਼ਨੀ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਖੱਡ ਵਿੱਚ ਫੁੱਟਬਾਲ ਸਮੇਤ ਹੋਰ ਖੇਡਾਂ ਲਈ 50 ਲੱਖ ਰੁਪਏ ਦੀ ਲਾਗਤ ਨਾਲ ਲਾਈਟਾਂ ਲਗਾਈਆਂ ਗਈਆਂ ਹਨ। ਇਸੇ ਤਰ੍ਹਾਂ ਨਗੜੋਲੀ ਅਤੇ ਬੀਟਨ ਵਿੱਚ ਵੀ 50-50 ਲੱਖ ਰੁਪਏ ਦੀ ਲਾਗਤ ਨਾਲ ਲਾਈਟਾਂ ਲਗਵਾਈਆਂ ਗਈਆਂ ਹਨ, ਜਦਕਿ ਨੰਗਲ ਖੁਰਦ ਵਿੱਚ ਵੀ 50 ਲੱਖ ਰੁਪਏ ਦੀ ਲਾਗਤ ਨਾਲ ਲਾਈਟਾਂ ਲਗਾਉਣ ਦੀ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਨਾਲ ਖਿਡਾਰੀਆਂ ਨੂੰ ਸ਼ਾਮ ਅਤੇ ਰਾਤ ਵੇਲੇ ਵੀ ਅਭਿਆਸ ਕਰਨ ਅਤੇ ਮੈਚ ਖੇਡਣ ਦੀ ਸਹੂਲਤ ਮਿਲੇਗੀ।

ਉਪ ਮੁੱਖ ਮੰਤਰੀ ਨੇ ਸਵਾਂ ਨਦੀ 'ਤੇ ਲਗਭਗ 37 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੇ ਘਾਲੂਵਾਲ-ਝਲੇੜਾ ਪੁਲ ਅਤੇ ਪੰਡੋਗਾ-ਤਿਊੜੀ ਪੁਲ ਦੇ ਉਸਾਰੀ ਕਾਰਜਾਂ ਦਾ ਵੀ ਨਿਰੀਖਣ ਕੀਤਾ। ਇਨ੍ਹਾਂ ਪੁਲਾਂ ਦੇ ਬਣਨ ਨਾਲ ਖੇਤਰ ਵਿੱਚ ਆਵਾਜਾਈ ਸੁਖਾਲੀ ਹੋਵੇਗੀ, ਵੱਖ-ਵੱਖ ਪਿੰਡਾਂ ਵਿਚਕਾਰ ਸੰਪਰਕ ਬਿਹਤਰ ਹੋਵੇਗਾ ਅਤੇ ਲੋਕਾਂ ਨੂੰ ਆਉਣ-ਜਾਣ ਵਿੱਚ ਸਹੂਲਤ ਮਿਲੇਗੀ। ਉਨ੍ਹਾਂ ਅਧਿਕਾਰੀਆਂ ਨੂੰ ਉਸਾਰੀ ਕਾਰਜਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਪ੍ਰਾਜੈਕਟ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਘਾਲੂਵਾਲ-ਝਲੇੜਾ ਪੁਲ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 1960 ਦੇ ਦਹਾਕੇ ਵਿੱਚ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਵੱਲੋਂ ਘਾਲੂਵਾਲ ਵਿਖੇ ਪੁਲ ਬਣਵਾਇਆ ਗਿਆ ਸੀ। ਲਗਭਗ ਛੇ ਦਹਾਕਿਆਂ ਬਾਅਦ ਇੱਥੇ ਨਵੇਂ ਪੁਲ ਦੀ ਉਸਾਰੀ ਖੇਤਰ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਹੈ। ਇਹ ਪੁਲ ਹਰੋਲੀ-ਰਾਮਪੁਰ ਅਤੇ ਪੰਡੋਗਾ-ਤਿਊੜੀ ਪੁਲਾਂ ਦੇ ਨਾਲ ਖੇਤਰ ਦੀ ਸੰਪਰਕ ਵਿਵਸਥਾ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਵਿੱਚ ਸਹਾਇਕ ਹੋਵੇਗਾ।

# ਜ਼ੀਰਕਪੁਰ ਦੀ ਟ੍ਰੈਫਿਕ ਸਮੱਸਿਆ ਦੇ ਹੱਲ ਲਈ ਬਾਕਰਪੁਰ-ਈਸਾਪੁਰ-ਸਤਾਬਗੜ੍ਹ ਕਾਜਵੇਅ ਦਾ ਰਾਹ ਪੱਧਰਾ, 1.52 ਕਰੋੜ ਰੁਪਏ ਦਾ ਟੈਂਡਰ ਲੱਗਿਆ

- **ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਿਧਾਨ ਸਭਾ ਵਿੱਚ ਉਠਾਇਆ ਸੀ ਮੁੱਦਾ; ਮੰਤਰੀ ਨੇ 31 ਮਾਰਚ 2027 ਤੱਕ ਕੰਮ ਮੁਕੰਮਲ ਕਰਨ ਦਾ ਦੱਸਿਆ ਟੀਚਾ**



**ਡੇਰਾਬੱਸੀ/ਜ਼ੀਰਕਪੁਰ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਜ਼ੀਰਕਪੁਰ ਸ਼ਹਿਰ ਵਿੱਚ ਦਿਨੋ-ਦਿਨ ਗੰਭੀਰ ਹੋ ਰਹੀ ਟ੍ਰੈਫਿਕ ਜਾਮ ਦੀ ਸਮੱਸਿਆ ਦੇ ਹੱਲ ਲਈ ਬਾਕਰਪੁਰ ਤੋਂ ਵਾਇਆ ਈਸਾਪੁਰ ਅਤੇ ਸਤਾਬਗੜ੍ਹ ਕਾਜਵੇਅ ਦੇ ਨਿਰਮਾਣ ਸਬੰਧੀ ਪ੍ਰੋਜੈਕਟ ਅੱਗੇ ਵਧਿਆ ਹੈ। ਇਸ ਪ੍ਰੋਜੈਕਟ ਦੀ ਲਾਗਤ 1.52 ਕਰੋੜ ਰੁਪਏ ਤੈਅ ਕੀਤੀ ਗਈ ਹੈ ਅਤੇ ਇਸ ਸਬੰਧੀ ਟੈਂਡਰ ਲੱਗ ਚੁੱਕਾ ਹੈ। ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਵਿਧਾਨ ਸਭਾ ਵਿੱਚ ਇਹ ਮੁੱਦਾ ਉਠਾਉਂਦਿਆਂ ਕਿਹਾ ਸੀ ਕਿ ਜ਼ੀਰਕਪੁਰ ਵਿੱਚ ਰੋਜ਼ਾਨਾ ਹਜ਼ਾਰਾਂ ਵਾਹਨਾਂ ਦੀ ਆਵਾਜਾਈ ਕਾਰਨ ਸ਼ਹਿਰ ਵਾਸੀਆਂ ਅਤੇ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਟ੍ਰੈਫਿਕ ਦੇ ਵਧਦੇ ਦਬਾਅ ਨੂੰ ਘਟਾਉਣ ਅਤੇ ਲੋਕਾਂ ਨੂੰ ਰਾਹਤ ਦੇਣ ਲਈ ਬਾਕਰਪੁਰ ਤੋਂ ਵਾਇਆ ਈਸਾਪੁਰ ਅਤੇ ਸਤਾਬਗੜ੍ਹ ਕਾਜਵੇਅ ਦਾ ਨਿਰਮਾਣ ਇੱਕ ਮਹੱਤਵਪੂਰਨ ਵਿਕਲਪ ਹੈ। ਵਿਧਾਇਕ ਰੰਧਾਵਾ ਨੇ ਸਦਨ ਵਿੱਚ ਮੰਤਰੀ ਤੋਂ ਇਸ ਪ੍ਰੋਜੈਕਟ ਦੀ ਮੌਜੂਦਾ ਸਥਿਤੀ ਅਤੇ ਇਸ ਨੂੰ ਸ਼ੁਰੂ ਕਰਨ ਸਬੰਧੀ ਸਰਕਾਰ ਦੀ ਯੋਜਨਾ ਬਾਰੇ ਜਾਣਕਾਰੀ ਮੰਗੀ ਸੀ। ਇਸ ਦੇ ਜਵਾਬ ਵਿੱਚ ਮੰਤਰੀ ਨੇ ਦੱਸਿਆ ਕਿ ਕਾਜਵੇਅ ਦੇ ਨਿਰਮਾਣ ਲਈ 1.52 ਕਰੋੜ ਰੁਪਏ ਦੀ ਲਾਗਤ ਤੈਅ ਕੀਤੀ ਗਈ ਹੈ ਅਤੇ ਟੈਂਡਰ ਲੱਗ ਚੁੱਕਾ ਹੈ। ਇਸ ਪ੍ਰੋਜੈਕਟ ਨੂੰ 31 ਮਾਰਚ 2027 ਤੱਕ ਮੁਕੰਮਲ ਕਰਨ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ। ਕਾਜਵੇਅ ਦੇ ਨਿਰਮਾਣ ਨਾਲ ਬਾਕਰਪੁਰ, ਈਸਾਪੁਰ, ਸਤਾਬਗੜ੍ਹ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਆਵਾਜਾਈ ਨੂੰ ਸੁਖਾਲਾ ਬਣਾਉਣ ਅਤੇ ਜ਼ੀਰਕਪੁਰ ਦੀ ਟ੍ਰੈਫਿਕ ਸਮੱਸਿਆ ਘਟਾਉਣ ਵਿੱਚ ਮਦਦ ਮਿਲਣ ਦੀ ਉਮੀਦ ਹੈ।

# ਓਐਸਿਸ. ਗਰੁੱਪ ਦੇ ਬ੍ਰਾਂਡ 'ਆਗਾਜ਼' ਦੀ ਸ਼ੁਰੂਆਤ



**ਚੰਡੀਗੜ੍ਹ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਓਐਸਿਸ ਗਰੁੱਪ ਵੱਲੋਂ ਆਪਣੇ ਬ੍ਰਾਂਡ 'ਆਗਾਜ਼' ਦੀ ਸ਼ੁਰੂਆਤ ਕੀਤੀ ਗਈ ਹੈ। ਗਰੁੱਪ ਦੇ ਚੇਅਰਮੈਨ ਦੀਪ ਮਲਹੋਤਰਾ ਨੇ ਕਿਹਾ, "ਆਗਾਜ਼ ਦੀ ਨੀਂਹ ਮਜ਼ਬੂਤ ਭਾਰਤੀ ਕਦਰਾਂ-ਕੀਮਤਾਂ 'ਤੇ ਟਿਕੀ ਹੋਈ ਹੈ। ਸਾਡਾ ਮੰਨਣਾ ਹੈ ਕਿ ਇਸ ਦੀ ਵਧਦੀ ਲੋਕਪ੍ਰਿਯਤਾ ਦਾ ਮੁੱਖ ਆਧਾਰ ਆਪਣੀਆਂ ਜੜ੍ਹਾਂ ਨਾਲ ਜੁੜੀ ਇਸ ਦੀ ਪ੍ਰਮਾਣਿਕਤਾ ਅਤੇ ਇਸ ਦੀ ਪਛਾਣ ਪਿੱਛੇ ਦੀ ਸੋਚ ਹੈ। ਸਾਡਾ ਵਿਜ਼ਨ ਇੱਕ ਅਜਿਹਾ ਬ੍ਰਾਂਡ ਤਿਆਰ ਕਰਨਾ ਹੈ, ਜੋ ਭਾਰਤੀ ਕਲਾ ਅਤੇ ਦਸਤਕਾਰੀ ਦਾ ਜਸ਼ਨ ਮਨਾਉਣ ਦੇ ਨਾਲ-ਨਾਲ ਆਧੁਨਿਕ ਸੋਚ ਰੱਖਣ ਵਾਲੇ ਲੋਕਾਂ ਨਾਲ ਵੀ ਜੁੜ ਸਕੇ। ਚੰਡੀਗੜ੍ਹ ਵਰਗੇ ਵਿਲੱਖਣ ਸੱਭਿਆਚਾਰਕ ਪਛਾਣ ਵਾਲੇ ਸ਼ਹਿਰ ਵਿੱਚ ਆਗਾਜ਼ ਦੀ ਸ਼ੁਰੂਆਤ ਕਰਨਾ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

ਗਰੁੱਪ ਦੇ ਡਾਇਰੈਕਟਰ ਗੌਰਵ ਮਲਹੋਤਰਾ ਅਤੇ ਗੌਤਮ ਮਲਹੋਤਰਾ ਨੇ ਕਿਹਾ, "ਮੇਕ ਇਨ ਇੰਡੀਆ ਦੀ ਭਾਵਨਾ ਸਾਡੇ ਦੇਸ਼ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਦਸਤਕਾਰੀ ਨੂੰ ਪਛਾਣ ਦਿਵਾਉਣ ਨਾਲ ਜੁੜੀ ਹੋਈ ਹੈ। 'ਆਗਾਜ਼' ਭਾਰਤੀ ਕਲਾ ਅਤੇ ਦਸਤਕਾਰੀ ਨੂੰ ਆਧੁਨਿਕ ਨਜ਼ਰੀਏ ਨਾਲ ਪੇਸ਼ ਕਰਨ ਪ੍ਰਤੀ ਸਾਡੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਤਿਉਹਾਰਾਂ ਦਾ ਸੀਜ਼ਨ ਸ਼ੁਰੂ ਹੋਣ ਦੇ ਨਾਲ ਅਸੀਂ ਉਨ੍ਹਾਂ ਚੀਜ਼ਾਂ ਦਾ ਵੀ ਜਸ਼ਨ ਮਨਾਉਣਾ ਚਾਹੁੰਦੇ ਹਾਂ, ਜੋ ਅਸਲ ਵਿੱਚ ਸਭ ਤੋਂ ਵੱਧ ਮਹੱਤਵ ਰੱਖਦੀਆਂ ਹਨ।

# ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



**ਪੈਗ਼ਾਮ-ਏ-ਜਗਤ**
**ਹਰੋਲੀ/ਊਨਾ, 27 ਅਕਤੂਬਰ**
**(ਰਾਜਵੀਰ ਚੋਪੜਾ)**

ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਦਸਮੇਸ਼ ਪਬਲਿਕ ਸਕੂਲ, ਗੁਰਪਲਾਹ ਸਾਹਿਬ, ਊਨਾ, ਹਿਮਾਚਲ ਪ੍ਰਦੇਸ਼ ਵਿਖੇ ਕਰਵਾਇਆ ਗਿਆ।

**ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ ॥**
**ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ ॥**

ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਸੰਗਤੀ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਦੀ ਪਾਵਨ ਬਾਣੀ ਦਾ ਜਾਪ ਕੀਤਾ। ਉਪਰੰਤ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਹਾਜ਼ਰੀ ਭਰੀ। ਅੰਤ ਵਿੱਚ ਭਾਈ ਗੁਰਲਾਭ ਸਿੰਘ, ਧਾਰਮਿਕ ਅਧਿਆਪਕ ਵੱਲੋਂ ਅੱਜ ਦੇ ਦਿਹਾੜੇ ਦਾ ਇਤਿਹਾਸ ਸਰਵਣ ਕਰਵਾਇਆ ਗਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਦਲਵਿੰਦਰ ਕੌਰ ਅਤੇ ਸਮੂਹ ਸਟਾਫ ਨੇ ਹਾਜ਼ਰੀ ਭਰੀ।

# ਭਾਰਤ ਵਿੱਚ ਬ੍ਰੇਨ ਸਟ੍ਰੋਕ ਦੇ ਮਾਮਲੇ ਵਧ ਰਹੇ ਹਨ: ਡਾ. ਸੰਦੀਪ ਸ਼ਰਮਾ



**ਚੰਡੀਗੜ੍ਹ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਭਾਰਤ ਵਿੱਚ ਬ੍ਰੇਨ ਸਟ੍ਰੋਕ ਦੇ ਵਧਦੇ ਮਾਮਲਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਪਾਰਕ ਹਸਪਤਾਲ, ਮੋਹਾਲੀ ਦੇ ਮਾਹਿਰਾਂ ਨੇ ਲੋਕਾਂ ਵਿੱਚ ਜਾਗਰੂਕਤਾ ਵਧਾਉਣ, ਬਿਮਾਰੀ ਦੇ ਸ਼ੁਰੂਆਤੀ ਲੱਛਣਾਂ ਦੀ ਪਛਾਣ ਕਰਨ ਅਤੇ ਸਮੇਂ ਸਿਰ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਮੰਗਲਵਾਰ ਨੂੰ ਇੱਥੇ ਕਰਵਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਮਾਹਿਰਾਂ ਨੇ ਕਿਹਾ ਕਿ ਸਮੇਂ ਸਿਰ ਪਛਾਣ ਅਤੇ ਢੁਕਵੇਂ ਇਲਾਜ ਨਾਲ ਸਟ੍ਰੋਕ ਕਾਰਨ ਹੋਣ ਵਾਲੀ ਗੰਭੀਰ ਅਪੰਗਤਾ ਅਤੇ ਮੌਤ ਦੇ ਖ਼ਤਰੇ ਨੂੰ ਘਟਾਇਆ ਜਾ ਸਕਦਾ ਹੈ। ਮਾਹਿਰਾਂ ਦੀ ਟੀਮ ਵਿੱਚ ਡਾ. ਸੰਦੀਪ ਸ਼ਰਮਾ, ਗਰੁੱਪ ਡਾਇਰੈਕਟਰ - ਇੰਟਰਵੇਂਸ਼ਨਲ ਰੇਡੀਓਲੋਜੀ; ਡਾ. ਗੌਰਵ ਧਵਨ, ਸੀਨੀਅਰ ਕੰਸਲਟੈਂਟ - ਰੇਡੀਓਲੋਜੀ; ਡਾ. ਸੰਦੀਪ ਕੌਰ, ਕੰਸਲਟੈਂਟ - ਨਿਊਰੋਲੋਜੀ; ਅਤੇ ਡਾ. ਅਨਿਲ ਸੋਫਤ, ਕੰਸਲਟੈਂਟ - ਨਿਊਰੋਸਰਜਰੀ ਸ਼ਾਮਲ ਸਨ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਸੰਦੀਪ ਸ਼ਰਮਾ ਨੇ ਕਿਹਾ, "ਬ੍ਰੇਨ ਸਟ੍ਰੋਕ ਦੁਨੀਆ ਭਰ ਵਿੱਚ ਜਨਤਕ ਸਿਹਤ ਲਈ ਇੱਕ ਵੱਡੀ ਚੁਣੌਤੀ ਬਣ ਕੇ ਉੱਭਰ ਰਿਹਾ ਹੈ। ਭਾਰਤ ਵਿੱਚ ਹਰ ਸਾਲ ਸਟ੍ਰੋਕ ਦੇ ਲਗਭਗ 15 ਤੋਂ 20 ਲੱਖ ਨਵੇਂ ਮਾਮਲੇ ਸਾਹਮਣੇ ਆਉਣ ਦਾ ਅਨੁਮਾਨ ਹੈ। ਹਾਲਾਂਕਿ, ਅਸਲ ਗਿਣਤੀ ਇਸ ਤੋਂ ਵੱਧ ਹੋ ਸਕਦੀ ਹੈ, ਕਿਉਂਕਿ ਬਹੁਤ ਸਾਰੇ ਮਰੀਜ਼ ਸਿਹਤ ਸੇਵਾਵਾਂ ਤੱਕ ਪਹੁੰਚ ਹੀ ਨਹੀਂ ਕਰ ਪਾਉਂਦੇ। ਦੇਸ਼ ਭਰ ਵਿੱਚ ਹਰ ਰੋਜ਼ ਸਟ੍ਰੋਕ ਦੇ ਹਜ਼ਾਰਾਂ ਮਾਮਲੇ ਸਾਹਮਣੇ ਆਉਂਦੇ ਹਨ, ਪਰ ਬਹੁਤ ਘੱਟ ਮਰੀਜ਼ਾਂ ਨੂੰ ਸਮੇਂ ਸਿਰ ਢੁਕਵਾਂ ਇਲਾਜ ਮਿਲ ਪਾਉਂਦਾ ਹੈ।

ਡਾ. ਸੰਦੀਪ ਕੌਰ ਨੇ ਕਿਹਾ ਕਿ ਭਾਰਤ ਵਿੱਚ ਸਟ੍ਰੋਕ ਦੇ ਵਧਦੇ ਮਾਮਲਿਆਂ ਦੇ ਮੁੱਖ ਕਾਰਨਾਂ ਵਿੱਚ ਇਸ ਬਿਮਾਰੀ, ਇਸ ਦੇ ਜੋਖ਼ਮ ਕਾਰਕਾਂ ਅਤੇ ਬਚਾਅ ਦੇ ਤਰੀਕਿਆਂ ਬਾਰੇ ਜਾਗਰੂਕਤਾ ਦੀ ਘਾਟ ਵੀ ਸ਼ਾਮਲ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਲੋਕਾਂ ਨੂੰ ਸਟ੍ਰੋਕ ਦੇ ਲੱਛਣਾਂ ਅਤੇ ਤੁਰੰਤ ਡਾਕਟਰੀ ਸਹਾਇਤਾ ਲੈਣ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਇਸ ਨਾਲ ਗੰਭੀਰ ਅਪੰਗਤਾ ਅਤੇ ਮੌਤ ਦੇ ਖ਼ਤਰੇ ਨੂੰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।

ਸਟ੍ਰੋਕ ਦੀ ਗੰਭੀਰਤਾ ਬਾਰੇ ਗੱਲ ਕਰਦਿਆਂ ਡਾ. ਗੌਰਵ ਧਵਨ ਨੇ ਕਿਹਾ, "ਬ੍ਰੇਨ ਸਟ੍ਰੋਕ ਅੱਜ ਵੀ ਜਨਤਕ ਸਿਹਤ ਲਈ ਇੱਕ ਗੰਭੀਰ ਚੁਣੌਤੀ ਹੈ ਅਤੇ ਇਹ ਮੌਤ ਤੇ ਅਪੰਗਤਾ ਦੇ ਪ੍ਰਮੁੱਖ ਕਾਰਨਾਂ ਵਿੱਚ ਸ਼ਾਮਲ ਹੈ। ਇਸ ਦੇ ਗੰਭੀਰ ਨਤੀਜਿਆਂ ਦੇ ਬਾਵਜੂਦ, ਕਈ ਵਾਰ ਇਸ ਬਿਮਾਰੀ ਦੀ ਸਮੇਂ ਸਿਰ ਪਛਾਣ ਨਹੀਂ ਹੋ ਪਾਉਂਦੀ। ਇਸ ਲਈ ਜਾਗਰੂਕਤਾ ਵਧਾਉਣਾ ਅਤੇ ਸਮੇਂ ਸਿਰ ਇਲਾਜ ਯਕੀਨੀ ਬਣਾਉਣਾ ਬਹੁਤ ਮਹੱਤਵਪੂਰਨ ਹੈ।

ਸਟ੍ਰੋਕ ਦੇ ਲੱਛਣਾਂ ਦੀ ਪਛਾਣ ਲਈ ਅਚਾਨਕ ਸੰਤੁਲਨ ਵਿਗੜਨਾ, ਨਜ਼ਰ ਵਿੱਚ ਸਮੱਸਿਆ ਆਉਣਾ, ਚਿਹਰੇ ਦਾ ਇੱਕ ਪਾਸੇ ਝੁਕ ਜਾਣਾ, ਇੱਕ ਬਾਂਹ ਵਿੱਚ ਕਮਜ਼ੋਰੀ ਮਹਿਸੂਸ ਹੋਣਾ ਜਾਂ ਬੋਲਣ ਵਿੱਚ ਲੜਖੜਾਹਟ ਸਟ੍ਰੋਕ ਦੇ ਸੰਕੇਤ ਹੋ ਸਕਦੇ ਹਨ। ਅਜਿਹੇ ਲੱਛਣ ਦਿਖਾਈ ਦੇਣ 'ਤੇ ਤੁਰੰਤ ਡਾਕਟਰੀ ਸਹਾਇਤਾ ਲੈਣੀ ਬਹੁਤ ਜ਼ਰੂਰੀ ਹੈ।

ਡਾ. ਸੰਦੀਪ ਸ਼ਰਮਾ ਨੇ ਕਿਹਾ ਕਿ ਸਟ੍ਰੋਕ ਦੇ ਇਲਾਜ ਵਿੱਚ ਸਮਾਂ ਸਭ ਤੋਂ ਮਹੱਤਵਪੂਰਨ ਹੁੰਦਾ ਹੈ, ਕਿਉਂਕਿ ਦਿਮਾਗ ਵਿੱਚ ਖ਼ੂਨ ਦਾ ਪ੍ਰਵਾਹ ਰੁਕਣ ਕਾਰਨ ਹਰ ਮਿੰਟ ਲੱਖਾਂ ਦਿਮਾਗੀ ਕੋਸ਼ਿਕਾਵਾਂ ਨਸ਼ਟ ਹੋ ਸਕਦੀਆਂ ਹਨ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਟ੍ਰੋਕ ਦੇ ਲੱਛਣ ਦਿਖਾਈ ਦਿੰਦੇ ਹੀ ਮਰੀਜ਼ ਨੂੰ ਤੁਰੰਤ ਐਮਰਜੈਂਸੀ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ, ਭਾਵੇਂ ਕੁਝ ਸਮੇਂ ਬਾਅਦ ਲੱਛਣ ਆਪਣੇ ਆਪ ਠੀਕ ਹੁੰਦੇ ਦਿਖਾਈ ਦੇਣ। ਉਨ੍ਹਾਂ ਅੱਗੇ ਕਿਹਾ ਕਿ ਸਮੇਂ ਸਿਰ ਡਾਕਟਰੀ ਜਾਂਚ ਅਤੇ ਢੁਕਵੇਂ ਇਲਾਜ ਨਾਲ ਮਰੀਜ਼ ਦੇ ਠੀਕ ਹੋਣ ਦੀ ਸੰਭਾਵਨਾ ਵਿੱਚ ਕਾਫ਼ੀ ਸੁਧਾਰ ਹੋ ਸਕਦਾ ਹੈ ਅਤੇ ਲੰਬੇ ਸਮੇਂ ਤੱਕ ਰਹਿਣ ਵਾਲੀਆਂ ਪੇਚੀਦਗੀਆਂ ਦੇ ਖ਼ਤਰੇ ਨੂੰ ਘਟਾਇਆ ਜਾ ਸਕਦਾ ਹੈ।

# ਸਾਬਕਾ ਅਧਿਆਪਕਾਂ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਚੰਡੀਗੜ੍ਹ ਵਿੱਚ ਅਧਿਆਪਕ ਭਵਨ ਬਣਾਉਣ ਦਾ ਤੋਹਫ਼ਾ ਮੰਗਿਆ



**ਚੰਡੀਗੜ੍ਹ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਚੰਡੀਗੜ੍ਹ ਦੇ ਸਾਬਕਾ ਅਧਿਆਪਕਾਂ ਦੀ ਜਥੇਬੰਦੀ ਦੀ ਇੱਕ ਵਿਸ਼ੇਸ਼ ਮੀਟਿੰਗ ਅੱਜ ਸੈਣੀ ਭਵਨ ਸੈਕਟਰ-24 ਚੰਡੀਗੜ੍ਹ ਵਿਖੇ ਜਥੇਬੰਦੀ ਦੇ ਪ੍ਰਧਾਨ ਬਹਾਦਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਯੂ.ਟੀ. ਤੋਂ ਸੇਵਾ ਮੁਕਤ ਬਹੁਤ ਸਾਰੇ ਅਧਿਆਪਕਾਂ ਅਤੇ ਅਫਸਰਾਂ ਨੇ ਭਾਗ ਲਿਆ।

ਇਸ ਵਿਸ਼ੇਸ਼ ਮੀਟਿੰਗ ਵਿਚ ਜਥੇਬੰਦੀ ਦੇ ਸਮੂਹ ਮੈਂਬਰਾਂ ਵਲੋਂ ਇਸ ਗੱਲ ਤੇ ਦੁੱਖ ਪ੍ਰਗਟ ਕੀਤਾ ਗਿਆ ਕਿ ਚੰਡੀਗੜ੍ਹ ਨੂੰ ਭਾਵੇਂ ਸੁੰਦਰ ਸ਼ਹਿਰ ਅਤੇ ਸਿੱਖਿਆ ਸਾਗਰ ਦਾ ਰੁਤਬਾ ਮਿਲਿਆ ਹੋਇਆ ਹੈ। ਪਰ ਅਧਿਆਪਕਾਂ ਲਈ ਇੱਥੇ ਕੋਈ ਵੀ ਅਧਿਆਪਕ ਭਵਨ ਨਹੀਂ ਹੈ। ਉਨ੍ਹਾਂ ਨੇ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜਿਹੜੇ ਕਿ 1 ਨਵੰਬਰ 2026 ਦੇ ਦੇ ਸ਼ੁਭ ਮੌਕੇ ਤੇ ਚੰਡੀਗੜ੍ਹ ਆ ਰਹੇ ਹਨ ਨੂੰ ਅਪੀਲ ਕੀਤੀ ਕਿ ਉਹ ਪਹਿਲੀ ਨਵੰਬਰ ਦੇ ਸ਼ੁਭ ਮੌਕੇ ਤੇ ਚੰਡੀਗੜ੍ਹ ਨੂੰ "ਅਧਿਆਪਕ ਭਵਨ" ਦਾ ਤੋਹਫਾ ਦੇ ਕੇ ਜਾਣ। ਜਿਸ ਲਈ ਯੂ.ਟੀ. ਦੇ ਅਧਿਆਪਕ ਲੰਬੇ ਸਮੇਂ ਤੋਂ ਮੰਗ ਕਰਦੇ ਆ ਰਹੇ ਹਨ।

ਅੱਜ ਦੀ ਮੀਟਿੰਗ ਵਿੱਚ ਜਿਨ੍ਹਾਂ ਸਾਬਕਾ ਅਧਿਆਪਕਾਂ ਤੇ ਅਫਸਰਾਂ ਨੇ ਹਿੱਸਾ ਲਿਆ ਉਨ੍ਹਾਂ ਵਿੱਚ ਸ੍ਰੀ ਕ੍ਰਿਸ਼ਨ ਕੁਮਾਰ ਤੇਜਪਾਲ, ਡਾ. ਗੁਲਜ਼ਾਰ ਸਿੰਘ, ਮੈਡਮ ਵਿਕਰਮਜੀਤ ਕੌਰ, ਸ੍ਰੀਮਤੀ ਨਿਰਮਲ ਸੈਣੀ, ਸ੍ਰੀਮਤੀ ਹਰਬੰਸ ਕੌਰ, ਜਨਰਲ ਸਕੱਤਰ ਸੁਮੇਸ਼ ਵਰਮਾ, ਸ੍ਰੀ ਗਿਆਨ ਚੰਦ, ਸ੍ਰ. ਗੁਰਪਾਲ ਸਿੰਘ, ਸ੍ਰੀਮਤੀ ਰੋਹਿਨੀ ਸ਼ਰਮਾ, ਤਰਜੀਤ ਸਿੰਘ ਅਤੇ ਜੀਤ ਸਿੰਘ ਸੋਮਲ ਸ਼ਾਮਲ ਸਨ। ਸੰਸਥਾ ਦੇ ਪ੍ਰਧਾਨ ਬਹਾਦਰ ਸਿੰਘ ਗੋਸਲ ਨੇ ਦੱਸਿਆ ਕਿ ਇਸ ਤੋਂ ਪਹਿਲਾ ਜਥੇਬੰਦੀ ਵਲੋਂ ਸਾਬਕਾ ਅਧਿਆਪਕਾਂ ਦੀਆਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਬਾਅਦ ਵਿੱਚ ਸਾਰੇ ਮੈਂਬਰਾਂ ਵਲੋਂ ਯੂ.ਟੀ. ਦੇ ਸਾਬਕਾ ਅਧਿਆਪਕਾਂ ਲਈ "ਕੈਸ਼ਲੈਸ ਮੈਡੀਕਲ ਸਕੀਮ" ਦੀ ਮੰਗ ਕੀਤੀ ਗਈ। ਸ੍ਰੀ ਕ੍ਰਿਸ਼ਨ ਕੁਮਾਰ ਤੇਜਪਾਲ ਨੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਕਿ ਸਾਬਕਾ ਅਧਿਆਪਕਾਂ ਦੀਆਂ ਪੈਨਸ਼ਨਾਂ ਸਬੰਧੀ ਮੁਸ਼ਕਲਾਂ ਹੱਲ ਕਰਨ ਲਈ ਮਹਿਕਮੇ ਦੇ ਸਹਿਯੋਗ ਨਾਲ "ਆਨ ਦੀ ਸਪੋਟ" ਕੈਂਪ ਲਗਾਇਆ ਜਾਵੇ। ਜਨਰਲ ਸਕੱਤਰ ਸੁਮੇਸ਼ ਵਰਮਾ ਨੇ ਸਾਬਕਾ ਅਧਿਆਪਕਾਂ ਦੇ ਹਰ ਦੁੱਖ-ਸੁੱਖ ਵਿਚ ਭਾਈਵਾਲ ਹੋ ਕੇ ਉਨ੍ਹਾਂ ਦੀ ਹਰ ਮੁਸ਼ਕਲ ਵਿੱਚ ਸਹਾਇਤਾ ਕਰਨ ਦਾ ਭਰੋਸਾ ਦਿੱਤਾ।

ਡਾ.ਗੁਲਜ਼ਾਰ ਸਿੰਘ ਅਤੇ ਜੀਤ ਸਿੰਘ ਸੋਮਲ ਨੇ ਵੀ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਆਪਣੇ ਵਿਚਾਰ ਪੇਸ਼ ਕੀਤੇ। ਮੈਡਮ ਵਿਕਰਮਜੀਤ ਬਣਾਉਣ ਲਈ ਵੀ ਕਿਹਾ। ਅੰਤ ਵਿੱਚ ਬਹਾਦਰ ਸਿੰਘ ਗੋਸਲ ਨੇ ਆਏ ਸਾਰੇ ਅਧਿਆਪਕਾਂ ਅਤੇ ਅਫਸਰਾਂ ਦਾ ਹਾਜ਼ਰ ਹੋਣ ਅਤੇ ਉਨ੍ਹਾਂ ਵੱਲੋਂ ਦਿੱਤੇ ਸੁਝਾਵਾਂ ਦਾ ਧੰਨਵਾਦ ਕੀਤਾ।

# ਏ.ਡੀ.ਸੀ. ਵੱਲੋਂ ਫਰਮ ਬ੍ਰਾਊਨਸਟੋਨ ਐਜੂਕੇਸ਼ਨਲ ਸਰਵਿਸਿਜ਼ ਐਂਡ ਕੰਸਲਟੈਂਸੀ ਦਾ ਲਾਇਸੰਸ ਰੱਦ

**ਡੇਰਾਬੱਸੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) 27 ਅਕਤੂਬਰ, (ਪੈਗ਼ਾਮ-ਏ-ਜਗਤ)**

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਫਰਮ ਬ੍ਰਾਊਨਸਟੋਨ ਐਜੂਕੇਸ਼ਨਲ ਸਰਵਿਸਿਜ਼ ਐਂਡ ਕੰਸਲਟੈਂਸੀ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਰਮ ਬ੍ਰਾਊਨਸਟੋਨ ਐਜੂਕੇਸ਼ਨਲ ਸਰਵਿਸਿਜ਼ ਐਂਡ ਕੰਸਲਟੈਂਸੀ ਐਸ.ਸੀ.ਓ. ਨੰ: 207-ਏ ਪਹਿਲੀ ਮੰਜ਼ਿਲ, ਸਵਾਸਤਿਕ ਵਿਹਾਰ, ਪਟਿਆਲਾ ਰੋਡ, ਜ਼ੀਰਕਪੁਰ, ਤਹਿ: ਡੇਰਾਬੱਸੀ, ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਮਾਲਕ ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸ੍ਰੀ ਹਰਜੀਤ ਸਿੰਘ, ਵਾਸੀ ਹਾਊਸ ਨੰ: 312, ਸ਼ਿਵਾ ਐਨਕਲੇਵ, ਭਬਾਤ ਰੋਡ, ਜ਼ੀਰਕਪੁਰ ਨੂੰ ਟਰੈਵਲ ਏਜੰਸੀ, ਕੰਸਲਟੈਂਸੀ ਅਤੇ ਟਿਕਟਿੰਗ ਏਜੰਟ ਦੇ ਕੰਮਾਂ ਲਈ ਲਾਇਸੰਸ ਨੰਬਰ 643/ਆਈ.ਸੀ. ਮਿਤੀ 15 ਜਨਵਰੀ 2024 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 14 ਜਨਵਰੀ 2029 ਤੱਕ ਸੀ। ਏ.ਡੀ.ਸੀ. ਵੱਲੋਂ ਦੱਸਿਆ ਗਿਆ ਕਿ ਦਫ਼ਤਰੀ ਰਿਕਾਰਡ ਅਨੁਸਾਰ, ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਦੇ ਸੈਕਸ਼ਨ 6(1)(ਈ) ਦੀ ਉਲੰਘਣਾ ਦੇ ਮਾਮਲੇ ਵਿੱਚ ਉਕਤ ਲਾਇਸੰਸ ਨੂੰ ਪਹਿਲਾਂ ਤਿੰਨ ਮਹੀਨਿਆਂ ਲਈ ਮੁਅੱਤਲ ਕੀਤਾ ਗਿਆ ਸੀ।

ਇਸ ਦੇ ਨਾਲ ਹੀ ਫਰਮ ਦੇ ਮਾਲਕ ਨੂੰ ਆਪਣਾ ਪੱਖ ਪੇਸ਼ ਕਰਨ ਲਈ ਨੋਟਿਸ ਜਾਰੀ ਕਰਦਿਆਂ ਨਿੱਜੀ ਤੌਰ 'ਤੇ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ ਪੰਤੂ ਕਾਫ਼ੀ ਸਮਾਂ ਬੀਤ ਜਾਣ ਦੇ ਬਾਵਜੂਦ ਫਰਮ ਦੇ ਮਾਲਕ ਵੱਲੋਂ ਕੋਈ ਜਵਾਬ ਜਾਂ ਸਪਸ਼ਟੀਕਰਨ ਦਫ਼ਤਰ ਵਿੱਚ ਪੇਸ਼ ਨਹੀਂ ਕੀਤਾ ਗਿਆ।

ਉਕਤ ਤੱਥਾਂ ਦੇ ਸਨਮੁੱਖ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ 2012 ਦੀ ਧਾਰਾ 6(1)(ਈ) ਦੇ ਉਪਬੰਧਾਂ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਫਰਮ ਬ੍ਰਾਊਨਸਟੋਨ ਐਜੂਕੇਸ਼ਨਲ ਸਰਵਿਸਿਜ਼ ਐਂਡ ਕੰਸਲਟੈਂਸੀ ਦੇ ਕੰਮ ਲਈ ਜਾਰੀ ਲਾਇਸੰਸ ਨੰਬਰ 643/ਆਈ.ਸੀ. ਮਿਤੀ 15 ਜਨਵਰੀ, 2024 ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਐਕਟ/ਰੂਲਾਂ ਵਿੱਚ ਦਰਸਾਏ ਅਨੁਸਾਰ ਉਕਤ ਪ੍ਰਾਰਥੀ/ਫਰਮ/ਫਰਮ ਮਾਲਕ ਦੇ ਖਿਲਾਫ ਭਵਿੱਖ ਵਿੱਚ ਜੇਕਰ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਪ੍ਰਾਰਥੀ/ਫਰਮ/ਫਰਮ ਮਾਲਕ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਖੁਦ ਜ਼ਿੰਮੇਵਾਰ ਹੋਵੇਗਾ।

# ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਚੱਲੀ ਵਿਸ਼ੇਸ਼ ਸਫ਼ਾਈ ਮੁਹਿੰਮ

- **ਹਸਪਤਾਲਾਂ ਨੂੰ ਪੂਰੀ ਤਰ੍ਹਾਂ ਸਾਫ਼-ਸੁਥਰਾ ਰੱਖਣ 'ਚ ਲੋਕ ਵੀ ਸਾਥ ਦੇਣ : ਡਾ. ਸੰਗੀਤਾ ਜੈਨ**



**ਸਾਹਿਬਜ਼ਾਦਾ ਅਜੀਤ ਸਿੰਘ ਨਗਰ 27 ਅਕਤੂਬਰ (ਪੈਗ਼ਾਮ-ਏ-ਜਗਤ)**

ਸਫ਼ਾਈ ਦੇ ਮਿਆਰਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੱਜ ਜ਼ਿਲ੍ਹਾ ਮੋਹਾਲੀ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਭਾਰਤ ਸਰਕਾਰ ਦੁਆਰਾ ÷ਸਪੈਸ਼ਲ ਕੰਪੇਨ-06, ਸਫ਼ਾਈ ਮੇਂ ਭਲਾਈ ਐਂਡ ਕਲੀਨ ਟੂ ਕੇਅਰ÷ ਦੇ ਨਾਹਰੇ ਹੇਠ ਚਲਾਈ ਗਈ ਇਸ ਮੁਹਿੰਮ ਵਿਚ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਮੁਹਿੰਮ ਤਹਿਤ ਸਿਹਤ ਸੰਸਥਾਵਾਂ ਦੇ ਅੰਦਰੂਨੀ ਅਤੇ ਬਾਹਰੀ ਖੇਤਰਾਂ, ਓਪੀਡੀ, ਮਰੀਜ਼ਾਂ ਦੇ ਵਾਰਡਾਂ, ਉਡੀਕ ਘਰਾਂ, ਦਫ਼ਤਰਾਂ, ਗਲਿਆਰਿਆਂ ਅਤੇ ਆਲੇ-ਦੁਆਲੇ ਦੀ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਸ ਦੇ ਨਾਲ ਹੀ ਕੂੜੇ ਦੇ ਸਹੀ ਨਿਪਟਾਰੇ, ਕੂੜੇਦਾਨਾਂ ਦੀ ਵਰਤੋਂ ਅਤੇ ਸਿਹਤ ਸੰਸਥਾਵਾਂ ਵਿੱਚ ਸਫ਼ਾਈ ਦੇ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਮਰੀਜ਼ਾਂ ਅਤੇ ਉਨ੍ਹਾਂ ਨਾਲ ਆਏ ਲੋਕਾਂ ਨੂੰ ਜਾਗਰੂਕ ਵੀ ਕੀਤਾ ਗਿਆ।

ਡਾ. ਸੰਗੀਤਾ ਜੈਨ ਨੇ ਕਿਹਾ ਕਿ ਸਿਹਤ ਸੰਸਥਾਵਾਂ ਵਿੱਚ ਸਫ਼ਾਈ ਰੱਖਣਾ ਮਰੀਜ਼ਾਂ ਦੀ ਸੁਰੱਖਿਆ ਅਤੇ ਬੀਮਾਰੀਆਂ ਦੀ ਰੋਕਥਾਮ ਲਈ ਬਹੁਤ ਜ਼ਰੂਰੀ ਹੈ। ਸਾਫ਼-ਸੁਥਰਾ ਵਾਤਾਵਰਣ ਲਾਗਾਂ ਦੇ ਖ਼ਤਰੇ ਨੂੰ ਘਟਾਉਣ ਅਤੇ ਮਰੀਜ਼ਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਸਮੂਹ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਫ਼ਾਈ ਦੇ ਮਿਆਰਾਂ ਦੀ ਲਗਾਤਾਰ ਪਾਲਣਾ ਯਕੀਨੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿਹਤ ਸੰਸਥਾਵਾਂ ਨੂੰ ਸਾਫ਼-ਸੁਥਰਾ ਰੱਖਣਾ ਸਾਰੇ ਸਿਹਤ ਕਰਮਚਾਰੀਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਸਬੰਧੀ ਉਪਰਾਲੇ ਸਿਰਫ਼ ਵਿਸ਼ੇਸ਼ ਮੁਹਿੰਮ ਤੱਕ ਸੀਮਤ ਨਹੀਂ ਰਹਿਣੇ ਚਾਹੀਦੇ, ਸਗੋਂ ਇਨ੍ਹਾਂ ਨੂੰ ਰੋਜ਼ਾਨਾ ਦੀ ਕਾਰਜ-ਪ੍ਰਣਾਲੀ ਦਾ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਕੂੜਾ ਇੱਧਰ-ਉੱਧਰ ਨਾ ਸੁੱਟਣ, ਕੂੜੇਦਾਨਾਂ ਦੀ ਵਰਤੋਂ ਕਰਨ ਅਤੇ ਸਫ਼ਾਈ ਬਣਾਈ ਰੱਖਣ ਵਿੱਚ ਸਿਹਤ ਵਿਭਾਗ ਦਾ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਸਿਹਤਮੰਦ ਸਮਾਜ ਦੀ ਬੁਨਿਆਦ ਹੈ ਅਤੇ ਹਰ ਵਿਅਕਤੀ ਨੂੰ ਸਫ਼ਾਈ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

# ਜੂਨੀਅਰ ਨੈਸ਼ਨਲ ਖੇਡਾਂ ਵਿੱਚ ਜੁਆਏ ਬੈਦਵਾਣ ਨੇ ਜਿੱਤਿਆ ਸੋਨ ਤਮਗਾ, ਬ੍ਰਾਜ਼ੀਲ ਵਿੱਚ ਕਰੇਗੀ ਭਾਰਤ ਦੀ ਨੁਮਾਇੰਦਗੀ



**ਮੋਹਾਲੀ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਪੰਜਾਬ ਦੀ ਹੋਣਹਾਰ ਅਥਲੀਟ ਜੁਆਏ ਬੈਦਵਾਣ ਨੇ ਮਦਰਾਸ ਵਿਖੇ ਕਰਵਾਈਆਂ ਜੂਨੀਅਰ ਨੈਸ਼ਨਲ ਖੇਡਾਂ ਦੇ ਅੰਡਰ-18 ਸ਼ਾਟਪੁੱਟ ਮੁਕਾਬਲੇ ਵਿੱਚ ਸੋਨ ਤਮਗਾ ਜਿੱਤ ਕੇ ਪੰਜਾਬ ਅਤੇ ਪੁਆਧ ਖੇਤਰ ਦਾ ਮਾਣ ਵਧਾਇਆ ਹੈ। ਇਸ ਪ੍ਰਾਪਤੀ ਦੇ ਨਾਲ ਹੀ ਉਸ ਨੇ 3 ਦਸੰਬਰ ਤੋਂ ਬ੍ਰਾਜ਼ੀਲ ਵਿੱਚ ਹੋਣ ਵਾਲੀਆਂ ਅੰਤਰਰਾਸ਼ਟਰੀ ਵਰਲਡ ਸਕੂਲ ਖੇਡਾਂ ਲਈ ਭਾਰਤੀ ਟੀਮ ਵਿੱਚ ਆਪਣੀ ਜਗ?ਹਾ ਪੱਕੀ ਕਰ ਲਈ ਹੈ।

ਜੁਆਏ ਦੀ ਇਸ ਪ੍ਰਾਪਤੀ 'ਤੇ ਸ਼੍ਰੋਮਣੀ ਅਕਾਲੀ ਦਲ ਦੀ ਮੋਹਾਲੀ ਇਕਾਈ ਦੇ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਉਸ ਨੂੰ ਸਨਮਾਨਿਤ ਕਰਦਿਆਂ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਐੱਸਜੀਪੀਸੀ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ, ਇਸਤਰੀ ਅਕਾਲੀ ਦਲ ਦੀ ਪ੍ਰਧਾਨ ਬੀਬੀ ਭੁਪਿੰਦਰ ਕੌਰ ਗੋਸਲ, ਬੀਬੀ ਬਲਜਿੰਦਰ ਕੌਰ ਅਤੇ ਬੀਬੀ ਹਰਜਿੰਦਰ ਕੌਰ ਸਮੇਤ ਹੋਰ ਮਹਿਲਾਵਾਂ ਮੌਜੂਦ ਸਨ।

ਜੁਆਏ ਇਸ ਤੋਂ ਪਹਿਲਾਂ ਵੀ ਕਈ ਕੌਮੀ ਅਤੇ ਕੌਮਾਂਤਰੀ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸਬੂਤ ਦੇ ਚੁੱਕੀ ਹੈ। ਉਸ ਨੇ ਐੱਸਜੀਐੱਫਆਈ ਦੀਆਂ ਅੰਤਰਰਾਸ਼ਟਰੀ ਸਕੂਲ ਖੇਡਾਂ ਵਿੱਚ ਗੋਆ ਵਿਖੇ ਅੰਡਰ-17 ਵਰਗ ਵਿੱਚ ਸੋਨ ਤਮਗਾ ਜਿੱਤਿਆ ਸੀ। ਸਾਲ 2023 ਵਿੱਚ ਅੰਡਰ-14 ਵਰਗ ਵਿੱਚ ਰਿਕਾਰਡ ਬਣਾਉਂਦਿਆਂ ਸੋਨ ਤਮਗਾ ਹਾਸਲ ਕੀਤਾ। ਇਸ ਤੋਂ ਬਾਅਦ 2024 ਵਿੱਚ ਅੰਡਰ-17 ਅਤੇ 2025 ਵਿੱਚ ਯੂਥ ਖੇਡਾਂ ਦੌਰਾਨ ਵੀ ਸੋਨ ਤਮਗੇ ਜਿੱਤੇ। ਉਹ ਬਹਿਰੀਨ ਅਤੇ ਸਾਊਦੀ ਅਰਬ ਵਿੱਚ ਵੀ ਆਪਣੇ ਪ੍ਰਦਰਸ਼ਨ ਨਾਲ ਭਾਰਤ ਦਾ ਨਾਮ ਰੌਸ਼ਨ ਕਰ ਚੁੱਕੀ ਹੈ।

ਜੁਆਏ ਡੀਏਵੀ ਲਾਹੌਰ, ਸੈਕਟਰ-8 ਵਿੱਚ ਪੜ੍ਹਾਈ ਕਰ ਰਹੀ ਹੈ। ਉਸ ਦੇ ਪਿਤਾ ਪਰਮਦੀਪ ਸਿੰਘ ਬੈਦਵਾਣ ਸਮਾਜ ਸੇਵਾ ਦੇ ਨਾਲ ਕਿਸਾਨ ਜਥੇਬੰਦੀ ਵਿੱਚ ਵੀ ਸਰਗਰਮ ਹਨ। ਜੁਆਏ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਪਿਤਾ ਅਤੇ ਕੋਚਾਂ ਨੂੰ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਹਰ ਕਦਮ 'ਤੇ ਪੂਰਾ ਸਹਿਯੋਗ ਮਿਲਿਆ ਹੈ। ਉਸ ਦੀ ਇਹ ਪ੍ਰਾਪਤੀ ਖੇਤਰ ਦੇ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ।

# ਸੀ.ਐਨ.ਈ. ਸੈੱਲ ਪੀ.ਜੀ.ਆਈ. ਨੇ ਹੈਲਥਕੇਅਰ ਪ੍ਰੋਫੈਸ਼ਨਲਾਂ 'ਤੇ ਨੀਂਦ ਦੇ ਪ੍ਰਭਾਵ ਨੂੰ ਉਜਾਗਰ ਕਰਨ ਲਈ 'ਸਲੀਪ ਹੈਲਥ ਲਿਟਰੇਸੀ 'ਤੇ ਸੈਮੀਨਾਰ ਦਾ ਆਯੋਜਨ ਕੀਤਾ

**ਚੰਡੀਗੜ੍ਹ, 27 ਅਕਤੂਬਰ (ਪੈਗ਼ਾਮ-ਏ-ਜਗਤ)**

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਦੇ ਕੰਟੀਨਿਊਇੰਗ ਨਰਸਿੰਗ ਐਜੂਕੇਸ਼ਨ (ਸੀਐਨਈ) ਸੈੱਲ ਨੇ 27 ਅਕਤੂਬਰ 2026 ਨੂੰ ਪੀਜੀਆਈਐਮਈਆਰ ਦੇ ਏਪੀਸੀ ਆਡੀਟੋਰੀਅਮ ਵਿੱਚ ਸਲੀਪ ਹੈਲਥ ਲਿਟਰੇਸੀ: ਨੌਲੇਜ।ਅਵੇਅਰਨੈੱਸ।ਬੈਟਰ ਹੈਲਥ ਸਿਰਲੇਖ ਹੇਠ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ ਲਗਭਗ 90 ਭਾਗੀਦਾਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਸੀਨੀਅਰ ਨਰਸਿੰਗ ਅਫਸਰ, ਨਰਸਿੰਗ ਅਫਸਰ, ਨੈਸ਼ਨਲ ਇੰਸਟੀਚਿਊਟ ਆਫ਼ ਨਰਸਿੰਗ ਐਜੂਕੇਸ਼ਨ ਦੇ ਫੈਕਲਟੀ ਮੈਂਬਰ, ਰੈਜ਼ੀਡੈਂਟ ਡਾਕਟਰ ਅਤੇ ਵੱਖ-ਵੱਖ ਹੈਲਥਕੇਅਰ ਪ੍ਰੋਫੈਸ਼ਨਲ ਸ਼ਾਮਲ ਸਨ, ਜੋ ਸਾਰੇ ਸਲੀਪ ਹਾਈਜੀਨ, ਸ਼ਿਫਟ-ਵਰਕ ਚੁਣੌਤੀਆਂ ਅਤੇ ਇਲਾਜ ਨਾ ਕੀਤੇ ਗਏ ਨੀਂਦ ਵਿਕਾਰਾਂ ਦੇ ਲੰਬੇ ਸਮੇਂ ਦੇ ਨਤੀਜਿਆਂ ਬਾਰੇ ਵਿਆਪਕ ਜਾਗਰੂਕਤਾ ਬਣਾਉਣ ਲਈ ਇਕੱਠੇ ਹੋਏ ਸਨ।

ਸੈਮੀਨਾਰ ਦੀ ਸ਼ੁਰੂਆਤ ਡਾ. ਨਵਨੀਤ ਧਾਲੀਵਾਲ, ਜੁਆਇੰਟ ਮੈਡੀਕਲ ਸੁਪਰਡੈਂਟ, ਪੀਜੀਆਈਐਮਈਆਰ ਦੁਆਰਾ ਦਿੱਤੇ ਗਏ ਜਾਣ-ਪਛਾਣ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਹੈਲਥਕੇਅਰ ਸਟਾਫ ਦੀ ਨਿੱਜੀ ਤੰਦਰੁਸਤੀ ਅਤੇ ਕਲੀਨਿਕਲ ਕੁਸ਼ਲਤਾ ਨੂੰ ਯਕੀਨੀ ਬਣਾਉਣ ਵਿੱਚ ਸਲੀਪ ਹੈਲਥ ਲਿਟਰੇਸੀ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।

ਓਬਸਟਰਕਟਿਵ ਸਲੀਪ ਐਪਨੀਆ: ਬਿਔਂਡ ਸਨੋਰਿੰਗ-ਦ ਹਿਡਨ ਕੌਂਸੀਕੁਐਂਸਿਜ਼: ਪ੍ਰੋਟੈਕਟਿੰਗ ਅਵਰ ਪੇਸ਼ੈਂਟਸ, ਅਵਰਸੈਲਵਜ਼, ਐਂਡ ਅਵਰ ਫੈਮਿਲੀ ਸਿਰਲੇਖ ਹੇਠ ਗੱਲਬਾਤ ਦਿੰਦਿਆਂ, ਓਟੋਲੈਰਿੰਗੋਲੋਜੀ (ਈਐਨਟੀ) ਵਿਭਾਗ, ਪੀਜੀਆਈਐਮਈਆਰ ਦੇ ਪ੍ਰੋ. ਸੰਦੀਪ ਬਾਂਸਲ ਅਤੇ ਇੰਡੀਅਨ ਐਸੋਸੀਏਸ਼ਨ ਆਫ਼ ਸਰਜਨਸ ਫਾਰ ਸਲੀਪ ਐਪਨੀਆ ਦੇ ਪ੍ਰਧਾਨ ਨੇ ਓਬਸਟਰਕਟਿਵ ਸਲੀਪ ਐਪਨੀਆ ਦਾ ਵਿਆਪਕ ਸੰਖੇਪ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਨੇ ਖਰਾਟਿਆਂ ਤੋਂ ਪਰੇ ਮੁੱਖ ਸੰਕੇਤਾਂ ਅਤੇ ਲੱਛਣਾਂ ਨੂੰ ਉਜਾਗਰ ਕੀਤਾ, ਸ਼ੁਰੂਆਤੀ ਜੋਖਮ ਮੁਲਾਂਕਣ ਲਈ ਸਧਾਰਨ ਮੁਲਾਂਕਣ ਸਕੇਲਾਂ ਦੀ ਜਾਣ-ਪਛਾਣ ਕਰਵਾਈ, ਅਤੇ ਅੰਤਰੀਵ ਸਰੀਰਕ ਕਾਰਨਾਂ ਦੀ ਰੂਪਰੇਖਾ ਪੇਸ਼ ਕੀਤੀ। ਪ੍ਰੋ. ਬਾਂਸਲ ਨੇ ਅੱਗੇ ਰੋਕਥਾਮ ਉਪਾਵਾਂ - ਵਿਸ਼ੇਸ਼ ਤੌਰ 'ਤੇ ਭਾਰ ਪ੍ਰਬੰਧਨ-ਦਾ ਵੇਰਵਾ ਦਿੱਤਾ ਅਤੇ ਬਾਲਗ ਅਤੇ ਬਾਲ ਚਿਕਿਤਸਾ ਦੋਵਾਂ ਆਬਾਦੀਆਂ ਲਈ ਅਨੁਕੂਲਿਤ ਇਲਾਜ ਵਿਕਲਪਾਂ 'ਤੇ ਚਰਚਾ ਕੀਤੀ। ਡਾ. ਮੋਨਿਕਾ ਸ਼ਰਮਾ (ਐਮਫਿਲ, ਪੀਐਚਡੀ), 18 ਸਾਲਾਂ ਦੇ ਤਜਰਬੇ ਨਾਲ ਪੈਰਿਸ 2024 ਓਲੰਪਿਕ ਖੇਡਾਂ ਲਈ ਭਾਰਤੀ ਓਲੰਪਿਕ ਦਲ ਦੀ ਸਾਬਕਾ ਸਲੀਪ ਸਲਾਹਕਾਰ, ਨੇ ਸਰਕੇਡੀਅਨ ਮੈਡੀਸਨ ਫਾਰ ਹੈਲਥ ਪ੍ਰੋਫੈਸ਼ਨਲਸ-ਸਲੀਪ, ਸੇਫਟੀ, ਐਂਡ ਸ਼ਿਫਟ ਵਰਕ 'ਤੇ ਇੱਕ ਦਿਲਚਸਪ ਸੈਸ਼ਨ ਪੇਸ਼ ਕੀਤਾ। ਉਨ੍ਹਾਂ ਨੇ ਸ਼ਿਫਟ-ਵਰਕ ਥਕਾਵਟ ਨੂੰ ਘੱਟ ਕਰਨ ਅਤੇ ਸਮੁੱਚੀ ਨੀਂਦ ਦੀ ਗੁਣਵੱਤਾ ਨੂੰ ਵਧਾਉਣ ਲਈ ਤਿਆਰ ਕੀਤੇ ਗਏ ਸਬੂਤ-ਅਧਾਰਤ ਜੀਵਨ ਸ਼ੈਲੀ ਸਮਾਯੋਜਨ, ਬੋਧਾਤਮਕ ਤਕਨੀਕਾਂ ਅਤੇ ਵਿਹਾਰਕ ਆਰਾਮ ਰਣਨੀਤੀਆਂ ਸਾਂਝੀਆਂ ਕੀਤੀਆਂ। ਖਾਸ ਤੌਰ 'ਤੇ, ਡਾ. ਮੋਨਿਕਾ ਨੇ ਆਮ ਨੀਂਦ ਵਿਘਨ ਪਾਉਣ ਵਾਲੇ ਕਾਰਕਾਂ ਤੋਂ ਬਚਾਅ ਲਈ ਵਿਹਾਰਕ ਰੋਕਥਾਮ ਉਪਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ - ਕੈਫੀਨ ਦੀ ਮਾਤਰਾ, ਇਸ ਦੇ ਸਮੇਂ ਅਤੇ ਨੀਂਦ 'ਤੇ ਇਸ ਦੇ ਸਰੀਰਕ ਪ੍ਰਭਾਵਾਂ 'ਤੇ ਚਰਚਾ; ਬਲੂ-ਲਾਈਟ ਸਰਕੇਡੀਅਨ ਦਖਲ ਨੂੰ ਰੋਕਣ ਲਈ ਮੋਬਾਈਲ ਸਕ੍ਰੀਨ ਡਿਸਪਲੇ ਸੈਟਿੰਗਾਂ ਨੂੰ ਅਨੁਕੂਲ ਬਣਾਉਣਾ; ਅਤੇ ਰਣਨੀਤਕ ਨੈਪਿੰਗ ਰੁਟੀਨ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕਰਨਾ।

# ਸਾਬਕਾ ਮੁੱਖ ਮੰਤਰੀ ਚੰਨੀ ਵੱਲੋਂ ਭਗਵਾਨ ਵਾਲਮੀਕ ਯੂਨੀਵਰਸਿਟੀ ਬਣਵਾਉਣ ਦਾ ਐਲਾਨ ਸਿਰਫ ਚੋਣ ਸਟੰਟ : ਤੀਕਸ਼ਣ ਸੂਦ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਜਿਉਂ-ਜਿਉਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ। ਕਾਂਗਰਸ ਅਤੇ ਆਪ ਆਗੂ ਨਵੇਂ-ਨਵੇਂ ਐਲਾਨ ਕਰਕੇ ਲੋਕਾਂ ਨੂੰ ਲੁਭਾ ਕੇ ਵੋਟਾਂ ਹਾਸਲ ਕਰਨ ਦੀਆਂ ਚਾਲਾਂ ਚੱਲ ਰਹੇ ਹਨ। ਹਾਲ ਹੀ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਕਾਂਗਰਸ ਦੀ ਸਰਕਾਰ ਬਣਨ 'ਤੇ ਭਗਵਾਨ ਵਾਲਮੀਕ ਦੇ ਨਾਂ 'ਤੇ ਯੂਨੀਵਰਸਿਟੀ ਬਣਾਉਣ ਦਾ ਐਲਾਨ ਸਿਰਫ ਛਲਾਵੇ ਤੋਂ ਵੱਧ ਕੁਝ ਨਹੀਂ ਹੈ। ਇਸ ਐਲਾਨ 'ਤੇ ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਤੀਕਸ਼ਣ ਸੂਦ ਨੇ ਕਿਹਾ ਕਿ ਯੂਥ ਫੈਡਰੇਸ਼ਨ ਵੱਲੋਂ ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਦੇ ਮੌਕੇ 'ਤੇ ਲੁਧਿਆਣਾ ਵਿੱਚ ਭਗਵਾਨ ਵਾਲਮੀਕ ਦੇ ਨਾਂ 'ਤੇ ਯੂਨੀਵਰਸਿਟੀ ਬਣਾਉਣ ਦੇ ਐਲਾਨ ਬਾਰੇ ਚੰਨੀ ਨੂੰ ਚੋਣਾਂ ਦੇ ਨੇੜੇ ਹੀ ਕਿਉਂ ਯਾਦ ਆਇਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੰਬੇ ਸਮੇਂ ਤੋਂ ਅਨੁਸੂਚਿਤ ਜਾਤੀ ਸਮਾਜ ਨੂੰ ਗੁਮਰਾਹ ਕਰਕੇ ਵੋਟਾਂ ਹਾਸਲ ਕਰਦੀ ਆ ਰਹੀ ਹੈ। ਪੰਜਾਬ ਵਿੱਚ ਕਾਂਗਰਸ ਨੇ 35-40 ਸਾਲ ਰਾਜ ਕੀਤਾ ਹੈ, ਪਰ ਦਲਿਤਾਂ ਅਤੇ ਅਨੁਸੂਚਿਤ ਜਾਤੀ ਸਮਾਜ ਪ੍ਰਤੀ ਕੋਈ ਕੰਮ ਨਹੀਂ ਕੀਤਾ। ਜੇ ਭਗਵਾਨ



ਵਾਲਮੀਕਿ ਦੇ ਨਾਂ 'ਤੇ ਯੂਨੀਵਰਸਿਟੀ ਬਣਾਉਣੀ ਹੀ ਸੀ ਤਾਂ ਪਹਿਲਾਂ ਕਿਉਂ ਨਹੀਂ ਬਣਾਈ ਗਈ। ਕਾਂਗਰਸ ਦੀ ਨੀਅਤ 'ਤੇ ਸਵਾਲ ਉਠਾਉਂਦਿਆਂ ਸ਼੍ਰੀ ਤੀਕਸ਼ਣ ਸੂਦ ਨੇ ਕਿਹਾ ਕਿ ਭਾਜਪਾ ਅਕਾਲੀ ਸਰਕਾਰ ਵਿੱਚ ਉਨ੍ਹਾਂ ਦੇ ਮੰਤਰੀ ਕਾਲ ਦੌਰਾਨ ਉਨ੍ਹਾਂ ਨੇ ਬਿਨਾਂ ਐਲਾਨ ਤੋਂ ਸਬੰਧਤ ਵਿਭਾਗ ਦੀ ਇੱਕ ਯੂਨੀਵਰਸਿਟੀ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਬਣਵਾਈ ਸੀ। ਜਿਸ ਨੂੰ ਸ਼੍ਰੀ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਖੜਕਾ ਹੁਸ਼ਿਆਰਪੁਰ ਦੇ ਨਾਂ ਨਾਲ ਜਾਣਿਆ ਜਾਂਦਾ ਹੈ।

# ਪੁਲੀਸ ਲਾਈਨਜ਼ ਵਿਖੇ ਵਿਸ਼ਾਲ ਸਿਹਤ ਜਾਂਚ ਕੈਂਪ ਲੱਗਾ

**ਪੈ.ਗਾਮ-ਏ-ਜਗਤ**
**ਅੰਬਾਲਾ 27 ਅਕਤੂਬਰ (ਆਰ.ਸਿੰਘ)**

ਦੇਸ਼ ਅਤੇ ਸਮਾਜ ਦੀ ਸੁਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਪੁਲੀ ਦੇ ਅਮਰ ਸ਼ਹੀਦਾਂ ਦੀ ਯਾਦ ਵਿੱਚ 21 ਤੋਂ 31 ਅਕਤੂਬਰ ਆਯੋਜਿਤ ਕੀਤੇ ਜਾ ਰਹੇ ਵੱਖ-ਵੱਖ ਸ਼ਰਧਾਂਜਲੀ ਅਤੇ ਜਨ ਜਾਗਰੂਕਤਾ ਪ੍ਰੋਗਰਾਮਾਂ ਦੀ ਕੜੀ ਵਿਚ ਅੱਜ ਅੰਬਾਲਾ ਦੇ ਪੁਲੀਸ ਸੁਪਰਡੈਂਟ ਅਜੀਤ ਸਿੰਘ ਸ਼ੇਖਾਵਤ ਦੀ ਯੋਗ ਅਗਵਾਈ ਹੇਠ 27 ਅਕਤੂਬਰ ਪੁਲੀਸ ਲਾਈਨਜ਼, ਅੰਬਾਲਾ ਸ਼ਹਿਰ ਵਿਖੇ ਸਥਿਤ NGO ਹੋਸਟਲ ਵਿਚ ਇੱਕ ਵਿਸ਼ਾਲ ਮੁਫ਼ਤ ਆਯੁਰਵੈਦਿਕ ਸਿਹਤ ਜਾਂਚ ਕੈਂਪ ਆਯੋਜਿਤ ਕੀਤਾ ਗਿਆ।

ਇਹ ਵਿਸ਼ੇਸ਼ ਸਿਹਤ ਕੈਂਪ ਜੀਨਾ ਸੀਖੋ, ਅੰਬਾਲਾ ਛਾਉਣੀ ਦੇ ਮਾਹਿਰ ਡਾਕਟਰਾਂ ਦੇ ਸਹਿਯੋਗ ਨਾਲ ਸਵੇਰੇ 9:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਲਗਾਇਆ ਗਿਆ ਪੁਲੀਸ ਲਾਈਨਾਂ, ਐਸ.ਪੀ ਦੇ ਦਫ਼ਤਰ ਅਤੇ ਜ਼ਿਲ੍ਹੇ ਭਰ



ਦੇ ਵੱਖ-ਵੱਖ ਥਾਣਿਆਂ ਅਤੇ ਸ਼ਾਖਾਵਾਂ ਵਿੱਚ ਤਾਇਨਾਤ ਵੱਡੀ ਗਿਣਤੀ ਵਿੱਚ ਅਧਿਕਾਰੀ, ਕਰਮਚਾਰੀ ਅਤੇ ਉਨ੍ਹਾਂ ਦੇ ਪਰਿਵਾਰ ਸਿਹਤ ਜਾਂਚ ਕਰਵਾਉਣ ਅਤੇ ਡਾਕਟਰੀ ਸਲਾਹ ਲੈਣ ਲਈ ਕੈਂਪ ਵਿੱਚ ਸ਼ਾਮਲ ਹੋਏ।

ਐਸ.ਪੀ ਅੰਬਾਲਾ ਅਜੀਤ ਸਿੰਘ ਸ਼ੇਖ਼ਾਵਤ ਨੇ ਕਿਹਾ ਕਿ ਪੁਲੀਸ ਕਰਮਚਾਰੀਆਂ ਦੀ ਸਿਹਤ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਦੇਖ-ਭਾਲ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਸਾਡੇ ਪੁਲੀਸ ਕਰਮਚਾਰੀਆਂ ਲਈ ਜੋ ਮੁਸ਼ਕਲ ਹਾਲਤਾਂ ਵਿੱਚ 24 ਘੰਟੇ ਆਪਣੀ ਡਿਊਟੀ ਪੂਰੀ ਲਗਨ ਨਾਲ ਨਿਭਾਉਂਦੇ ਹਨ, ਮਾਨਸਿਕ ਅਤੇ ਸਰੀਰਕ ਤੌਰ 'ਤੇ ਸਿਹਤਮੰਦ ਰਹਿਣਾ ਬਹੁਤ ਜ਼ਰੂਰੀ ਹੈ। ਦੇਸ਼ ਲਈ ਸਾਡੇ ਸ਼ਹੀਦ ਸੈਨਿਕਾਂ ਦੁਆਰਾ ਕੀਤੀਆਂ ਗਈਆਂ ਕੁਰਬਾਨੀਆਂ ਦੇ ਸਨਮਾਨ ਵਿੱਚ ਆਯੋਜਿਤ ਅਜਿਹੇ ਲੋਕ ਭਲਾਈ ਸਮਾਗਮ ਸਾਨੂੰ ਉਨ੍ਹਾਂ ਦੇ ਆਦਰਸ਼ਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਉਦੇਸ਼ ਪੁਲੀਸ ਕਰਮਚਾਰੀਆਂ ਨੂੰ ਉਨ੍ਹਾਂ ਦੇ ਕੰਮ ਵਾਲੀ ਥਾਂ ਦੇ ਨੇੜੇ ਸਭ ਤੋਂ ਵਧੀਆ ਆਯੁਰਵੈਦਿਕ ਡਾਕਟਰੀ ਅਤੇ ਥੈਰੇਪੀ ਸਹੂਲਤਾਂ ਪ੍ਰਦਾਨ ਕਰਨਾ ਹੈ।

ਮਹਿਕਮੇ ਦੇ ਬੁਲਾਰੇ ਨੇ ਦੱਸਿਆ ਕਿ ਪੁਲੀਸ ਯਾਦਗਾਰੀ ਦਿਵਸ ਦੇ ਮੌਕੇ 'ਤੇ, 21 ਅਕਤੂਬਰ ਤੋਂ 31 ਅਕਤੂਬਰ, 2026 ਤੱਕ ਅੰਬਾਲਾ ਪੁਲੀਸ ਸ਼ਹੀਦਾਂ ਦੇ ਸਨਮਾਨ ਵਿੱਚ ਵੱਖ-ਵੱਖ ਖੇਡਾਂ, ਖ਼ੂਨਦਾਨ, ਸਿਹਤ ਜਾਂਚ ਅਤੇ ਜਨਤਕ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰ ਰਹੀ ਹੈ।

# ਜ਼ਿਲ੍ਹਾ ਯੁਵਾ ਵਿਕਾਸ ਸੰਗਠਨ ਵੱਲੋਂ ਚਾਰ ਜ਼ਿਲ੍ਹਿਆਂ ਦੀ ਓਰੀਐਂਟੇਸ਼ਨ-ਕਮ-ਸਮੀਖਿਆ ਮੀਟਿੰਗ

**ਪੈ.ਗਾਮ-ਏ-ਜਗਤ/ਅੰਬਾਲਾ, 27 ਅਕਤੂਬਰ (ਆਰ. ਸਿੰਘ)**

ਜ਼ਿਲ੍ਹਾ ਯੁਵਾ ਵਿਕਾਸ ਸੰਗਠਨ ਵੱਲੋਂ ਹਰਿਆਣਾ ਦੇ ਚਾਰ ਜ਼ਿਲ੍ਹਿਆਂ ਅੰਬਾਲਾ, ਪੰਚਕੂਲਾ, ਯਮੁਨਾਨਗਰ ਅਤੇ ਚੰਡੀਗੜ੍ਹ ਵਿੱਚ ਬਾਲ

- **ਟੀਮਾਂ ਨੂੰ ਬਾਲ ਤਸਕਰੀ ਅਤੇ ਬਾਲ ਵਿਆਹ ਦੀ ਰੋਕਥਾਮ ਲਈ ਕੀਤਾ ਜਾਗਰੂਕ**

ਸੁਰੱਖਿਆ ਦੇ ਖੇਤਰ ਵਿੱਚ ਕੰਮ ਕਰਨ ਵਾਲੀਆਂ ਟੀਮਾਂ ਲਈ ਇੱਕ ਰੋਜ਼ਾ ਓਰੀਐਂਟੇਸ਼ਨ-ਕਮ-ਸਮੀਖਿਆ ਮੀਟਿੰਗ ਕਰਵਾਈ ਗਈ। ਮੀਟਿੰਗ ਦਾ ਮੁੱਖ ਉਦੇਸ਼ ਬਾਲ ਤਸਕਰੀ ਅਤੇ ਬਾਲ ਵਿਆਹ ਵਰਗੀਆਂ ਸਮਾਜਿਕ ਬੁਰਾਈਆਂ ਦੀ ਰੋਕਥਾਮ ਲਈ ਟੀਮਾਂ ਦੀ ਸਮਰੱਥਾ ਵਧਾਉਣਾ, ਜ਼ਮੀਨੀ ਪੱਧਰ 'ਤੇ ਚੱਲ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕਰਨਾ ਅਤੇ ਹਰਿਆਣਾ ਨੂੰ ਬਾਲ ਵਿਆਹ ਮੁਕਤ ਬਣਾਉਣ ਲਈ ਜ਼ਿਲ੍ਹਾ ਪੱਧਰੀ ਕਾਰਜ ਯੋਜਨਾਵਾਂ ਤਿਆਰ ਕਰਨਾ ਸੀ। ਸਮਾਗਮ ਵਿੱਚ ਹਰਿਆਣਾ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਡਾ. ਵੀਰੇਂਦਰ ਸਿੰਘ ਚੌਹਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਬਾਲ ਵਿਆਹ ਮੁਕਤ ਭਾਰਤ ਮੁਹਿੰਮ ਨੂੰ ਸਫਲ ਬਣਾਉਣ ਲਈ ਹਰਿਆਣਾ ਪੇਂਡੂ ਵਿਕਾਸ ਸੰਸਥਾ ਅਤੇ ਜ਼ਿਲ੍ਹਾ ਯੁਵਾ ਵਿਕਾਸ ਸੰਗਠਨ ਵਿਚਕਾਰ ਸਹਿਯੋਗ ਦੀ ਮਹੱਤਤਾ ਉਜਾਗਰ ਕੀਤੀ। ਉਨ੍ਹਾਂ ਕਿਹਾ ਕਿ ਪੰਚਾਇਤਾਂ, ਪੇਂਡੂ ਵਿਕਾਸ ਵਿਭਾਗ ਅਤੇ ਸਮਾਜਿਕ ਸੰਗਠਨਾਂ ਨੂੰ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ।



ਸਟੇਟ ਪੰਚਾਇਤੀ ਰਾਜ ਸੰਸਥਾਨ, ਨੀਲੋਖੇੜੀ ਦੀ ਯੋਜਨਾ ਅਤੇ ਪ੍ਰਬੰਧਨ ਵਿਕਾਸ ਮਾਹਿਰ ਡਾ. ਨੀਲਮ ਛਿੱਕਾਰਾ ਨੇ ਮਹਿਲਾ-ਅਨੁਕੂਲ ਅਤੇ ਬਾਲ-ਅਨੁਕੂਲ ਪੰਚਾਇਤਾਂ ਦੀ ਸਥਾਪਨਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹਰ ਪਿੰਡ ਨੂੰ ਬਾਲ ਵਿਆਹ ਮੁਕਤ ਬਣਾਉਣ ਲਈ ਪੰਚਾਇਤਾਂ ਦੀ ਸਰਗਰਮ ਭਾਗੀਦਾਰੀ ਅਤੇ ਬਾਲ ਭਲਾਈ ਤੇ ਸੁਰੱਖਿਆ ਕਮੇਟੀਆਂ ਦੀ ਪ੍ਰਭਾਵਸ਼ਾਲੀ ਕਾਰਗੁਜ਼ਾਰੀ ਜ਼ਰੂਰੀ ਹੈ। ਸੰਗਠਨ ਦੇ ਪ੍ਰਧਾਨ ਪਰਮਜੀਤ ਸਿੰਘ ਬੜੋਲਾ ਨੇ ਦੱਸਿਆ ਕਿ ਸੰਸਥਾ ਸਾਲ 2005 ਤੋਂ ਬਾਲ ਸੁਰੱਖਿਆ ਅਤੇ ਸਮਾਜਿਕ ਵਿਕਾਸ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬਾਲ ਤਸਕਰੀ ਅਤੇ ਬਾਲ ਵਿਆਹ ਦੀ ਰੋਕਥਾਮ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਲਈ ਲੋਕਾਂ ਵਿੱਚ ਜਾਗਰੂਕਤਾ ਵਧਾਉਣ ਅਤੇ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ਮਜ਼ਬੂਤ ਕਰਨ ਦੀ ਲੋੜ ਹੈ।

ਇਸ ਮੌਕੇ ਸੰਗਠਨ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਅਮਿਤ ਚੋਪੜਾ ਨੇ ਪ੍ਰੋਜੈਕਟ ਦੀ ਜਾਣਕਾਰੀ ਸਾਂਝੀ ਕਰਦਿਆਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚੱਲ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ। ਮੀਟਿੰਗ ਦੌਰਾਨ ਪੰਚਾਇਤਾਂ, ਸਕੂਲਾਂ, ਆਂਗਣਵਾੜੀ ਕੇਂਦਰਾਂ, ਧਾਰਮਿਕ ਆਗੂਆਂ ਅਤੇ ਸਥਾਨਕ ਪ੍ਰਸ਼ਾਸਨ ਦੇ ਸਹਿਯੋਗ ਨਾਲ ਜਾਗਰੂਕਤਾ ਮੁਹਿੰਮਾਂ ਚਲਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਅੰਤ ਵਿੱਚ ਚਾਰਾਂ ਜ਼ਿਲ੍ਹਿਆਂ ਦੀਆਂ ਟੀਮਾਂ ਨੇ ਬਾਲ ਵਿਆਹ ਦੀ ਰੋਕਥਾਮ ਲਈ ਜ਼ਿਲ੍ਹਾ ਪੱਧਰੀ ਕਾਰਜ ਯੋਜਨਾਵਾਂ ਤਿਆਰ ਕੀਤੀਆਂ। ਮੀਟਿੰਗ ਵਿੱਚ ਅਜੇ ਤਿਵਾੜੀ, ਰੁਬਲ ਧੀਮਾਨ, ਪ੍ਰਗਟ ਸਿੰਘ, ਹਰਦੀਪ ਸਿੰਘ, ਹਰਵਿੰਦਰ ਸਿੰਘ, ਸੌਰਭ, ਪ੍ਰਿੰਸ, ਅੰਜਲੀ, ਮਨਜੀਤ, ਪੂਜਾ ਅਤੇ ਨੈਨਸੀ ਸਮੇਤ ਹੋਰ ਟੀਮ ਮੈਂਬਰ ਮੌਜੂਦ ਸਨ।

# ਡੀ.ਆਈ.ਜੀ. ਐਸ.ਟੀ.ਐਫ. ਹਰਿਆਣਾ ਨੇ ਐਸ.ਪੀ. ਹਾਂਸੀ ਨਾਲ ਕਾਨੂੰਨ ਵਿਵਸਥਾ ਦੀ ਸਮੀਖਿਆ ਕੀਤੀ, ਪੁਲਿਸ ਜਵਾਨਾਂ ਦੀ ਕਰਵਾਈ ਮੌਕ ਡ੍ਰਿਲ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

ਡੀਆਈਜੀ ਸਪੈਸ਼ਲ ਟਾਸਕ ਫੋਰਸ (ਐਸਟੀਐਫ) ਹਰਿਆਣਾ ਸੁਰੇਂਦਰ ਪਾਲ ਨੇ ਪੁਲਿਸ ਕਪਤਾਨ ਦਫ਼ਤਰ ਹਾਂਸੀ ਵਿੱਚ ਪੁਲਿਸ ਕਪਤਾਨ ਹਾਂਸੀ ਵਿਨੋਦ ਕੁਮਾਰ ਦੀ ਹਾਜ਼ਰੀ ਵਿੱਚ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੀਟਿੰਗ ਲਈ। ਮੀਟਿੰਗ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਦੀ ਸਮੀਖਿਆ ਕਰਦਿਆਂ ਅਪਰਾਧਾਂ ਦੀ ਰੋਕਥਾਮ ਅਤੇ ਸ਼ਾਂਤੀ ਵਿਵਸਥਾ ਬਣਾਈ ਰੱਖਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਦੇ ਨਾਲ ਹੀ ਪੁਲਿਸ ਜਵਾਨਾਂ ਦੇ ਭਲਾਈ ਨਾਲ ਜੁੜੇ ਵਿਸ਼ਿਆਂ 'ਤੇ ਚਰਚਾ ਕੀਤੀ ਗਈ ਅਤੇ ਉਨ੍ਹਾਂ ਦੇ ਸੁਝਾਅ ਵੀ ਲਏ ਗਏ।

ਮੀਟਿੰਗ ਤੋਂ ਬਾਅਦ ਡੀਆਈਜੀ ਸੁਰੇਂਦਰ ਪਾਲ ਨੇ ਪੁਲਿਸ ਕੰਟਰੋਲ ਰੂਮ ਦੀਆਂ ਵਿਵਸਥਾਵਾਂ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ



ਭੀੜ ਨੂੰ ਕੰਟਰੋਲ ਕਰਨ ਦੀਆਂ ਤਿਆਰੀਆਂ ਤਹਿਤ ਪੁਲਿਸ ਜਵਾਨਾਂ ਦੀ ਮੌਕ ਡ੍ਰਿਲ ਕਰਵਾਈ ਗਈ।

ਮੌਕ ਡ੍ਰਿਲ ਦੌਰਾਨ ਡੀਆਈਜੀ ਸੁਰੇਂਦਰ ਪਾਲ ਨੇ ਪੁਲਿਸ ਜਵਾਨਾਂ ਨੂੰ ਕਾਨੂੰਨ ਵਿਵਸਥਾ ਡਿਊਟੀ, ਭੀੜ ਕੰਟਰੋਲ, ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਅਤੇ ਸੰਵੇਦਨਸ਼ੀਲ ਹਾਲਾਤਾਂ ਵਿੱਚ ਸੰਜਮ ਅਤੇ ਅਨੁਸ਼ਾਸਨ ਨਾਲ ਕੰਮ ਕਰਨ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਚੁਣੌਤੀਪੂਰਨ ਹਾਲਾਤਾਂ ਵਿੱਚ ਤੁਰੰਤ ਪ੍ਰਤੀਕਿਰਿਆ, ਆਪਸੀ ਤਾਲਮੇਲ ਅਤੇ ਅਨੁਸ਼ਾਸਿਤ ਕਾਰਵਾਈ ਬਹੁਤ ਜ਼ਰੂਰੀ ਹੈ।

ਸਿਖਲਾਈ ਦੌਰਾਨ ਜਵਾਨਾਂ ਨੇ ਦੰਗਾ ਕੰਟਰੋਲ ਕਿੱਟ ਪਾ ਕੇ ਵਿਹਾਰਕ ਅਭਿਆਸ ਕੀਤਾ। ਇਸ ਕਿੱਟ ਵਿੱਚ ਬਾਡੀ ਪ੍ਰੋਟੈਕਟਰ, ਹੈਲਮੇਟ, ਕੇਨ ਸ਼ੀਲਡ ਸਮੇਤ ਹੋਰ ਸੁਰੱਖਿਆ ਉਪਕਰਨ ਸ਼ਾਮਲ ਸਨ। ਜਵਾਨਾਂ ਨੂੰ ਮੌਕ ਡ੍ਰਿਲ ਰਾਹੀਂ ਭੀੜ ਪ੍ਰਬੰਧਨ, ਸੁਰੱਖਿਆ ਘੇਰਾ ਬਣਾਉਣ, ਦੰਗਾ ਕੰਟਰੋਲ ਅਤੇ ਕਿਸੇ ਵੀ ਅਣਸੁਖਾਵੀਂ ਸਥਿਤੀ ਵਿੱਚ ਪ੍ਰਭਾਵੀ ਢੰਗ ਨਾਲ ਕਾਰਵਾਈ ਕਰਨ ਦਾ ਅਭਿਆਸ ਕਰਵਾਇਆ ਗਿਆ। ਡੀਆਈਜੀ ਸੁਰੇਂਦਰ ਪਾਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿਖਲਾਈ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਪੁਲਿਸ ਬਲ ਨੂੰ ਹਰ ਸਥਿਤੀ ਨਾਲ ਨਜਿੱਠਣ ਲਈ ਤਿਆਰ ਰੱਖਣਾ ਅਤੇ ਉਨ੍ਹਾਂ ਦੀ ਪੇਸ਼ੇਵਰ ਸਮਰੱਥਾ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਨੇ ਕਾਨੂੰਨ ਵਿਵਸਥਾ ਬਣਾਈ ਰੱਖਣ, ਅਪਰਾਧਾਂ ਦੀ ਰੋਕਥਾਮ ਅਤੇ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪੂਰੀ ਚੌਕਸੀ, ਜ਼ਿੰਮੇਵਾਰੀ ਅਤੇ ਤਾਲਮੇਲ ਨਾਲ ਡਿਊਟੀ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੁਲਿਸ ਦਾ ਮੁੱਢਲਾ ਉਦੇਸ਼ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ, ਸ਼ਾਂਤੀ ਵਿਵਸਥਾ ਬਣਾਈ ਰੱਖਣਾ ਅਤੇ ਕਿਸੇ ਵੀ ਚੁਣੌਤੀਪੂਰਨ ਸਥਿਤੀ ਵਿੱਚ ਪ੍ਰਭਾਵੀ ਕਾਰਵਾਈ ਕਰਨਾ ਹੈ। ਇਸ ਲਈ ਪੁਲਿਸ ਬਲ ਦੀ ਨਿਯਮਤ ਸਿਖਲਾਈ ਅਤੇ ਬਿਹਤਰ ਤਿਆਰੀ ਜ਼ਰੂਰੀ ਹੈ।

# ਸਤਿਗੁਰੂ ਰਵਿਦਾਸ ਮਹਾਰਾਜ 650ਵਾਂ ਪ੍ਰਕਾਸ਼ ਪੁਰਬ ਕਮੇਟੀ ਨਵਾਂਸ਼ਹਿਰ ਨੇ ਕੀਤੀ ਬੈਠਕ

**ਪੈ.ਗਾਮ-ਏ-ਜਗਤ/ਨਵਾਂਸ਼ਹਿਰ**
**(ਦਲਜੀਤ ਅਜਨੋਹਾ)**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਸੰਚਾਲਨ ਸੰਮਤੀ ਦਾ ਗਠਨ

ਅੱਜ ਮਿਤੀ 27 ਅਕਤੂਬਰ 2026 ਨੂੰ ਨਵਾਂ ਸ਼ਹਿਰ ਦੇ ਗੀਤਾ ਭਵਨ ਵਿੱਚ ਇੱਕ ਬੈਠਕ ਦਾ ਆਯੋਜਨ ਡਾ.ਦੇਵਿੰਦਰ ਸ਼ਰਮਾ ਜੀ ਦੀ ਅਧਿਅਕਸ਼ਤਾ ਵਿੱਚ ਕੀਤਾ ਗਿਆ ਯਾਤਰਾ ਦੇ ਸੰਯੋਜਕ ਪਰਮਜੀਤ ਰੁੱਤੇਵਾਲੀਆ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਸ ਸਬੰਧੀ ਅੱਜ ਇਕ ਬੈਠਕ ਰੱਖੀ ਗਈ ਸੀ । ਯਾਤਰਾ ਦਾ ਸ਼ੁਭ ਆਰੰਭ ਮਿਤੀ 22 ਨਵੰਬਰ 2026 ਨੂੰ ਸ੍ਰੀ



ਖੁਰਾਲਗੜ੍ਹ ਸਾਹਿਬ ਗੁਰੂ ਰਵਿਦਾਸ ਜੀ ਮਹਾਰਾਜ ਦੀ ਤਪੋ ਭੂਮੀ ਤੋਂ ਅਸ਼ੀਰਵਾਦ ਲੈ ਕੇ ਹੋਵੇਗਾ।

ਪਹਿਲੇ ਦਿਨ ਯਾਤਰਾ ਸਿੰਘਪੁਰ, ਮੰਗੂਪੁਰ, ਭੱਦੀ, ਥੋਪੀਆ ,ਕਾਠਗੜ੍ਹ ਤੋਂ ਹੁੰਦੇ ਹੋਏ ਬਲਾਚੌਰ ਪਹੁੰਚੇਗੀ। ਇੱਥੇ ਹੀ ਰਾਤ ਦਾ ਵਿਸ਼ਰਾਮ ਕਰੇਗੀ। ਅਗਲੇ ਦਿਨ ਮਿਤੀ 23 ਨਵੰਬਰ 2026 ਨੂੰ ਮਜਾਰੀ, ਸਾਹਿਬਾ, ਸੜੋਇਆ, ਸਮੁੰਦੜਾ ਗੜ੍ਹਸ਼ੰਕਰ ਹੁੰਦੇ ਹੋਏ ਮਾਹਿਲਪੁਰ ਪਹੁੰਚੇਗੀ। ਅਗਲੇ ਦਿਨ 24 ਨਵੰਬਰ 2026 ਨੂੰ ਪੰਚ ਨੰਗਲਾ ,ਮਾਹਿਲ ਗਹਿਲਾ ,ਖਮਾਚੋਂ, ਮੁਕੰਦਪੁਰ ਹੁੰਦੇ ਹੋਏ ਬੰਗਾ ਪਹੁੰਚੇਗੀ। ਇੱਥੇ ਹੀ ਰਾਤ ਦਾ ਵਿਸ਼ਰਾਮ ਕਰੇਗੀ। ਅਗਲੇ ਦਿਨ ਮਿਤੀ 25 ਨਵੰਬਰ 2026 ਨੂੰ ਮਹਿੰਦੀਪੁਰ, ਨਵਾਂ ਸ਼ਹਿਰ, ਰਾਹੋਂ ਹੁੰਦੇ ਹੋਏ ਨਗਰ ਪਹੁੰਚੇਗੀ। ਬੈਠਕ ਵਿੱਚ ਇਸ ਦੀ ਰੂਪ ਰੇਖਾ ਬਣਾਈ ਗਈ ।

ਜਿਲਾ ਟੋਲੀ ਵਿੱਚ ਡਾ. ਦਵਿੰਦਰ ਸ਼ਰਮਾ (ਸਰਪ੍ਰਸਤ) ਪਰਮਜੀਤ ਰੱਤੇਵਾਲੀਆ (ਸੰਯੋਜਕ ) ਗੁਲਸ਼ਨ ਕੁਮਾਰ (ਸੰਤ ਪ੍ਰਮੁੱਖ) ਵਰੁਣ ਵੇਦੀ (ਉਪ ਸੰਤ ਪ੍ਰਮੁੱਖ) ਵਰਿੰਦਰ ਕੁਮਾਰ( ਸੁਰੱਖਿਆ ਪ੍ਰਮੁੱਖ) ਦਲਜੀਤ ਸਿੰਘ ਅਜਨੋਹਾ (ਪ੍ਰਚਾਰ ਪ੍ਰਮੁੱਖ ) ਅਮਿਤ ਕੁਮਾਰ (ਉਪ ਪ੍ਰਚਾਰ ਪ੍ਰਮੁੱਖ) ਲਖਪ੍ਰੀਤ ਕੁਮਾਰ (ਵਾਹਨ ਪ੍ਰਮੁੱਖ )ਸੰਜੀਵ ਦੁੱਗਲ (ਵਿੱਤ ਪ੍ਰਮੁੱਖ ) ਰਹਿਣਗੇ। ਹਲਕਾ ਬਲਾਚੌਰ ਦੇ ਪਾਲਕ ਅਨੂਪ ਕੁਮਾਰ ਪ੍ਰਮੁੱਖ ਰਜੀਵ ਆਨੰਦ ਹਲਕਾ ਗੜ੍ਹਸ਼ੰਕਰ ਪਾਲਕ ਗੁੜਾਕੇਸ਼ ਪ੍ਰਮੁੱਖ ਜਸਵੀਰ ਸਿੰਘ ਹਲਕਾ ਬੰਗਾ ਪਾਲਕ ਵਰੁਣ ਜੈਨ ਪ੍ਰਮੁੱਖ ਡਾਕਟਰ ਬਲਵੀਰ ਹਲਕਾ ਨਵਾਂ ਸ਼ਹਿਰ ਪਾਲਕ ਰਮਨ ਮਲਹੋਤਰਾ ਪ੍ਰਮੁੱਖ ਸਤਨਾਮ ਸਹਿਜਲ ਰਹਿਣਗੇ ਆਖਿਰ ਵਿੱਚ ਸ਼ਾਂਤੀ ਮੰਤਰ ਨਾਲ ਬੈਠਕ ਸੰਪੰਨ ਹੋਈ।

# ਸੁਰੱਖਿਅਤ ਬਚਪਨ ਮੁਹਿੰਮ ਤਹਿਤ ਊਨਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਏ

**ਬਾਲ ਅਧਿਕਾਰਾਂ ਅਤੇ ਬਾਲ ਸੁਰੱਖਿਆ ਬਾਰੇ ਜਾਗਰੂਕਤਾ ਫੈਲਾਉਣ ਲਈ 31 ਅਕਤੂਬਰ ਤੱਕ ਚੱਲੇਗੀ ਮੁਹਿੰਮ**

**ਊਨਾ, 27 ਅਕਤੂਬਰ**
**(ਪੈ.ਗਾਮ-ਏ-ਜਗਤ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਵੱਲੋਂ ਸੁਰੱਖਿਅਤ ਬਚਪਨ ਮੁਹਿੰਮ ਦੇ ਪਹਿਲੇ ਪੜਾਅ ਤਹਿਤ ਊਨਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਬਾਲ ਅਧਿਕਾਰਾਂ ਅਤੇ ਬਾਲ ਸੁਰੱਖਿਆ ਬਾਰੇ ਜਾਗਰੂਕਤਾ ਫੈਲਾਉਣ ਲਈ ਪ੍ਰੋਗਰਾਮ ਕਰਵਾਏ ਜਾ ਰਹੇ ਹਨ।



ਇਹ ਮੁਹਿੰਮ 31 ਅਕਤੂਬਰ ਤੱਕ ਚੱਲੇਗੀ। ਇਹ ਜਾਣਕਾਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੀ ਸਕੱਤਰ ਸ਼ਿਖਾ ਲਖਨਪਾਲ ਨੇ ਦਿੱਤੀ। ਇਸੇ ਲੜੀ ਤਹਿਤ ਮੰਗਲਵਾਰ ਨੂੰ ਊਨਾ ਜ਼ਿਲ੍ਹੇ ਦੇ ਏਐਨਐਮ ਇੰਟਰਨੈਸ਼ਨਲ ਸਕੂਲ ਟਾਹਲੀਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੁੰਧਲਾ, ਜੇ.ਐਸ. ਵਿਜ਼ਡਮ ਸਕੂਲ ਫ੍ਰੈਂਡਜ਼ ਕਲੋਨੀ ਊਨਾ, ਡੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ ਊਨਾ, ਰੌਕਫੋਰਡ ਪਬਲਿਕ ਸਕੂਲ ਰੱਕੜ ਕਲੋਨੀ, ਗੁਰੁਕੁਲ ਪਬਲਿਕ ਸਕੂਲ ਪੱਕਾ ਪਰੋਹ ਅਤੇ ਗੋਕੁਲ ਸਕੂਲ ਪੱਕਾ ਪਰੋਹ ਵਿੱਚ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਸਾਰੇ ਸਕੂਲਾਂ ਵਿੱਚ "ਮੇਰਾ ਬਚਪਨ, ਮੇਰਾ ਅਧਿਕਾਰ"ਅਤੇ "ਕਾਨੂੰਨ ਜਾਣੋ, ਬਚਪਨ ਬਚਾਓ"ਵਿਸ਼ਿਆਂ 'ਤੇ ਪ੍ਰੋਗਰਾਮ ਕਰਵਾਏ ਗਏ। ਇਨ੍ਹਾਂ ਦਾ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ, ਬਾਲ ਸੁਰੱਖਿਆ ਨਾਲ ਸਬੰਧਤ ਕਾਨੂੰਨਾਂ ਅਤੇ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ, ਤੰਗ-ਪਰੇਸ਼ਾਨੀ ਜਾਂ ਬਾਲ ਅਧਿਕਾਰਾਂ ਦੀ ਉਲੰਘਣਾ ਦੀ ਸਥਿਤੀ ਵਿੱਚ ਉਪਲਬਧ ਕਾਨੂੰਨੀ ਸਹਾਇਤਾ ਬਾਰੇ ਜਾਗਰੂਕ ਕਰਨਾ ਹੈ।

ਇਨ੍ਹਾਂ ਪ੍ਰੋਗਰਾਮਾਂ ਦਾ ਆਯੋਜਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੀ ਸਕੱਤਰ ਸ਼ਿਖਾ ਲਖਨਪਾਲ ਅਤੇ ਸਬੰਧਤ ਨਿਆਂਇਕ ਅਧਿਕਾਰੀਆਂ ਵੱਲੋਂ ਕੀਤਾ ਗਿਆ। ਇਨ੍ਹਾਂ ਵਿੱਚ ਨਿਆਂਇਕ ਮੈਜਿਸਟ੍ਰੇਟ ਪਹਿਲੀ ਸ਼੍ਰੇਣੀ, ਊਨਾ ਈਸ਼ਾ ਅਗਰਵਾਲ; ਨਿਆਂਇਕ ਮੈਜਿਸਟ੍ਰੇਟ ਪਹਿਲੀ ਸ਼੍ਰੇਣੀ, ਊਨਾ ਸ਼ਿਵਿਕ ਘਈ; ਨਿਆਂਇਕ ਮੈਜਿਸਟ੍ਰੇਟ ਪਹਿਲੀ ਸ਼੍ਰੇਣੀ, ਊਨਾ ਅਨੁਲੇਖਾ ਤੰਵਰ; ਵਧੀਕ ਮੁੱਖ ਨਿਆਂਇਕ ਮੈਜਿਸਟ੍ਰੇਟ, ਅੰਬ ਜਤਿੰਦਰ ਸਿੰਘ ਅਤੇ ਨਿਆਂਇਕ ਮੈਜਿਸਟ੍ਰੇਟ ਪਹਿਲੀ ਸ਼੍ਰੇਣੀ, ਅੰਬ ਨੇ ਭਾਗ ਲਿਆ।

ਇਸ ਤੋਂ ਇਲਾਵਾ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੇ ਪੈਨਲ ਵਕੀਲ ਵੀ ਮੁਹਿੰਮ ਤਹਿਤ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਬਾਲ ਅਧਿਕਾਰਾਂ, ਬਾਲ ਸੁਰੱਖਿਆ ਨਾਲ ਸਬੰਧਤ ਕਾਨੂੰਨਾਂ ਅਤੇ ਬੱਚਿਆਂ ਲਈ ਉਪਲਬਧ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਗਰੂਕ ਕਰ ਰਹੇ ਹਨ। ਉਹ ਬੱਚਿਆਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਜਾਂ ਤੰਗ-ਪਰੇਸ਼ਾਨੀ ਦੀ ਸਥਿਤੀ ਵਿੱਚ ਢੁਕਵੀਂ ਸਹਾਇਤਾ ਲੈਣ ਬਾਰੇ ਜਾਣਕਾਰੀ ਦੇ ਰਹੇ ਹਨ।

ਸਕੱਤਰ ਨੇ ਦੱਸਿਆ ਕਿ ਮੁਹਿੰਮ ਦੌਰਾਨ ਪੁਲਿਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਬਾਲ ਅਧਿਕਾਰਾਂ, ਬਾਲ ਸੁਰੱਖਿਆ, ਸਾਈਬਰ ਸੁਰੱਖਿਆ ਅਤੇ ਬੱਚਿਆਂ ਲਈ ਉਪਲਬਧ ਕਾਨੂੰਨੀ ਸੁਰੱਖਿਆ ਤੇ ਸਹਾਇਤਾ ਪ੍ਰਣਾਲੀ ਬਾਰੇ ਵੀ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਯਤਨਾਂ ਦਾ ਉਦੇਸ਼ ਬੱਚਿਆਂ ਵਿਰੁੱਧ ਹੋਣ ਵਾਲੇ ਅਪਰਾਧਾਂ ਨੂੰ ਰੋਕਣਾ ਅਤੇ ਬਾਲ ਸੁਰੱਖਿਆ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ਮਜ਼ਬੂਤ ਕਰਨਾ ਹੈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਊਨਾ ਦੀ ਸਕੱਤਰ ਸ਼ਿਖਾ ਲਖਨਪਾਲ ਨੇ ਦੱਸਿਆ ਕਿ ਸੁਰੱਖਿਅਤ ਬਚਪਨ ਮੁਹਿੰਮ ਦਾ ਮੁੱਖ ਉਦੇਸ਼ ਬੱਚਿਆਂ ਲਈ ਸੁਰੱਖਿਅਤ ਮਾਹੌਲ ਯਕੀਨੀ ਬਣਾਉਣਾ, ਉਨ੍ਹਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਅਤੇ ਬਾਲ ਅਧਿਕਾਰਾਂ ਦੀ ਰੱਖਿਆ ਵਿੱਚ ਸਕੂਲਾਂ, ਮਾਪਿਆਂ, ਪੈਨਲ ਵਕੀਲਾਂ, ਪੁਲਿਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੈ।

# ਭਾਰਤ ਨੂੰ ਜਾਣੋ ਮੁਕਾਬਲੇ ਵਿੱਚ ਗਾਇਤਰੀ ਵਿਦਿਆ ਮੰਦਰ ਦੋਵਾਂ ਸਥਾਨਾਂ 'ਤੇ ਪਹਿਲੇ ਰਿਹਾ

**ਪੈ.ਗਾਮ-ਏ-ਜਗਤ**
**ਹਾਂਸੀ (ਦਿਨਕਰ ਗਾਵੜੀ)**

ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਹਾਂਸੀ ਵੱਲੋਂ ਕੱਲ੍ਹ ਬਾਬਾ ਬੰਦਾ ਬਹਾਦਰ ਪਬਲਿਕ ਸਕੂਲ ਹਾਂਸੀ ਵਿੱਚ ਭਾਰਤ ਨੂੰ ਜਾਣੋ ਮੁਕਾਬਲਾ ਅਤੇ ਗੁਰੂ ਵੰਦਨ ਛਾਤਰ ਅਭਿਨੰਦਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਦੇ ਮੁੱਖ ਮਹਿਮਾਨ ਮਨੋਜ ਗਰਗ ਪ੍ਰਸਿੱਧ ਸਮਾਜ ਸੇਵੀ ਅਤੇ ਵਿਸ਼ੇਸ਼ ਮਹਿਮਾਨ ਅਨੂਪ ਵਰਮਾ ਸਰਪੰਚ ਪਿੰਡ ਢਾਣੀ ਕੁਮਹਾਰਾਂ ਅਤੇ ਰਾਮ ਪ੍ਰਕਾਸ਼ ਪਰੂਥੀ ਪ੍ਰਧਾਨ ਬਾਬਾ ਬੰਦਾ ਬਹਾਦਰ ਸਿੱਖਿਆ ਕਮੇਟੀ ਹਾਂਸੀ ਸਨ। ਪ੍ਰੋਗਰਾਮ ਦੀ ਪ੍ਰਧਾਨਗੀ ਖੇਤਰੀ ਸੇਵਾ ਸਕੱਤਰ ਉੱਤਰ ਖੇਤਰ ਭਾਰਤ ਵਿਕਾਸ ਪ੍ਰੀਸ਼ਦ ਅਤੇ ਪ੍ਰੋਗਰਾਮ ਦੇ ਨਿਰੀਖਕ ਡਾਕਟਰ ਵੀਰੇਂਦਰ ਯਾਦਵ ਵੀਰ ਸ਼ਾਖਾ ਹਿਸਾਰ ਨੇ ਕੀਤੀ। ਮੁੱਖ ਮਹਿਮਾਨ ਮਨੋਜ ਗਰਗ ਨੇ ਦੱਸਿਆ ਕਿ ਮੁਕਾਬਲੇ ਰਾਹੀਂ ਬੱਚਿਆਂ ਨੂੰ ਆਪਣੇ ਸੱਭਿਆਚਾਰ ਦੀ ਜਾਣਕਾਰੀ ਦੇ



ਨਾਲ-ਨਾਲ ਆਮ ਗਿਆਨ ਵਧਾਉਣ ਦਾ ਵੀ ਮੌਕਾ ਮਿਲਦਾ ਹੈ ਜੋ ਕਿ ਅੱਜ ਦੇ ਸਮੇਂ ਵਿੱਚ ਬਹੁਤ ਹੀ ਜ਼ਰੂਰੀ ਹੈ। ਵਿਸ਼ੇਸ਼ ਮਹਿਮਾਨ ਅਨੂਪ ਵਰਮਾ ਅਤੇ ਰਾਮ ਪ੍ਰਕਾਸ਼ ਪਰੂਥੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸ਼ਾਖਾ ਹਾਂਸੀ ਜੋ ਵਾਤਾਵਰਣ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ ਉਹ ਬੇਮਿਸਾਲ ਹੈ। ਪ੍ਰੋਗਰਾਮ ਦਾ ਸ਼ੁਭਾਰੰਭ ਦੀਪ ਜਗਾ ਕੇ ਕੀਤਾ ਗਿਆ ਅਤੇ ਸ਼ਾਖਾ ਪ੍ਰਧਾਨ ਦਯਾਨੰਦ ਮਹਿਤਾ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਕੌਣ ਬਣੇਗਾ ਕਰੋੜਪਤੀ ਦੀ ਤਰਜ਼ 'ਤੇ ਇਹ ਮੁਕਾਬਲਾ ਡਾਕਟਰ ਵੀਰੇਂਦਰ ਸਿੰਘ ਯਾਦਵ ਦੀ ਟੀਮ ਵੱਲੋਂ ਕਰਵਾਇਆ ਗਿਆ।

ਪ੍ਰੋਗਰਾਮ ਦੇ ਕਨਵੀਨਰ ਜਗਦੀਸ਼ ਧਮੀਜਾ ਨੇ ਦੱਸਿਆ ਕਿ ਮੁਕਾਬਲੇ ਵਿੱਚ 28 ਸਕੂਲਾਂ ਦੀਆਂ 54 ਟੀਮਾਂ ਨੇ ਭਾਗ ਲਿਆ ਅਤੇ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸੀਨੀਅਰ ਵਰਗ ਵਿੱਚ ਗਾਇਤਰੀ ਵਿਦਿਆ ਮੰਦਰ ਹਾਂਸੀ ਨੇ ਪਹਿਲਾ ਸਥਾਨ, ਸ਼ਹੀਦ ਭਗਤ ਸਿੰਘ ਹਾਈ ਸਕੂਲ ਹਾਂਸੀ ਨੇ ਦੂਜਾ ਅਤੇ ਸ਼੍ਰੀ ਕਾਲੀ ਦੇਵੀ ਵਿਦਿਆ ਮੰਦਰ ਹਾਂਸੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਜੂਨੀਅਰ ਵਰਗ ਵਿੱਚ ਗਾਇਤਰੀ ਵਿਦਿਆ ਮੰਦਰ ਹਾਂਸੀ ਨੇ ਪਹਿਲਾ ਸਥਾਨ, ਕਾਲੀ ਦੇਵੀ ਵਿਦਿਆ ਮੰਦਰ ਹਾਂਸੀ ਨੇ ਦੂਜਾ ਅਤੇ ਸੀ ਡੀ ਐਸ ਇੰਟਰਨੈਸ਼ਨਲ ਸਕੂਲ ਮੁੰਢਾਲ ਤੀਜਾ ਪ੍ਰਾਪਤ ਕੀਤਾ। ਇਸ ਮੌਕੇ 'ਤੇ ਹਰ ਸਕੂਲ ਤੋਂ ਇੱਕ ਸ੍ਰੇਸ਼ਟ ਅਧਿਆਪਕ ਅਤੇ ਇੱਕ ਸ੍ਰੇਸ਼ਟ ਵਿਦਿਆਰਥੀ ਨੂੰ ਵੀ ਸਨਮਾਨਿਤ ਕੀਤਾ ਗਿਆ। ਸ਼ਾਖਾ ਸਕੱਤਰ ਸ਼੍ਰੀਚੰਦ ਆਹੂਜਾ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਪ੍ਰਾਈਵੇਟ ਸਕੂਲ ਦੇ ਪ੍ਰਧਾਨ ਰਵਿੰਦਰ ਅਤਰੀ, ਮਨੋਜ ਆਹੂਜਾ, ਦਿਲਬਾਗ ਵਰਮਾ, ਨਰਿੰਦਰ ਵਰਮਾ, ਭਰਤ ਸਿੰਘ, ਪ੍ਰਮੋਦ ਧਮੀਜਾ, ਪ੍ਰਮੋਦ ਠਕਰਾਲ, ਰਾਮ ਅਵਤਾਰ ਸਿੰਘ, ਨਿਸ਼ਾ ਆਹੂਜਾ, ਰਾਜ ਸੈਣੀ, ਸੁਭਾਸ਼ ਗਰਗ, ਵਿਜੇਂਦਰ ਵਰਮਾ, ਸਤਵੀਰ ਕੌਸ਼ਿਕ, ਪ੍ਰਵੀਨ ਗਰਗ, ਦੀਪਕ ਮਿੱਤਲ, ਰਣਧੀਰ ਜਾਂਗੜਾ, ਰਾਹੁਲ ਖੁਰਾਨਾ, ਰਾਜ ਸੈਣੀ, ਚੰਦਰ ਅਰੋੜਾ ਆਦਿ ਹਾਜ਼ਰ ਸਨ।

# ਖੜਗੇ ਦਾ ਬਿਆਨ ਕਾਂਗਰਸ ਦੀ ਸਿਆਸੀ ਨਿਰਾਸ਼ਾ ਅਤੇ ਮਰਿਆਦਾਹੀਣ ਸੋਚ ਦਾ ਪ੍ਰਤੀਕ : ਖੰਨਾ

**ਪੈ.ਗਾਮ-ਏ-ਜਗਤ**
**ਹੁਸ਼ਿਆਰਪੁਰ (ਦਲਜੀਤ ਅਜਨੋਹਾ)**

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮੱਲਿਕਾਰਜੁਨ ਖੜਗੇ ਵੱਲੋਂ ਬਿਹਾਰ ਦੀ ਰਾਜਧਾਨੀ ਪਟਨਾ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲੈ ਕੇ ਦਿੱਤੇ ਗਏ ਵਿਵਾਦਿਤ ਬਿਆਨ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪ੍ਰਧਾਨ ਵਰਗੇ ਜ਼ਿੰਮੇਵਾਰ ਅਹੁਦੇ 'ਤੇ ਬੈਠੇ ਵਿਅਕਤੀ ਵੱਲੋਂ ਜਨਤਕ ਮੰਚ ਤੋਂ ਇਸ ਤਰ੍ਹਾਂ ਦੀ ਭਾਸ਼ਾ ਦੀ ਵਰਤੋਂ ਕਰਨਾ ਬਹੁਤ ਹੀ ਮੰਦਭਾਗਾ ਹੈ ਅਤੇ ਇਹ ਕਾਂਗਰਸ ਦੀ ਸਿਆਸੀ ਨਿਰਾਸ਼ਾ ਨੂੰ ਦਰਸਾਉਂਦਾ ਹੈ।

ਖੰਨਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਦੇ ਕਰੋੜਾਂ ਨਾਗਰਿਕਾਂ ਦੇ ਫ਼ਤਵੇ ਨਾਲ ਚੁਣੇ ਗਏ ਆਗੂ ਹਨ। ਉਨ੍ਹਾਂ ਪ੍ਰਤੀ ਸਿਆਸੀ ਵਿਰੋਧ ਰੱਖਣਾ ਵਿਰੋਧੀ ਧਿਰ ਦਾ ਲੋਕਤੰਤਰੀ ਹੱਕ ਹੈ, ਪਰ ਵਿਰੋਧ ਦੇ ਨਾਂ 'ਤੇ ਨਿੱਜੀ ਅਤੇ ਪਰਿਵਾਰਕ ਟਿੱਪਣੀਆਂ ਕਰਨਾ ਕਿਸੇ ਵੀ ਨਜ਼ਰੀਏ ਤੋਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸਿਆਸਤ ਵਿੱਚ ਵਿਚਾਰਾਂ, ਨੀਤੀਆਂ ਅਤੇ ਕੰਮਾਂ ਦੇ ਆਧਾਰ 'ਤੇ ਵਿਰੋਧ ਹੋਣਾ ਚਾਹੀਦਾ ਹੈ, ਨਾ ਕਿ ਪਰਿਵਾਰ ਨੂੰ ਨਿਸ਼ਾਨਾ ਬਣਾ ਕੇ।

- **ਕਿਹਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪਰਿਵਾਰ 'ਤੇ ਅਮਰਿਆਦਿਤ ਟਿੱਪਣੀ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਵਿਰੁੱਧ**



ਸਾਬਕਾ ਸੰਸਦ ਮੈਂਬਰ ਨੇ ਕਿਹਾ ਕਿ ਮੱਲਿਕਾਰਜੁਨ ਖੜਗੇ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਹਨ ਅਤੇ ਉਨ੍ਹਾਂ ਤੋਂ ਜਨਤਕ ਜੀਵਨ ਵਿੱਚ ਸ਼ਾਲੀਨਤਾ, ਸੰਜਮ ਅਤੇ ਜ਼ਿੰਮੇਵਾਰ ਵਿਵਹਾਰ ਦੀ ਉਮੀਦ ਕੀਤੀ ਜਾਂਦੀ ਹੈ। ਅਜਿਹੇ ਵਿੱਚ ਉਨ੍ਹਾਂ ਵੱਲੋਂ ਵਰਤੀ ਗਈ ਭਾਸ਼ਾ ਸਿਆਸੀ ਸੰਵਾਦ ਦੇ ਪੱਧਰ ਨੂੰ ਡੇਗਦੀ ਹੈ। ਦੇਸ਼ ਦੀ ਜਨਤਾ ਇਹ ਦੇਖ ਰਹੀ ਹੈ ਕਿ ਵਿਰੋਧੀ ਧਿਰ ਵਿਕਾਸ, ਲੋਕ ਭਲਾਈ ਅਤੇ ਰਾਸ਼ਟਰੀ ਮੁੱਦਿਆਂ 'ਤੇ ਸਾਰਥਕ ਚਰਚਾ ਕਰਨ ਦੀ ਬਜਾਏ ਨਿੱਜੀ ਟਿੱਪਣੀਆਂ ਨੂੰ ਸਿਆਸੀ ਹਥਿਆਰ ਬਣਾ ਰਹੀ ਹੈ। ਖੰਨਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਅਗਵਾਈ ਹੇਠ ਦੇਸ਼ ਨੂੰ ਵਿਕਾਸ, ਚੰਗੇ ਸ਼ਾਸਨ, ਰਾਸ਼ਟਰੀ ਸੁਰੱਖਿਆ ਅਤੇ ਵਿਸ਼ਵ ਪੱਧਰ 'ਤੇ ਭਾਰਤ ਦੀ ਪ੍ਰਤਿਸ਼ਠਾ ਵਧਾਉਣ ਦੀ ਦਿਸ਼ਾ ਵਿੱਚ ਅੱਗੇ ਲਿਜਾਣ ਦਾ ਕੰਮ ਕੀਤਾ ਹੈ। ਅਜਿਹੇ ਆਗੂ ਪ੍ਰਤੀ ਅਸਹਿਮਤੀ ਜ਼ਾਹਰ ਕਰਨ ਲਈ ਤੱਥ ਅਤੇ ਦਲੀਲਾਂ ਪੇਸ਼ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਨਿੱਜੀ ਕਟਾਖਸ਼ ਕਿਸੇ ਵੀ ਸਿਆਸੀ ਪਾਰਟੀ ਦੀ ਨੀਤੀਗਤ ਕਮਜ਼ੋਰੀ ਨੂੰ ਲੁਕਾ ਨਹੀਂ ਸਕਦੇ। ਉਨ੍ਹਾਂ ਨੇ ਕਾਂਗਰਸ ਲੀਡਰਸ਼ਿਪ ਤੋਂ ਮੰਗ ਕੀਤੀ ਕਿ ਉਹ ਇਸ ਤਰ੍ਹਾਂ ਦੀ ਭਾਸ਼ਾ 'ਤੇ ਆਪਣਾ ਰੁਖ ਸਪੱਸ਼ਟ ਕਰੇ ਅਤੇ ਸਿਆਸੀ ਮਰਿਆਦਾ ਬਣਾਈ ਰੱਖਣ ਲਈ ਜ਼ਰੂਰੀ ਕਦਮ ਚੁੱਕੇ। ਖੰਨਾ ਨੇ ਕਿਹਾ ਕਿ ਲੋਕਤੰਤਰ ਵਿੱਚ ਸ਼ਬਦਾਂ ਦੀ ਵੀ ਆਪਣੀ ਗਰਿਮਾ ਹੁੰਦੀ ਹੈ ਅਤੇ ਜਨਤਕ ਜੀਵਨ ਵਿੱਚ ਬੈਠੇ ਹਰ ਵਿਅਕਤੀ ਨੂੰ ਇਸ ਦਾ ਧਿਆਨ ਰੱਖਣਾ ਚਾਹੀਦਾ ਹੈ। ਖੰਨਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਦੇਸ਼ ਦੀ ਜਨਤਾ ਨਿੱਜੀ ਦੋਸ਼-ਪ੍ਰਤੀਦੋਸ਼ ਦੀ ਸਿਆਸਤ ਦੀ ਬਜਾਏ ਵਿਕਾਸ, ਚੰਗੇ ਸ਼ਾਸਨ ਅਤੇ ਰਾਸ਼ਟਰ ਹਿੱਤ ਨੂੰ ਪਹਿਲ ਦੇਵੇਗੀ। ਉਨ੍ਹਾਂ ਕਿਹਾ ਕਿ ਸਿਆਸੀ ਮਤਭੇਦ ਚਾਹੇ ਕਿੰਨੇ ਵੀ ਹੋਣ, ਦੇਸ਼ ਦੇ ਸਭ ਤੋਂ ਉੱਚੇ ਲੋਕਤੰਤਰੀ ਅਹੁਦਿਆਂ 'ਤੇ ਬੈਠੇ ਵਿਅਕਤੀਆਂ ਪ੍ਰਤੀ ਸੰਵਾਦ ਵਿੱਚ ਮਰਿਆਦਾ ਬਣਾਈ ਰੱਖਣਾ ਸਾਰੀਆਂ ਸਿਆਸੀ ਪਾਰਟੀਆਂ ਦੀ ਜ਼ਿੰਮੇਵਾਰੀ ਹੈ।

## ਰੈਲ ਮਾਜਰਾ 'ਚ ਸ਼ਰਧਾ ਨਾਲ ਮਨਾਇਆ ਭਗਵਾਨ ਸ੍ਰੀ ਵਾਲਮੀਕ ਜੀ ਦਾ ਪ੍ਰਕਾਸ਼ ਦਿਹਾੜਾ, ਗੁਰਪ੍ਰੀਤ ਗੁੱਜਰ ਨੇ ਮੰਦਰ ਲਈ ਭੇਟ ਕੀਤੇ 51 ਹਜ਼ਾਰ

**ਪੈ.ਗਾਮ-ਏ-ਜਗਤ**
**ਨਵਾਂਸ਼ਹਿਰ/ਕਾਠਗੜ੍ਹ, 27 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ)**

ਪਿੰਡ ਰੈਲ ਮਾਜਰਾ ਵਿੱਚ ਭਗਵਾਨ ਸ੍ਰੀ ਵਾਲਮੀਕਿ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਭਗਵਾਨ ਵਾਲਮੀਕਿ ਮੰਦਿਰ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਸ੍ਰੀ ਰਮਾਇਣ ਜੀ ਦੇ ਪਾਠਾਂ ਦਾ ਉਚਾਰਨ ਚੱਲ ਰਿਹਾ ਸੀ। ਸਵੇਰ ਸਮੇਂ ਪਾਠਾਂ ਦੇ ਭੋਗ ਪਾਉਣ ਉਪਰੰਤ ਹਵਨ ਯੱਗ ਕਰਵਾਇਆ ਗਿਆ। ਉਪਰੰਤ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਇਸ ਤੋਂ ਬਾਅਦ ਧਾਰਮਿਕ ਮੰਡਲੀਆਂ ਨੇ ਸੰਗਤ ਨੂੰ ਪ੍ਰਭੂ ਬਾਲਮੀਕਿ ਜੀ ਦੇ ਭਜਨਾਂ ਨਾਲ ਨਿਹਾਲ ਕੀਤਾ। ਸਾਰਾ ਦਿਨ ਪ੍ਰਭੂ ਦੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸੀਨੀਅਰ ਅਕਾਲੀ ਆਗੂ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ ਅਤੇ ਬਾਲਮੀਕਿ ਮੰਦਰ ਵਾਸਤੇ 51 ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਕਿਹਾ ਕਿ ਭਗਵਾਨ ਸ੍ਰੀ ਵਾਲਮੀਕਿ ਜੀ ਨੇ ਸਾਨੂੰ ਸੱਚ, ਮਨੁੱਖਤਾ, ਬਰਾਬਰੀ ਅਤੇ ਗਿਆਨ ਦੇ ਰਾਹ ਤੇ ਚੱਲਣ ਦਾ ਸੁਨੇਹਾ ਦਿੱਤਾ ਹੈ। ਉਨ੍ਹਾਂ ਦੀ ਬਾਣੀ ਅਤੇ ਜੀਵਨ ਸਾਨੂੰ ਹਮੇਸ਼ਾ ਚੰਗੇ ਕੰਮ ਕਰਨ ਅਤੇ ਸਮਾਜ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੰਦਾ ਹੈ। ਅੱਜ ਦੇ ਦਿਹਾੜੇ ਤੇ ਸਾਨੂੰ ਸਾਰਿਆਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲ ਕੇ ਭਾਈਚਾਰਕ ਸਾਂਝ ਅਤੇ ਆਪਸੀ ਪਿਆਰ ਨੂੰ ਹੋਰ ਮਜ਼ਬੂਤ ਕਰਾਂਗੇ। ਉਨ੍ਹਾਂ ਕਿਹਾ ਕਿ ਮੰਦਰ ਸਾਡੀ ਆਸਥਾ ਦਾ ਕੇਂਦਰ ਹੈ ਅਤੇ ਇਸ ਦੀ ਸੇਵਾ-ਸੰਭਾਲ ਸਾਡਾ ਸਾਰਿਆਂ ਦਾ ਫਰਜ਼ ਹੈ। ਮੰਦਰ ਦੇ ਵਿਕਾਸ ਅਤੇ ਸੰਗਤ ਦੀ ਸਹੂਲਤ ਲਈ ਉਹ ਹਮੇਸ਼ਾ ਅੱਗੇ ਰਹਿਣਗੇ। ਉਨ੍ਹਾਂ ਸਮੂਹ ਸੰਗਤ ਨੂੰ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਸਭ ਤੇ ਆਪਣੀ ਮੇਹਰ ਭਰਿਆ ਹੱਥ ਬਣਾਈ ਰੱਖਣ।

## ਨਸ਼ਿਆਂ ਨੂੰ ਹਰਾਉਣ ਲਈ ਮੈਦਾਨ 'ਚ ਉੱਤਰੇਗਾ ਨੌਜਵਾਨ, ਕਸਾਨਾਂ ਸਪੋਰਟਸ ਕਲੱਬ ਵੱਲੋਂ 29 ਅਕਤੂਬਰ ਨੂੰ ਵਾਲੀਬਾਲ ਟੂਰਨਾਮੈਂਟ ਅੰਡਰ-19 ਦਾ ਹੋਵੇਗਾ ਧਮਾਕੇਦਾਰ ਮੁਕਾਬਲਾ

*ਪੈ.ਗਾਮ-ਏ-ਜਗਤ*
*ਬਲਾਚੌਰ , 27 ਅਕਤੂਬਰ (ਜਤਿੰਦਰ ਪਾਲ ਸਿੰਘ ਕਲੇਰ)*

*ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਮਾਸਟਰ ਜੇ.ਪੀ. ਕਸਾਨਾਂ ਸਪੋਰਟਸ ਕਲੱਬ ਵੱਲੋਂ ਵਾਲੀਬਾਲ ਟੂਰਨਾਮੈਂਟ ਅੰਡਰ-19 ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉੱਘੇ ਸਮਾਜਸੇਵੀ ਡਾਕਟਰ ਵਾਸਦੇਵ ਬਾਂਠ ਨੇ ਦੱਸਿਆ ਕਿ ਇਹ ਟੂਰਨਾਮੈਂਟ 29 ਅਕਤੂਬਰ 2026 ਦਿਨ ਵੀਰਵਾਰ ਨੂੰ ਕਰਵਾਇਆ ਜਾਵੇਗਾ।*

*ਉਨ੍ਹਾਂ ਦੱਸਿਆ ਕਿ ਇਹ ਟੂਰਨਾਮੈਂਟ ਸਵ: ਮਾ. ਜੇ.ਪੀ. ਕਸਾਨਾਂ ਅਤੇ ਸਵ: ਸ਼ਾਮ ਲਾਲ ਪੀ.ਪੀ. ਦੀ ਯਾਦ ਨੂੰ ਸਮਰਪਿਤ ਹੋਵੇਗਾ। ਇਹ ਟੂਰਨਾਮੈਂਟ ਰੱਤੇਵਾਲ (ਬਸਤੀ ਕਸਾਨਾਂ ) ਵਿਖੇ ਕਰਵਾਇਆ ਜਾਵੇ ਗਾ ਇਸ ਵਿੱਚ ਟੂਰਨਾਮੈਂਟ ਵਿੱਚ ਪਹਿਲਾ ਇਨਾਮ 5100 ਰੁਪਏ ਅਤੇ ਦੂਜਾ ਇਨਾਮ 4100 ਰੁਪਏ ਰੱਖਿਆ ਗਿਆ ਹੈ। ਇਸ ਟੂਰਨਾਮੈਂਟ ਵਿੱਚ ਇਲਾਕੇ ਦੀਆਂ ਨਾਮੀ ਟੀਮਾਂ ਭਾਗ ਲੈਣਗੀਆਂ ਅਤੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਸੁਨਹਿਰੀ ਮੌਕਾ ਮਿਲੇਗਾ।*

*ਡਾਕਟਰ ਵਾਸਦੇਵ ਬਾਂਠ ਨੇ ਕਿਹਾ ਕਿ ਅੱਜ ਨਸ਼ਿਆਂ ਨੇ ਨੌਜਵਾਨ ਪੀੜ੍ਹੀ ਨੂੰ ਬੁਰੀ ਤਰ੍ਹਾਂ ਜਕੜਿਆ ਹੋਇਆ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਖੇਡਾਂ ਸਭ ਤੋਂ ਵਧੀਆ ਸਾਧਨ ਹਨ। ਖੇਡਾਂ ਨਾਲ ਜੁੜਿਆ ਨੌਜਵਾਨ ਨਾ ਸਿਰਫ਼ ਸਰੀਰਕ ਤੌਰ ਤੇ ਤੰਦਰੁਸਤ ਰਹਿੰਦਾ ਹੈ, ਸਗੋਂ ਮਾਨਸਿਕ ਤੌਰ ਤੇ ਵੀ ਮਜ਼ਬੂਤ ਹੁੰਦਾ ਹੈ ਅਤੇ ਗਲਤ ਰਸਤੇ ਤੋਂ ਦੂਰ ਰਹਿੰਦਾ ਹੈ। ਇਸੇ ਮਕਸਦ ਨਾਲ ਕਲੱਬ ਵੱਲੋਂ ਹਰ ਸਾਲ ਅਜਿਹੇ ਟੂਰਨਾਮੈਂਟ ਕਰਵਾਏ ਜਾਂਦੇ ਹਨ।*

*ਉਨ੍ਹਾਂ ਇਲਾਕਾ ਨਿਵਾਸੀਆਂ, ਖੇਡ ਪ੍ਰੇਮੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਅਤੇ ਨਸ਼ਾ ਮੁਕਤ ਸਮਾਜ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।*